PAIGAM-E-JAGAT
ਪੈਗ਼ਾਮ-ਏ-ਜਗਤ
Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 26 ਸਤੰਬਰ 2026, ਸਾਲ-4, ਅੰਕ-8, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਕੋਈ ਵੀ ਕੰਮ ਸ਼ੁਰੂ ਕਰਨ ਤੋਂ ਪਹਿਲਾਂ, ਆਪਣੇ ਆਪ ਤੋਂ ਤਿੰਨ ਸਵਾਲ ਪੁੱਛੋ: ਮੈਂ ਇਹ ਕਿਉਂ ਕਰ ਰਿਹਾ ਹਾਂ, ਇਸਦੇ ਨਤੀਜੇ ਕੀ ਹੋ ਸਕਦੇ ਹਨ, ਅਤੇ ਕੀ ਮੈਂ ਸਫਲ ਹੋਵਾਂਗਾ।
-ਚਾਣਕਿਆ

ਏਸ਼ੀਅਨ ਖੇਡਾਂ-ਭਾਰਤ ਨੂੰ ਨਿਸ਼ਾਨੇਬਾਜ਼ੀ ਵਿੱਚ ਸੋਨ ਤਗਮਾ

ਨਾਗੋਆ, 25 ਸਤੰਬਰ (ਪੈ.ਗਾਮ-ਏ-ਜਗਤ)

ਨਾਗੋਆ ਵਿਚ ਚੱਲ ਰਹੀਆਂ ਏਸ਼ੀਅਨ ਖੇਡਾਂ ਵਿੱਚ ਭਾਰਤ ਲਈ ਮਿਲੇ-ਜੁਲੇ ਨਤੀਜੇ ਸਾਹਮਣੇ ਆਏ। ਸੁਰੂਚੀ ਸਿੰਘ ਅਤੇ ਕਮਲਜੀਤ ਨੇ ਸ਼ੂਟਿੰਗ ਵਿੱਚ ਸੋਨ ਤਗਮਾ ਜਿੱਤ ਕੇ ਲੰਬੇ ਸਮੇਂ ਦਾ ਇੰਤਜ਼ਾਰ ਖਤਮ ਕੀਤਾ, ਜਦਕਿ ਲੰਬੀ ਦੌੜ ਦੇ ਦੌੜਾਕ ਗੁਲਵੀਰ ਸਿੰਘ ਨੇ 10,000 ਮੀਟਰ ਦੌੜ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਹਾਲਾਂਕਿ, ਬੈਡਮਿੰਟਨ ਦੇ ਪੁਰਸ਼ ਡਬਲਜ਼ ਮੁਕਾਬਲੇ ਵਿੱਚ ਸਤਵਿਕ ਸਾਈਰਾਜ ਰੰਕੀਰੈਡੀ ਅਤੇ ਚਿਰਾਗ ਸ਼ੈੱਟੀ ਦੀ ਪਹਿਲੇ ਹੀ ਦੌਰ ਵਿੱਚ ਹਾਰ ਨੇ ਭਾਰਤ ਨੂੰ ਵੱਡਾ ਝਟਕਾ ਦਿੱਤਾ ਹੈ।

- ਗੁਲਵੀਰ ਨੂੰ ਚਾਂਦੀ; ਸਾਤਵਿਕ-ਚਿਰਾਗ ਦੀ ਹਾਰ ਤੋਂ ਭਾਰਤ ਨੂੰ ਵੱਡਾ ਝਟਕਾ

ਸੁਰੂਚੀ ਅਤੇ ਕਮਲਜੀਤ ਨੇ ਸ਼ੂਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 484.6 ਅੰਕਾਂ ਦਾ ਸਕੋਰ ਬਣਾਇਆ, ਜੋ ਕਿ ਖੇਡਾਂ ਅਤੇ ਏਸ਼ੀਆਈ ਰਿਕਾਰਡ ਹੈ। ਇਸ ਜਿੱਤ ਨਾਲ ਭਾਰਤੀ ਸ਼ੂਟਿੰਗ ਟੀਮ ਦਾ ਮਨੋਬਲ ਕਾਫੀ ਉੱਚਾ ਹੋਇਆ ਹੈ। ਇਸ ਤੋਂ ਇਲਾਵਾ ਪੁਰਸ਼ਾਂ ਦੀ 50




ਮੀਟਰ ਰਾਈਫਲ 3-ਪੁਜ਼ੀਸ਼ਨ ਟੀਮ—ਐਸ਼ਵਰਿਆ ਪ੍ਰਤਾਪ ਸਿੰਘ, ਰੁਦਰਾਂਕਸ਼ ਪਾਟਿਲ ਅਤੇ ਨੀਰਜ ਕੁਮਾਰ ਨੇ ਵੀ 1762 ਅੰਕਾਂ ਨਾਲ ਚਾਂਦੀ ਦਾ ਤਗਮਾ ਆਪਣੇ ਨਾਂ ਕੀਤਾ। ਚੀਨ ਦੀ ਟੀਮ ਨੇ 1766 ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ।

ਟਰੈਕ ਅਤੇ ਫੀਲਡ ਵਿੱਚ ਗੁਲਵੀਰ ਸਿੰਘ ਨੇ 2023 ਦੇ ਹਾਂਗਜ਼ੂ ਐਡੀਸ਼ਨ ਦੇ ਕਾਂਸੀ ਦੇ ਤਗਮੇ ਨੂੰ ਸੁਧਾਰਦਿਆਂ 28:29.38 ਸਕਿੰਟਾਂ ਵਿੱਚ ਦੌੜ ਪੂਰੀ ਕਰਕੇ ਚਾਂਦੀ ਦਾ ਤਗਮਾ ਜਿੱਤਿਆ। ਸ਼ਾਟ-ਪੁੱਟਰ ਮਨਪ੍ਰੀਤ ਕੌਰ ਨੇ 17.17 ਮੀਟਰ ਦੇ ਪ੍ਰਦਰਸ਼ਨ ਨਾਲ ਕਾਂਸੀ ਦਾ ਤਗਮਾ ਜਿੱਤਿਆ, ਜੋ ਕਿ 2023 ਤੋਂ ਬਾਅਦ ਉਨ੍ਹਾਂ ਦਾ ਪਹਿਲਾ ਵੱਡਾ ਅੰਤਰਰਾਸ਼ਟਰੀ ਤਗਮਾ ਹੈ। (ਬਾਕੀ ਸਫ਼ਾ 2 'ਤੇ)

ਸ਼ਾਟਪੁੱਟ ਖਿਡਾਰਨ ਮਨਪ੍ਰੀਤ ਕੌਰ ਨੇ ਜਿੱਤਿਆ ਕਾਂਸੀ ਦਾ ਤਗਮਾ

ਭਾਰਤ ਦੀ ਮਨਪ੍ਰੀਤ ਕੌਰ ਨੇ ਏਸ਼ਿਆਈ ਖੇਡਾਂ ਵਿੱਚ ਮਹਿਲਾ ਸ਼ਾਟਪੁੱਟ ਮੁਕਾਬਲੇ ਦੌਰਾਨ 17.17 ਮੀਟਰ ਦੇ ਯਤਨ ਨਾਲ ਕਾਂਸੀ ਦਾ ਤਗਮਾ ਜਿੱਤਿਆ। ਉੱਥੇ ਹੀ ਸੋਨ ਤਗਮਾ ਚੀਨ ਦੀ ਸੌਂਗ ਜਿਆਯੂਆਨ (19.40 ਮੀਟਰ) ਅਤੇ ਚਾਂਦੀ ਦਾ ਤਗਮਾ ਝਾਂਗ ਲਿਨਰੂ (18.14 ਮੀਟਰ) ਨੇ ਆਪਣੇ ਨਾਮ ਕੀਤਾ। 36 ਸਾਲਾ ਇਸ ਖਿਡਾਰਨ ਦਾ ਪਿਛਲਾ ਸਰਵੋਤਮ ਪ੍ਰਦਰਸ਼ਨ ਵੀ 2023 ਏਸ਼ਿਆਈ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਗਮਾ ਹੀ ਸੀ। ਜਦਕਿ ਪਿਛਲੇ ਮਹੀਨੇ ਗਲਾਸਗੋ ਵਿੱਚ ਰਾਸ਼ਟਰਮੰਡਲ ਖੇਡਾਂ ਦੌਰਾਨ 17.49 ਮੀਟਰ ਦੇ ਯਤਨ ਨਾਲ ਉਹ ਚੌਥੇ ਸਥਾਨ 'ਤੇ ਰਹੀ ਸੀ। ਭਾਰਤ ਸ਼ੁੱਕਰਵਾਰ ਏਸ਼ਿਆਈ ਖੇਡਾਂ ਦੇ ਘੋੜਸਵਾਰੀ ਦੇ ਡਰੈਸਾਜ ਟੀਮ ਮੁਕਾਬਲੇ ਵਿੱਚ 201.971 ਅੰਕਾਂ ਦੇ ਕੁੱਲ ਸਕੋਰ ਨਾਲ ਚੌਥੇ ਸਥਾਨ 'ਤੇ ਰਹਿ ਕੇ ਤਗਮਾ ਜਿੱਤਣ ਤੋਂ ਖੁੰਝ ਗਿਆ। ਚੀਨ ਨੇ 208.148 ਅੰਕਾਂ ਨਾਲ ਸੋਨ ਤਗਮਾ ਜਿੱਤਿਆ। ਉਸ ਤੋਂ ਬਾਅਦ ਦੱਖਣੀ ਕੋਰੀਆ ਨੇ

- ਘੋੜਸਵਾਰੀ ਦੇ ਡਰੈਸਾਜ ਟੀਮ ਮੁਕਾਬਲੇ ਵਿੱਚ ਭਾਰਤ ਚੌਥੇ ਸਥਾਨ 'ਤੇ



205.265 ਅੰਕਾਂ ਨਾਲ ਚਾਂਦੀ ਅਤੇ ਜਾਪਾਨ ਨੇ 204.117 ਅੰਕਾਂ ਨਾਲ ਕਾਂਸੀ ਦਾ ਤਗਮਾ ਜਿੱਤਿਆ। ਭਾਰਤ ਕਾਂਸੀ ਤਗਮਾ ਜੇਤੂ (ਬਾਕੀ ਸਫ਼ਾ 2 'ਤੇ)

ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਨੂੰ ਲੈ ਚੰਡੀਗੜ੍ਹ 'ਚ ਪੰਜਾਬ ਕਾਂਗਰਸ ਦਾ ਪ੍ਰਦਰਸ਼ਨ

- ਬੈਰੀਕੇਡਾਂ 'ਤੇ ਰੋਕਿਆ ਗਿਆ; ਹਿਰਾਸਤ ਤੋਂ ਬਚਣ ਲਈ ਵੜਿੰਗ ਬੱਸ ਦੀ ਛੱਤ 'ਤੇ ਚੜ੍ਹੇ; ਪੁਲਿਸ ਨੇ ਵਾਟਰ ਕੈਨਨ ਦੀ ਵਰਤੋਂ ਕੀਤੀ



ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਕਾਂਗਰਸ ਨੇ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕੀਤਾ। ਪਾਰਟੀ ਵਰਕਰਾਂ ਨੇ ਸੈਕਟਰ 17 ਸਥਿਤ ਆਰਬੀਆਈ ਦਫ਼ਤਰ ਤੋਂ ਚੋਣ ਕਮਿਸ਼ਨ ਦੇ ਦਫ਼ਤਰ ਤੱਕ ਮਾਰਚ ਕਰਨ ਦੀ ਕੋਸ਼ਿਸ਼ ਕੀਤੀ।

ਹਾਲਾਂਕਿ, ਪੁਲਿਸ ਨੇ ਬੈਰੀਕੇਡ ਲਗਾ ਕੇ ਕਾਂਗਰਸੀ ਵਰਕਰਾਂ ਨੂੰ ਰਸਤੇ ਵਿੱਚ ਹੀ ਰੋਕ ਦਿੱਤਾ। ਵਰਕਰਾਂ ਅਤੇ ਪੁਲਿਸ ਮੁਲਾਜ਼ਮਾਂ ਵਿਚਕਾਰ ਝੜਪ ਵੀ ਹੋਈ। ਜਦੋਂ ਕਾਂਗਰਸੀ ਵਰਕਰ ਅੱਗੇ ਵਧਣ 'ਤੇ ਅੜੇ ਰਹੇ, ਤਾਂ ਪੁਲਿਸ ਨੇ ਉਨ੍ਹਾਂ 'ਤੇ ਵਾਟਰ ਕੈਨਨ ਦੀ ਵਰਤੋਂ ਕੀਤੀ। ਵਰਕਰ ਚੋਣ ਕਮਿਸ਼ਨ ਦੇ ਦਫ਼ਤਰ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਸਨ। ਇਸ ਪ੍ਰਦਰਸ਼ਨ ਦੀ ਅਗਵਾਈ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੇ ਕੀਤੀ। ਜਦੋਂ ਪੁਲਿਸ ਨੇ ਉਨ੍ਹਾਂ ਨੂੰ ਹਿਰਾਸਤ ਵਿੱਚ ਲੈਣ ਦੀ ਕੋਸ਼ਿਸ਼ ਕੀਤੀ, ਤਾਂ ਵੜਿੰਗ ਇੱਕ ਬੱਸ ਦੀ ਛੱਤ 'ਤੇ ਚੜ੍ਹ ਗਏ। ਖਾਸ ਗੱਲ ਇਹ ਹੈ ਕਿ ਸਚਿਨ ਪਾਇਲਟ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਨਹੀਂ ਹੋਏ ਅਤੇ ਚੰਨੀ ਵੀ ਗੈਰ-ਹਾਜ਼ਰ ਸਨ। (ਬਾਕੀ ਸਫ਼ਾ 2 'ਤੇ)

ਸ਼ਿਮਲਾ 'ਚ ਕਾਂਗਰਸ ਵੱਲੋਂ ਚੋਣ ਕਮਿਸ਼ਨ ਗਿਆਨੇਸ਼ ਕੁਮਾਰ ਖ਼ਿਲਾਫ਼ ਪ੍ਰਦਰਸ਼ਨ; ਗ੍ਰਿਫ਼ਤਾਰੀ ਦੀ ਮੰਗ



ਸ਼ਿਮਲਾ, 25 ਸਤੰਬਰ (ਪੈ.ਗਾਮ-ਏ-ਜਗਤ)

ਹਿਮਾਚਲ ਪ੍ਰਦੇਸ਼ ਕਾਂਗਰਸ ਨੇ ਅੱਜ ਇੱਥੇ ਚੋਣ ਵਿਭਾਗ ਦੇ ਦਫ਼ਤਰ ਬਾਹਰ ਭਾਰਤੀ ਚੋਣ ਕਮਿਸ਼ਨ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪਾਰਟੀ ਆਗੂਆਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਅਤੇ ਉਨ੍ਹਾਂ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ। ਕਾਂਗਰਸੀ ਆਗੂਆਂ ਨੇ ਭਾਜਪਾ ਅਤੇ ਮੁੱਖ ਚੋਣ ਕਮਿਸ਼ਨਰ 'ਤੇ ਆਪਸੀ ਮਿਲੀਭੁਗਤ ਦੇ ਦੋਸ਼ ਲਗਾਉਂਦੇ ਹੋਏ ਚੋਣ ਦਫ਼ਤਰ ਬਾਹਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗਿਆਨੇਸ਼ ਕੁਮਾਰ ਦੇ ਪੁਤਲੇ ਫੂਕੇ। ਹਿਮਾਚਲ ਪ੍ਰਦੇਸ਼ ਲਈ ਅਖਿਲ ਭਾਰਤੀ ਕਾਂਗਰਸ ਕਮੇਟੀ ਦੀ ਇੰਚਾਰਜ ਰਜਨੀ ਪਾਟਿਲ ਨੇ ਆਖਿਆ, "ਗਿਆਨੇਸ਼ ਕੁਮਾਰ ਭਾਰਤ ਦੇ ਲੋਕਤੰਤਰ ਨੂੰ ਤਬਾਹ ਕਰ ਰਹੇ ਹਨ ਅਤੇ ਭਾਜਪਾ ਲਈ ਚੋਣਾਂ ਦੀ ਚੋਰੀ ਕਰ ਰਹੇ ਹਨ। ਮੈਂ ਤਾਂ ਉਨ੍ਹਾਂ ਨੂੰ ਦੇਸ਼ਧ੍ਰੋਹੀ ਤੱਕ ਕਹਾਂਗੀ। ਇਸ ਪ੍ਰਦਰਸ਼ਨ ਦੀ ਅਗਵਾਈ ਏ.ਆਈ.ਸੀ.ਸੀ. ਇੰਚਾਰਜ ਰਜਨੀ ਪਾਟਿਲ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਵਿਨੈ ਕੁਮਾਰ, ਡਿਪਟੀ ਮੁੱਖ ਮੰਤਰੀ (ਬਾਕੀ ਸਫ਼ਾ 2 'ਤੇ)

ਚਾਰਾਂ ਸਾਲਾਂ 'ਚ ਮੈਂ ਭਾਜਪਾ 'ਚ ਕੁਝ ਨਹੀਂ ਖੱਟਿਆ : ਕੈਪਟਨ ਅਮਰਿੰਦਰ

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਹੈ ਕਿ ਭਾਜਪਾ ਨਾਲ ਚਾਰ ਸਾਲਾਂ ਵਿਚ ਉਨ੍ਹਾਂ ਨੇ ਅਸਲ 'ਚ ਕੁਝ ਵੀ ਨਹੀਂ ਖੱਟਿਆ। ਦੱਸ ਦਈਏ ਕਿ ਕੈਪਟਨ ਅਮਰਿੰਦਰ ਸਿੰਘ ਨੇ 2022 ਦੀਆਂ ਚੋਣਾਂ ਤੋਂ ਪਹਿਲਾਂ ਕਾਂਗਰਸ ਛੱਡ ਕੇ ਆਪਣੀ ਪਾਰਟੀ ਬਣਾਈ ਸੀ ਤੇ ਫ਼?ਰ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋ ਗਏ ਸਨ।

ਹੁਣ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਹੈ ਕਿ ਭਾਜਪਾ ਵੱਲੋਂ ਉਨ੍ਹਾਂ ਨਾਲ ਕੋਈ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ। ਉੱਥੇ ਹੀ ਉਨ੍ਹਾਂ ਨੇ ਕਾਂਗਰਸ ਵਿਚ ਵਾਪਸ ਜਾਣ ਦੀਆਂ ਸੰਭਾਵਨਾਵਾਂ ਤੋਂ ਵੀ ਇਨਕਾਰ ਕੀਤਾ



ਹੈ। ਇਕ ਨਿੱਜੀ ਚੈਨਲ ਨੂੰ ਦਿੱਤੇ ਇੰਟਰਵਿਊ ਦੌਰਾਨ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਜੇ ਤੁਸੀਂ ਕਿਸੇ ਪਾਰਟੀ ਵਿਚ ਸ਼ਾਮਲ ਹੁੰਦੇ ਹੋ, ਤਾਂ ਤੁਸੀਂ ਉਮੀਦ ਕਰਦੇ ਹੋ ਕਿ ਤੁਹਾਡੇ ਨਾਲ ਸਲਾਹ-ਮਸ਼ਵਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪੰਜਾਬ ਨੂੰ (ਬਾਕੀ ਸਫ਼ਾ 2 'ਤੇ)

ਪੰਜਾਬ ਇੱਕ ਪ੍ਰਮੁੱਖ ਉਦਯੋਗਿਕ ਕੇਂਦਰ ਵਜੋਂ ਉੱਭਰਿਆ : ਮੁੱਖ ਮੰਤਰੀ ਮਾਨ

- 4 ਸਾਲਾਂ ਵਿੱਚ 1.89 ਲੱਖ ਕਰੋੜ ਦਾ ਨਿਵੇਸ਼ ਆਕਰਸ਼ਿਤ; 6.31 ਲੱਖ ਨੌਜਵਾਨਾਂ ਨੂੰ ਮਿਲੇਗਾ ਰੁਜ਼ਗਾਰ

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਨੀਤੀਆਂ ਸਦਕਾ, ਸੂਬਾ ਇੱਕ ਪ੍ਰਮੁੱਖ ਉਦਯੋਗਿਕ ਕੇਂਦਰ ਅਤੇ ਨਿਵੇਸ਼ਕਾਂ ਲਈ ਪਹਿਲੀ ਪਸੰਦ ਵਜੋਂ ਉੱਭਰ ਰਿਹਾ ਹੈ। ਪਿਛਲੇ ਚਾਰ ਸਾਲਾਂ ਦੌਰਾਨ, ਸਰਕਾਰ ਨੇ ਕੁੱਲ



1.89 ਲੱਖ ਕਰੋੜ ਦਾ ਭਾਰੀ ਨਿਵੇਸ਼ ਆਕਰਸ਼ਿਤ ਕੀਤਾ ਹੈ, ਜਿਸ ਨਾਲ 6.31 ਲੱਖ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਉਦਯੋਗ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ, ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਇਤਿਹਾਸਕ ਨਿਵੇਸ਼ ਪੰਜਾਬ ਦੇ ਉਦਯੋਗਿਕ ਢਾਂਚੇ ਵਿੱਚ ਘਰੇਲੂ ਅਤੇ (ਬਾਕੀ ਸਫ਼ਾ 2 'ਤੇ)

ਮੋਹਾਲੀ ਅਤੇ ਲੁਧਿਆਣਾ ਮੋਹਰੀ

ਕਾਮਨ ਐਪਲੀਕੇਸ਼ਨ ਫਾਰਮ' ਰਾਹੀਂ ਪ੍ਰਾਪਤ ਹੋਏ ਨਵੇਂ ਨਿਵੇਸ਼ ਪ੍ਰਸਤਾਵਾਂ ਵਿੱਚੋਂ, ਮੋਹਾਲੀ 9,478 ਕਰੋੜ ਦੇ ਨਿਵੇਸ਼ ਨਾਲ ਪਹਿਲੇ ਸਥਾਨ 'ਤੇ ਹੈ, ਜਦਕਿ ਲੁਧਿਆਣਾ 4,968 ਕਰੋੜ ਨਾਲ ਦੂਜੇ ਸਥਾਨ 'ਤੇ ਹੈ। ਇਸ ਤੋਂ ਇਲਾਵਾ, ਪਟਿਆਲਾ ਲਈ 2,590 ਕਰੋੜ ਅਤੇ ਹੁਸ਼ਿਆਰਪੁਰ ਲਈ 2,003 ਕਰੋੜ ਦੇ ਪ੍ਰਸਤਾਵ ਪ੍ਰਾਪਤ ਹੋਏ ਹਨ। ਫਤਿਹਗੜ੍ਹ ਸਾਹਿਬ, ਬਠਿੰਡਾ, ਕਪੂਰਥਲਾ ਅਤੇ ਜਲੰਧਰ ਵਰਗੇ ਹੋਰ ਜ਼ਿਲ੍ਹੇ ਵੀ ਇਸ ਵਿਕਾਸ ਯਾਤਰਾ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।

ਵੋਟ ਬੈਂਕ ਦੀ ਸਿਆਸਤ ਛੱਡ ਕੇ ਸਮਾਜ ਸੁਧਾਰ 'ਤੇ ਧਿਆਨ ਦੇਣ ਭਾਜਪਾ ਵਰਕਰ: ਪ੍ਰਧਾਨ ਮੰਤਰੀ ਮੋਦੀ

- ਮਹਾਤਮਾ ਗਾਂਧੀ ਦੇ ਨਕਸ਼ੇ-ਕਦਮ 'ਤੇ ਚੱਲ ਕੇ ਸਮਾਜਿਕ ਕੁਰੀਤੀਆਂ ਖ਼ਿਲਾਫ਼ ਲੜਨ ਦਾ ਦਿੱਤਾ ਸੱਦਾ

ਨਵੀਂ ਦਿੱਲੀ, 25 ਸਤੰਬਰ (ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਨੂੰ ਵੋਟ ਬੈਂਕ ਦੀ ਸਿਆਸਤ ਦੀ ਬਜਾਏ ਸਮਾਜਿਕ ਸੁਧਾਰਾਂ ਅਤੇ ਹਾਂਪੱਖੀ ਬਦਲਾਅ 'ਤੇ ਧਿਆਨ ਕੇਂਦਰਿਤ ਕਰਨ ਦਾ ਸੱਦਾ ਦਿੱਤਾ ਹੈ। ਵਾਰਾਣਸੀ ਤੋਂ ਵਡਨਗਰ ਤੱਕ ਚੱਲ ਰਹੀ ਮੋਟਰਸਾਈਕਲ ਰੈਲੀ 'ਸੇਵਾ ਯਾਤਰਾ' ਦੇ ਭਾਗੀਦਾਰਾਂ ਨਾਲ



ਵਰਚੁਅਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ ਦੌਰਾਨ ਦੇਸ਼ ਵਿੱਚ ਸ਼ਹਿਰਾਂ ਅਤੇ ਪਿੰਡਾਂ ਵਿਚਾਲੇ ਪਾੜਾ ਕਾਫ਼ੀ ਘਟਿਆ ਹੈ। ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਆਇਆ ਹੈ ਅਤੇ ਔਰਤਾਂ ਦੀ ਆਤਮ-ਨਿਰਭਰਤਾ ਵੀ ਵਧੀ ਹੈ।

ਮਹਾਤਮਾ ਗਾਂਧੀ ਦੇ ਜੀਵਨ ਦਾ ਹਵਾਲਾ ਦਿੰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਆਜ਼ਾਦੀ ਸੰਗਰਾਮ ਦੇ ਨਾਲ-ਨਾਲ ਸਮਾਜਿਕ ਬੁਰਾਈਆਂ ਖ਼ਿਲਾਫ਼ ਵੀ ਡਟ ਕੇ ਕੰਮ ਕੀਤਾ। ਇਸੇ ਤਰ੍ਹਾਂ ਸਿਆਸੀ ਵਰਕਰਾਂ ਨੂੰ ਵੀ ਸਮਾਜ ਸੁਧਾਰ ਲਈ ਨਿਰੰਤਰ ਯਤਨ ਕਰਨੇ ਚਾਹੀਦੇ ਹਨ।

ਉਨ੍ਹਾਂ ਪ੍ਰਯਾਗਰਾਜ ਵਿੱਚ ਕੁੰਭ ਮੇਲੇ ਦੌਰਾਨ ਸਫ਼ਾਈ ਵਿਵਸਥਾ ਸੰਭਾਲਣ ਵਾਲੇ ਸਫ਼ਾਈ ਸੇਵਕਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦਾ ਆਸ਼ੀਰਵਾਦ ਲੈਣ ਲਈ ਹੀ ਉਹ ਇਨ੍ਹਾਂ ਸੇਵਕਾਂ ਦੇ ਚਰਨ ਧੋਣ ਲਈ ਪ੍ਰੇਰਿਤ ਹੋਏ ਸਨ। ਆਪਣੀਆਂ ਪੁਰਾਣੀਆਂ ਯਾਦਾਂ ਸਾਂਝੀਆਂ ਕਰਦਿਆਂ ਪ੍ਰਧਾਨ ਮੰਤਰੀ ਨੇ ਦੱਸਿਆ ਕਿ ਅਜਿਹੀਆਂ (ਬਾਕੀ ਸਫ਼ਾ 2 'ਤੇ)

ਚੰਡੀਗੜ੍ਹ 'ਚ ਹੈੱਡ ਕਾਂਸਟੇਬਲ ਦਾ ਗੋਲੀ ਮਾਰ ਕੇ ਕਤਲ, ਬੈੱਡ ਤੋਂ ਮਿਲੀ ਲਾਸ਼

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਚੰਡੀਗੜ੍ਹ ਦੇ ਸੈਕਟਰ-22 ਵਿਚ ਹੈੱਡ ਕਾਂਸਟੇਬਲ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਗੋਲ?ੀ ਚੱਲਣ ਦੀ ਆਵਾਜ਼ ਸੁਣ ਕੇ ਗੁਆਂਢੀਆਂ ਨੇ ਪੁਲਸ ਕੰਟਰੋਲ ਰੂਮ ਨੂੰ ਸੂਚਨਾ ਦਿੱਤੀ । ਪੁਲਸ ਮੌਕੇ 'ਤੇ ਪਹੁੰਚੀ ਤਾਂ ਹੈੱਡ ਕਾਂਸਟੇਬਲ ਨਿਤਿਨ ਜ਼ਖ਼ਮੀ ਹਾਲਤ ਵਿਚ ਬੈੱਡ 'ਤੇ ਮਿਲੇ। ਨਿਤਿਨ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਮੌਕੇ ਤੋਂ ਦੇਸੀ ਕੱਟਾ ਬਰਾਮਦ ਕੀਤਾ ਹੈ। ਸ਼ੁਰੂਆਤੀ ਜਾਂਚ ਵਿਚ ਨਿਤਿਨ ਦੇ ਨਾਬਾਲਗ ਬੇਟੇ ਨੇ ਕਿਸੇ ਵਿਅਕਤੀ 'ਤੇ ਗੋਲੀ ਮਾਰਨ ਦਾ ਦੋਸ਼ ਲਗਾਇਆ ਪਰ ਪੁਲਸ ਨੂੰ ਉਸ ਦੇ ਬਿਆਨ 'ਤੇ



ਸ਼ੱਕ ਹੋਇਆ। ਪੁਲਸ ਨੇ ਨਾਬਾਲਗ ਬੇਟੇ ਨੂੰ ਹਿਰਾਸਤ ਵਿਚ ਲਿਆ ਹੈ। ਵਾਰਦਾਤ ਦੌਰਾਨ ਮਾਂ-ਪੁੱਤ ਹੀ ਘਰ ਵਿਚ ਮੌਜੂਦ ਸਨ।

ਇਹ ਘਟਨਾ ਸ਼ੁੱਕਰਵਾਰ ਸਵੇਰੇ 9 ਵਜੇ ਦੇ ਕਰੀਬ ਵਾਪਰੀ। ਹੈੱਡ ਕਾਂਸਟੇਬਲ ਨਿਤਿਨ (42) ਸੈਕਟਰ-9 ਸਥਿਤ ਅਕਾਊਂਟਸ ਬਰਾਂਚ ਪੁਲਸ ਹੈੱਡਕੁਆਰਟਰ 'ਚ (ਬਾਕੀ ਸਫ਼ਾ 2 'ਤੇ)

ਬਾਲੋਦ ਵਿੱਚ ਭਿਆਨਕ ਸੜਕ ਹਾਦਸਾ

ਬੇਕਾਬੂ ਪਿਕਅੱਪ ਟਰੱਕ ਖੜ੍ਹੇ ਟਰੱਕ ਨਾਲ ਟਕਰਾਇਆ; ਪੰਜ ਮੌਤਾਂ, ਛੇ ਜ਼ਖ਼ਮੀ

ਬਾਲੋਦ, 25 ਸਤੰਬਰ (ਪੈ.ਗਾਮ-ਏ-ਜਗਤ)

ਸ਼ੁੱਕਰਵਾਰ ਦੁਪਹਿਰ ਬਾਲੋਦ ਜ਼ਿਲ੍ਹੇ ਵਿੱਚ ਇੱਕ ਭਿਆਨਕ ਸੜਕ ਹਾਦਸੇ ਦੌਰਾਨ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਛੇ ਹੋਰ ਜ਼ਖ਼ਮੀ ਹੋ ਗਏ। ਦੁਪਹਿਰ ਕਰੀਬ 12:00 ਵਜੇ, ਪੁਰੂਰ ਥਾਣਾ ਖੇਤਰ ਅਧੀਨ ਆਉਂਦੇ ਮਾਰਕਾਟੋਲਾ ਪਿੰਡ ਨੇੜੇ, ਤੇਜ਼ ਰਫ਼ਤਾਰ ਪਿਕਅੱਪ ਟਰੱਕ ਸੜਕ ਦੇ ਕਿਨਾਰੇ ਖੜ੍ਹੇ ਇੱਕ ਟਰੱਕ ਨਾਲ ਟਕਰਾ ਗਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਪਿਕਅੱਪ ਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਚਕਨਾਚੂਰ ਹੋ ਗਿਆ। ਹਾਦਸੇ ਤੋਂ ਤੁਰੰਤ ਬਾਅਦ, ਪੁਲਿਸ ਅਤੇ ਸਥਾਨਕ ਲੋਕਾਂ ਨੇ ਬਚਾਅ ਕਾਰਜ ਸ਼ੁਰੂ ਕੀਤਾ ਅਤੇ ਸਾਰੇ ਛੇ ਜ਼ਖ਼ਮੀਆਂ ਨੂੰ ਐਂਬੂਲੈਂਸ ਰਾਹੀਂ ਧਮਤਰੀ ਜ਼ਿਲ੍ਹਾ ਹਸਪਤਾਲ ਪਹੁੰਚਾਇਆ।

ਪੁਲਿਸ ਅਨੁਸਾਰ, ਪਿਕਅੱਪ ਟਰੱਕ ਵਿੱਚ ਸਵਾਰ ਲੋਕ ਇੱਕ 'ਧੂਮਾਲ' ਮੰਡਲੀ (ਸੰਗੀਤਕ ਬੈਂਡ) ਦੇ ਮੈਂਬਰ ਸਨ ਅਤੇ ਕਵਾਰਧਾ ਤੋਂ ਜਗਦਲਪੁਰ ਵੱਲ ਜਾ ਰਹੇ ਸਨ। ਮਾਰਕਾਟੋਲਾ ਘਾਟੀ ਨੇੜੇ, ਪਿਕਅੱਪ ਬੇਕਾਬੂ ਹੋ ਕੇ ਖੜ੍ਹੇ ਟਰੱਕ ਨਾਲ ਟਕਰਾ ਗਈ, ਜਿਸ ਨਾਲ ਤੁਰੰਤ ਹਫੜਾ-ਦਫੜੀ ਮੱਚ ਗਈ ਅਤੇ ਮਦਦ ਲਈ ਚੀਕ-ਚਿਹਾੜਾ ਪੈ ਗਿਆ। ਸੂਚਨਾ ਮਿਲਦਿਆਂ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕੀਤੇ। ਪੁਲਿਸ ਅਤੇ ਪਿੰਡ ਵਾਸੀਆਂ ਨੇ ਪਿਕਅੱਪ ਦੇ ਅੰਦਰ ਫਸੇ ਜ਼ਖ਼ਮੀਆਂ ਨੂੰ (ਬਾਕੀ ਸਫ਼ਾ 2 'ਤੇ)

ਅੰਬਾਲਾ ਵਿੱਚ ਰੇਲਵੇ ਭਰਤੀ ਦੌਰਾਨ ਧੋਖਾਧੜੀ

- ਏਆਈ ਕੈਮਰਿਆਂ ਨੇ ਤਿੰਨ ਦਿਨਾਂ ਵਿੱਚ ਸੱਤ ਨਕਲੀ ਉਮੀਦਵਾਰਾਂ ਨੂੰ ਫੜਿਆ
- ਦੋ ਫਰਾਰ; ਦੋਵਾਂ ਖਿਲਾਫ ਮਾਮਲੇ ਦਰਜ



ਅੰਬਾਲਾ, 25 ਸਤੰਬਰ (ਪੈ.ਗਾਮ-ਏ-ਜਗਤ)

ਰੇਲਵੇ ਨੇ ਪਹਿਲੀ ਵਾਰ ਏਆਈ ਕੈਮਰਿਆਂ ਦੀ ਮਦਦ ਨਾਲ ਭਰਤੀ ਪ੍ਰੀਖਿਆ ਵਿੱਚ ਇੱਕ ਵੱਡੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਹੈ। ਅੰਬਾਲਾ ਛਾਉਣੀ (ਉੱਤਰੀ ਰੇਲਵੇ) ਦੇ ਰੇਲਵੇ ਸਟੇਡੀਅਮ ਵਿੱਚ ਆਯੋਜਿਤ ਸਰੀਰਕ ਸਮਰੱਥਾ ਟੈਸਟ ਦੌਰਾਨ ਤਿੰਨ ਦਿਨਾਂ ਵਿੱਚ ਸੱਤ ਨਕਲੀ ਉਮੀਦਵਾਰ ਫੜੇ ਗਏ, ਜਦਕਿ ਦੋ ਭੱਜਣ ਵਿੱਚ ਕਾਮਯਾਬ ਹੋ ਗਏ। ਇਹ ਸਾਰੇ ਦੂਜੇ ਉਮੀਦਵਾਰਾਂ ਦੀ ਪਛਾਣ ਵਰਤ ਕੇ ਦੌੜ ਵਾਲੀ ਪ੍ਰੀਖਿਆ ਵਿੱਚ ਸ਼ਾਮਲ ਹੋਏ ਸਨ। ਲਗਾਤਾਰ ਤਿੰਨ ਦਿਨਾਂ ਤੱਕ ਵਾਪਰੀਆਂ ਇਨ੍ਹਾਂ ਘਟਨਾਵਾਂ ਨੇ ਰੇਲਵੇ ਵਿਭਾਗ ਵਿੱਚ ਹਲਚਲ ਮਚਾ ਦਿੱਤੀ ਹੈ। ਦੋ ਮੁਲਜ਼ਮਾਂ ਖਿਲਾਫ FIR ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਅਤੇ ਬਾਕੀ ਪੰਜਾਂ ਬਾਰੇ ਪੁੱਛਗਿੱਛ ਜਾਰੀ ਹੈ। ਇਹ ਪ੍ਰੀਖਿਆ ਰੇਲਵੇ ਭਰਤੀ ਸੈੱਲ ਵੱਲੋਂ ਕਰਵਾਈ ਗਈ ਸੀ।

ਅੰਬਾਲਾ ਛਾਉਣੀ ਡਿਵੀਜ਼ਨਲ ਦਫ਼ਤਰ ਦੇ ਅਧਿਕਾਰੀਆਂ ਅਨੁਸਾਰ, ਰੇਲਵੇ ਭਰਤੀ ਸੈੱਲ 22 ਸਤੰਬਰ ਤੋਂ 28 ਸਤੰਬਰ 2026 ਤੱਕ ਸਰੀਰਕ ਸਮਰੱਥਾ ਟੈਸਟ ਕਰਵਾ ਰਿਹਾ ਹੈ। ਇਸ ਟੈਸਟ ਵਿੱਚ 35 ਕਿਲੋਗ੍ਰਾਮ ਭਾਰ ਚੁੱਕਣਾ ਅਤੇ 100 ਮੀਟਰ ਤੇ 1000 ਮੀਟਰ ਦੀ ਦੂਰੀ ਤੱਕ ਦੌੜਨਾ ਸ਼ਾਮਲ ਹੈ। ਇਹ ਵੱਡੀ ਧੋਖਾਧੜੀ 24 ਸਤੰਬਰ ਨੂੰ ਬਾਇਓਮੈਟ੍ਰਿਕ ਤਸਦੀਕ ਅਤੇ ਪ੍ਰੀਖਿਆ ਪ੍ਰਕਿਰਿਆ ਦੀ ਨਿਗਰਾਨੀ ਕਰਨ ਵਾਲੀ ਨਿੱਜੀ ਏਜੰਸੀ ਦੁਆਰਾ ਵਰਤੇ ਗਏ ਏਆਈ ਕੈਮਰਿਆਂ ਦੇ ਡੇਟਾ ਦੇ ਵਿਸ਼ਲੇਸ਼ਣ ਦੌਰਾਨ ਸਾਹਮਣੇ ਆਈ। ਪਹਿਲੇ ਮਾਮਲੇ ਵਿੱਚ, ਰਾਜਸਥਾਨ ਦੇ ਅਲਵਰ ਨੇੜੇ ਰੂਪਬਾਸ (ਬਾਕੀ ਸਫ਼ਾ 2 'ਤੇ)

ਬ੍ਰਿਜਭੂਸ਼ਣ ਨੂੰ ਬਰੀ ਕੀਤੇ ਜਾਣ ਦੇ ਫ਼ੈਸਲੇ ਨੂੰ 4 ਮਹਿਲਾ ਪਹਿਲਵਾਨਾਂ ਨੇ ਦਿੱਤੀ ਚੁਣੌਤੀ

ਨਵੀਂ ਦਿੱਲੀ, 25 ਸਤੰਬਰ (ਪੈ.ਗਾਮ-ਏ-ਜਗਤ)

ਮਹਿਲਾ ਪਹਿਲਵਾਨਾਂ ਨੇ ਜਿਨਸੀ ਸ਼ੋਸ਼ਣ ਮਾਮਲੇ ਵਿੱਚ ਭਾਰਤੀ ਕੁਸ਼ਤੀ ਫੈਡਰੇਸ਼ਨ (ਡਬਲਯੂ.ਐਫ.ਆਈ.) ਦੇ ਸਾਬਕਾ ਮੁਖੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਬਰੀ ਹੋਣ ਨੂੰ ਰਾਊਜ਼ ਐਵੇਨਿਊ ਕੋਰਟ ਵਿੱਚ ਚੁਣੌਤੀ ਦਿੱਤੀ ਹੈ, ਜਿਸ ਦੀ ਅਪੀਲ 'ਤੇ ਸ਼ਨੀਵਾਰ ਨੂੰ ਸੁਣਵਾਈ ਹੋਵੇਗੀ।



ਵਿਸ਼ੇਸ਼ ਜੱਜ (ਐਮ.ਪੀ.-ਐਮ.ਐਲ.ਏ. ਕੇਸ) ਦਿਗ ਵਿਨੈ ਸਿੰਘ 3 ਅਗਸਤ ਦੇ ਫ਼ੈਸਲੇ ਨੂੰ ਚੁਣੌਤੀ ਦੇਣ ਵਾਲੀ ਅਪੀਲ 'ਤੇ ਸੁਣਵਾਈ ਕਰਨ ਲਈ ਨਿਰਧਾਰਤ ਹਨ, ਜੋ ਕਿ ਵਧੀਕ ਮੁੱਖ ਜੁਡੀਸ਼ੀਅਲ ਮੈਜਿਸਟ੍ਰੇਟ ਅਸ਼ਵਨੀ ਪੰਵਾਰ ਵੱਲੋਂ ਦਿੱਤਾ ਗਿਆ ਸੀ, ਜਿਨ੍ਹਾਂ ਨੇ ਬ੍ਰਿਜ ਭੂਸ਼ਣ ਸ਼ਰਨ ਸਿੰਘ ਅਤੇ ਡਬਲਯੂ.ਐਫ.ਆਈ. ਦੇ ਸਾਬਕਾ ਸਹਾਇਕ ਸਕੱਤਰ ਵਿਨੋਦ ਤੋਮਰ ਨੂੰ ਇਸ ਕੇਸ ਵਿੱਚ ਬਰੀ ਕਰ ਦਿੱਤਾ ਸੀ। ਇਹ ਬਰੀ ਕੀਤੇ ਜਾਣ ਦਾ ਫ਼ੈਸਲਾ ਕੈਮਰੇ ਅੱਗੇ (ਇਨ-ਕੈਮਰਾ) ਕਾਰਵਾਈ ਤੋਂ ਬਾਅਦ ਸੁਣਾਇਆ ਗਿਆ ਸੀ। ਪਹਿਲਵਾਨਾਂ ਨੇ ਆਪਣੀ ਅਪੀਲ ਰਾਹੀਂ ਬਰੀ ਕੀਤੇ ਜਾਣ ਦੇ ਫ਼ੈਸਲੇ ਨੂੰ ਚੁਣੌਤੀ ਦਿੱਤੀ ਹੈ, ਜਿਸ ਵਿੱਚ ਦਲੀਲ ਦਿੱਤੀ ਗਈ ਹੈ (ਬਾਕੀ ਸਫ਼ਾ 2 'ਤੇ)

ਪੀਐਮ ਮੋਦੀ ਨਾਲ ਔਰਤ ਦੀ 'ਛੇੜਛਾੜ ਕਰਕੇ ਬਣਾਈ ਗਈ ਤਸਵੀਰ' ਤੁਰੰਤ ਹਟਾਏ ਮੈਟਾ : ਦਿੱਲੀ ਹਾਈ ਕੋਰਟ

ਸੀਜੇਪੀ ਆਗੂਆਂ ਨੂੰ ਨੋਟਿਸ ਕੀਤਾ ਜਾਰੀ

ਨਵੀਂ ਦਿੱਲੀ, 25 ਸਤੰਬਰ (ਪੈ.ਗਾਮ-ਏ-ਜਗਤ)

ਦਿੱਲੀ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਮੈਟਾ ਪਲੇਟਫਾਰਮਸ ਨੂੰ ਸੋਸ਼ਲ ਮੀਡੀਆ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਪੋਸਟ ਕੀਤੀ ਗਈ ਇਕ ਔਰਤ ਦੀ ਮਾਰਫ਼ਡ (ਛੇੜਛਾੜ ਕਰਕੇ ਬਣਾਈ ਗਈ) ਤਸਵੀਰ ਵਾਲੀ ਇਤਰਾਜ਼ਯੋਗ ਸਮੱਗਰੀ ਨੂੰ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਹਨ।

ਜਸਟਿਸ ਗਿਰੀਸ਼ ਕਠਪਾਲੀਆ ਨੇ ਟਿੱਪਣੀ ਕੀਤੀ ਕਿ ਇਹ ਇਕ ਅਸਾਧਾਰਨ ਸਥਿਤੀ ਹੈ ਜਿਸ ਵਿੱਚ ਮਾਮਲਾ ਸਿਰਫ਼ ਇਕ ਔਰਤ ਦਾ ਹੀ ਨਹੀਂ ਸਗੋਂ ਦੇਸ਼ ਦੇ ਪ੍ਰਧਾਨ ਮੰਤਰੀ ਦਾ ਵੀ ਹੈ। ਉਨ੍ਹਾਂ ਕਿਹਾ ਕਿ ਜੇਕਰ ਦਿੱਲੀ ਪੁਲਿਸ ਇਸ ਪ੍ਰਤੀ ਸੰਵੇਦਨਸ਼ੀਲ ਨਹੀਂ ਹੈ, ਤਾਂ ਅਦਾਲਤ ਇਹ ਯਕੀਨੀ ਬਣਾਏਗੀ ਕਿ ਉਹ ਸੰਵੇਦਨਸ਼ੀਲ ਬਣੇ। ਹਾਈ ਕੋਰਟ ਨੇ ਕੌਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਆਗੂਆਂ ਸੌਰਵ ਦਾਸ, ਅਭਿਜੀਤ ਦੀਪਕੇ, ਆਸ਼ੂਤੋਸ਼ ਰਾਂਕਾ ਅਤੇ ਰਤਨਾ ਸਿੰਘ ਨੂੰ ਵੀ ਔਰਤ ਦੀ ਉਸ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਾਲ ਉਸ ਦੀ ਮਾਰਫ਼ਡ ਕੀਤੀ ਗਈ ਅਸ਼ਲੀਲ ਤਸਵੀਰ ਫੈਲਾਈ ਸੀ।

ਅਦਾਲਤ ਨੇ ਪੁਲੀਸ ਨੂੰ ਉਸ ਔਰਤ ਨੂੰ ਪੂਰੀ ਪੁਲੀਸ ਸੁਰੱਖਿਆ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ,



ਜਿਸ ਨੇ ਦੱਸਿਆ ਸੀ ਕਿ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ।

ਅਗਲੀ ਸੁਣਵਾਈ ਲਈ ਮਾਮਲਾ 14 ਅਕਤੂਬਰ ਨੂੰ ਸੂਚੀਬੱਧ ਕੀਤਾ ਗਿਆ ਹੈ। ਔਰਤ ਦੀ ਪਟੀਸ਼ਨ ਵਿੱਚ ਸੀਜੇਪੀ ਆਗੂਆਂ 'ਤੇ ਪ੍ਰਧਾਨ ਮੰਤਰੀ ਮੋਦੀ ਨਾਲ ਉਸ ਦੀਆਂ ਡੀਪਫੇਕ ਅਸ਼ਲੀਲ ਤਸਵੀਰਾਂ ਬਣਾਉਣ ਅਤੇ ਫੈਲਾਉਣ ਦਾ ਦੋਸ਼ ਲਾਇਆ ਗਿਆ ਹੈ। ਉਸ ਦੇ ਵਕੀਲ ਨੇ ਕਿਹਾ ਕਿ ਇਸ ਸਬੰਧੀ ਪਹਿਲਾਂ ਹੀ ਐਫ ਆਈ ਆਰ ਦਰਜ ਕੀਤੀ ਜਾ (ਬਾਕੀ ਸਫ਼ਾ 2 'ਤੇ)

ਦਾਅਵਾ : ਮੰਦਰ ਦੇ ਕਰਮਚਾਰੀ ਨੇ ਚੜ੍ਹਾਵੇ ਦੀ ਚੋਰੀ ਫੜੀ; 67 ਲੋਕ ਸ਼ਾਮਲ

ਲਖਨਊ, 25 ਸਤੰਬਰ (ਪੈ.ਗਾਮ-ਏ-ਜਗਤ)

ਪੁਲਿਸ ਨੇ ਅਯੁੱਧਿਆ ਰਾਮ ਮੰਦਰ ਵਿੱਚ ਚੜ੍ਹਾਵੇ ਦੀ ਚੋਰੀ ਦੇ ਸਬੰਧ ਵਿੱਚ ਫੈਜ਼ਾਬਾਦ ਜ਼ਿਲ੍ਹਾ ਅਦਾਲਤ ਵਿੱਚ 73,480 ਪੰਨਿਆਂ ਦੀ ਚਾਰਜਸ਼ੀਟ ਦਾਖਲ ਕੀਤੀ ਹੈ। ਚੜ੍ਹਾਵੇ ਦੀ ਰਕਮ ਦੀ ਚੋਰੀ ਦੀ ਘਟਨਾ ਸਭ ਤੋਂ ਪਹਿਲਾਂ 4 ਜੂਨ 2026 ਨੂੰ ਸਾਹਮਣੇ ਆਈ ਸੀ। ਚਾਰਜਸ਼ੀਟ ਅਨੁਸਾਰ, ਮੰਦਰ ਦੇ ਇੱਕ ਕਰਮਚਾਰੀ ਨੇ ਹੋਰ ਸਟਾਫ ਮੈਂਬਰਾਂ ਨੂੰ ਗਿਣਤੀ ਵਾਲੇ ਕਮਰੇ (ਕਾਊਂਟਿੰਗ ਰੂਮ) ਦੇ ਅੰਦਰ ਚੜ੍ਹਾਵੇ ਦੀ ਰਕਮ ਲੁਕਾਉਂਦੇ ਹੋਏ ਦੇਖਿਆ ਸੀ। ਕਰਮਚਾਰੀ, ਆਨੰਦ ਚੌਧਰੀ ਨੇ ਇਸ ਮਾਮਲੇ ਬਾਰੇ ਟਰੱਸਟ ਦੇ ਤਤਕਾਲੀ ਜਨਰਲ ਸਕੱਤਰ ਚੰਪਤ ਰਾਏ ਨੂੰ ਸੂਚਿਤ ਕੀਤਾ ਅਤੇ ਇੱਕ ਵੀਡੀਓ ਵੀ ਭੇਜੀ।

ਵੀਡੀਓ ਵਿੱਚ ਕੁਝ ਕਰਮਚਾਰੀ ਕਰੰਸੀ ਨੋਟਾਂ ਦੀਆਂ ਗੰਢਾਂ ਨੂੰ ਆਪਣੀ ਕਮਰ ਦੇ ਆਲੇ-ਦੁਆਲੇ ਲੁਕਾਉਂਦੇ ਹੋਏ ਦਿਖਾਈ ਦਿੱਤੇ। ਆਨੰਦ ਨੂੰ ਸ਼ੱਕ ਸੀ ਕਿ ਚੋਰੀ ਵਿੱਚ ਲਗਭਗ 67 ਕਰਮਚਾਰੀ ਸ਼ਾਮਲ ਹੋ ਸਕਦੇ ਹਨ। ਘਟਨਾ ਵਾਲੇ ਦਿਨ (4 ਜੂਨ) ਚੰਪਤ ਰਾਏ ਅਯੁੱਧਿਆ ਵਿੱਚ ਨਹੀਂ ਸਨ। 5 ਜੂਨ ਨੂੰ, ਚੰਪਤ ਨੇ ਅਨਿਲ ਮਿਸ਼ਰਾ, ਗੋਪਾਲ ਰਾਓ ਅਤੇ ਡਾ. ਨਰਿੰਦਰ ਦੇ (ਬਾਕੀ ਸਫ਼ਾ 2 'ਤੇ)

ਸ਼ਰਾਬ ਪੀ ਕੇ ਜਹਾਜ਼ ਉਡਾਉਣ ਦੀ ਕੋਸ਼ਿਸ਼ 'ਚ ਏਅਰ ਇੰਡੀਆ ਦਾ ਪਾਇਲਟ ਕਾਬੂ

ਨਵੀਂ ਦਿੱਲੀ, (ਪੈ.ਗਾਮ-ਏ-ਜਗਤ)

ਏਅਰ ਇੰਡੀਆ ਨੇ ਇਸੇ ਮਹੀਨੇ ਦੇ ਸ਼ੁਰੂ ਵਿੱਚ ਜ਼ਿਊਰਿਖ ਹਵਾਈ ਅੱਡੇ 'ਤੇ ਰਾਜਧਾਨੀ ਦਿੱਲੀ ਲਈ ਉਡਾਣ ਭਰਨ ਤੋਂ ਪਹਿਲਾਂ 'ਬ੍ਰੈਥ ਐਨਾਲਾਈਜ਼ਰ' (ਅਲਕੋਹਲ) ਟੈਸਟ ਵਿੱਚ ਫ਼ੇਲ੍ਹ ਹੋਣ ਵਾਲੇ ਆਪਣੇ ਇੱਕ ਪਾਇਲਟ ਨੂੰ ਮੁਅੱਤਲ ਕਰ ਦਿੱਤਾ ਹੈ। ਅਧਿਕਾਰੀਆਂ ਅਨੁਸਾਰ ਏਅਰਲਾਈਨ ਵੱਲੋਂ ਨਿਯਮਾਂ ਦੀ ਪਾਲਣਾ ਨੂੰ ਸਖ਼ਤੀ ਨਾਲ ਯਕੀਨੀ ਬਣਾਉਣ ਅਤੇ ਉਲੰਘਣਾਵਾਂ ਨੂੰ ਰੋਕਣ ਲਈ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ। ਇਹ ਘਟਨਾ 6 ਸਤੰਬਰ ਨੂੰ ਵਾਪਰੀ ਸੀ। ਇਸ ਤੋਂ ਕੁਝ ਦਿਨ ਪਹਿਲਾਂ ਹੀ ਏਅਰ ਇੰਡੀਆ ਨੇ ਫੂਕੇਟ-ਦਿੱਲੀ ਉਡਾਣ ਦੇ ਪਾਇਲਟ-ਇਨ-ਕਮਾਂਡ ਦੀਆਂ ਸੇਵਾਵਾਂ ਨਸ਼ੇ ਦੇ ਸੇਵਨ ਦੇ ਟੈਸਟ 'ਚ ਪਾਜ਼ੇਟਿਵ ਆਉਣ ਤੋਂ ਬਾਅਦ ਸਮਾਪਤ ਕਰ ਦਿੱਤੀਆਂ ਸਨ।

ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਉਕਤ ਪਾਇਲਟ ਨੇ 6 ਸਤੰਬਰ ਨੂੰ ਜ਼ਿਊਰਿਖ ਤੋਂ ਦਿੱਲੀ ਲਈ ਏਅਰ ਇੰਡੀਆ ਦੀ ਉਡਾਣ ਏਆਈ151 ਚਲਾਉਣੀ ਸੀ। ਹਵਾਈ ਅੱਡੇ 'ਤੇ ਉਸ ਦੇ ਮੂੰਹੋਂ ਸ਼ਰਾਬ ਦੀ ਬਦਬੂ ਆ ਰਹੀ ਸੀ, ਜਿਸ ਤੋਂ ਬਾਅਦ ਏਅਰਲਾਈਨ ਅਧਿਕਾਰੀਆਂ ਨੇ ਖ਼ੁਦ ਸਥਾਨਕ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਅਤੇ ਬਣਦੀ ਕਾਰਵਾਈ ਕੀਤੀ ਗਈ।

- ਜ਼ਿਊਰਿਖ ਹਵਾਈ ਅੱਡੇ 'ਤੇ ਦਿੱਲੀ ਦੀ ਫਲਾਈਟ ਚਲਾਉਣ ਤੋਂ ਪਹਿਲਾਂ ਜਾਂਚ ਦੌਰਾਨ ਫੜਿਆ ਗਿਆ ਪਾਇਲਟ



ਹਾਲਾਂਕਿ ਇਸ ਮਾਮਲੇ 'ਤੇ ਏਅਰ ਇੰਡੀਆ ਵੱਲੋਂ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਸਥਾਨਕ ਪ੍ਰਸ਼ਾਸਨ ਵੱਲੋਂ ਸ਼ੁਰੂਆਤੀ ਬ੍ਰੈਥ ਐਨਾਲਾਈਜ਼ਰ ਟੈਸਟ ਦੀ ਰਿਪੋਰਟ ਮਿਲਦਿਆਂ ਹੀ ਪਾਇਲਟ ਨੂੰ ਤੁਰੰਤ ਉਡਾਣ ਡਿਊਟੀ ਤੋਂ ਹਟਾ ਦਿੱਤਾ ਗਿਆ ਅਤੇ ਡਾਕਟਰੀ ਜਾਂਚ ਲਈ ਭੇਜਿਆ ਗਿਆ। ਇਸ ਤੋਂ ਬਾਅਦ ਪਾਇਲਟ ਨੂੰ ਇੱਕ ਯਾਤਰੀ ਵਜੋਂ ਭਾਰਤ ਵਾਪਸ ਭੇਜ ਦਿੱਤਾ ਗਿਆ ਹੈ ਅਤੇ ਅੰਤਿਮ ਮੈਡੀਕਲ ਰਿਪੋਰਟ ਆਉਣ ਤੇ ਜਾਂਚ ਪੂਰੀ ਹੋਣ ਤੱਕ ਉਹ (ਬਾਕੀ ਸਫ਼ਾ 2 'ਤੇ)

ਈ.ਡੀ. ਦਾ ਖੁਲਾਸਾ: ਜ਼ਾਇਦਾਦ ਨਿਲਾਮੀ 'ਚ 10 ਹਜ਼ਾਰ ਕਰੋੜ ਦਾ ਘਾਲਾ-ਮਾਲਾ!

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਈ.ਡੀ. ਨੇ ਮੁਹਾਲੀ ਦੇ ਗਮਾਡਾ ਦਫ਼ਤਰ 'ਚ ਤਿੰਨ ਦਿਨਾਂ ਦੀ ਤਲਾਸ਼ੀ ਮੁਹਿੰਮ ਤੋਂ ਬਾਅਦ ਇਹ ਖੁਲਾਸਾ ਕੀਤਾ ਹੈ ਕਿ ਗਮਾਡਾ ਦੀਆਂ ਅਣਵਿਕੀਆਂ ਜ਼ਮੀਨਾਂ ਦੀਆਂ ਰਿਜ਼ਰਵ ਕੀਮਤਾਂ ਨੂੰ ਨਿਲਾਮੀ ਤੋਂ ਪਹਿਲਾਂ ਗੈਰ-ਕਾਨੂੰਨੀ ਤਰੀਕੇ ਨਾਲ ਘਟਾਇਆ ਗਿਆ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਲਗਭਗ 10 ਹਜ਼ਾਰ ਕਰੋੜ ਰੁਪਏ ਦਾ ਚੂਨਾ ਲੱਗਿਆ ਹੈ। ਈ ਡੀ ਵੱਲੋਂ ਦੋਸ਼ ਲਗਾਏ ਗਏ ਹਨ ਕਿ ਸਿਆਸਤਦਾਨਾਂ ਅਤੇ ਬਿਲਡਰਾਂ ਨੂੰ ਫਾਇਦਾ ਪਹੁੰਚਾਉਣ ਲਈ ਅਜਿਹਾ ਕੀਤਾ ਗਿਆ।

ਈ.ਡੀ. ਨੇ ਆਮ ਆਦਮੀ ਪਾਰਟੀ ਦੇ ਆਗੂ ਸਤੇਂਦਰ ਜੈਨ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ 'ਤੇ ਉਂਗਲ ਚੁੱਕੀ ਹੈ ਕਿ ਉਹ ਗਮਾਡਾ ਅਧਿਕਾਰੀਆਂ ਨਾਲ ਗੈਰ-ਰਸਮੀ ਬੈਠਕਾਂ ਕਰਕੇ ਮਾਸਟਰ ਪਲਾਨ, ਨਿਲਾਮੀ ਅਤੇ ਜ਼ਮੀਨ ਐਕਵਾਇਰ ਕਰਨ ਵਰਗੇ ਅਹਿਮ ਫੈਸਲਿਆਂ ਨੂੰ ਪ੍ਰਭਾਵਿਤ ਕਰ ਰਹੇ ਸਨ। ਜਾਂਚ ਏਜੰਸੀ ਦਾ ਦਾਅਵਾ ਹੈ ਕਿ ਦੋਵੇਂ ਆਗੂ ਗਮਾਡਾ ਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਗੈਰ-ਰਸਮੀ ਮੀਟਿੰਗਾਂ ਕਰਕੇ ਮਾਸਟਰ ਪਲਾਨ, ਜ਼ਮੀਨ ਐਕਵਾਇਰ ਕਰਨ, ਮੁਆਵਜ਼ੇ ਦੀ ਰਾਸ਼ੀ ਤੈਅ ਕਰਨ ਅਤੇ ਨਿਲਾਮੀ ਵਰਗੇ ਅਹਿਮ ਨੀਤੀਗਤ ਫੈਸਲਿਆਂ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਕਰ ਰਹੇ ਸਨ। ਈ ਡੀ

- ਆਪ ਆਗੂਆਂ ਮਨੀਸ਼ ਸਿਸੋਦੀਆ ਤੇ ਸਤੇਂਦਰ ਜੈਨ ਵੱਲ ਵੀ ਘੁੰਮਾਈ ਉਂਗਲ



ਅਨੁਸਾਰ ਇਨ੍ਹਾਂ ਗੈਰ-ਕਾਨੂੰਨੀ ਬੈਠਕਾਂ ਲਈ ਚੰਡੀਗੜ੍ਹ ਦੇ ਸੈਕਟਰ 39 ਵਿਚਲੀ ਕੋਠੀ ਨੰਬਰ 926 (ਜੋ ਕਿ 'ਆਪ' ਆਗੂ ਸੰਨੀ ਸਿੰਘ ਆਹਲੂਵਾਲੀਆ ਦੇ ਨਾਂ 'ਤੇ ਅਲਾਟ ਹੈ) ਦੀ ਵਰਤੋਂ ਕੀਤੀ ਜਾਂਦੀ ਸੀ, ਜਿੱਥੇ ਗਮਾਡਾ ਅਧਿਕਾਰੀ ਪੁਡਾ ਭਵਨ ਤੋਂ ਸਰਕਾਰੀ ਫਾਈਲਾਂ ਲੈ ਕੇ ਪਹੁੰਚਦੇ ਸਨ।

ਇਸ ਤੋਂ ਇਲਾਵਾ, ਸਤੇਂਦਰ ਜੈਨ ਦੇ ਓ.ਐਸ.ਡੀ. ਅਮਰੇਂਦਰ ਝਾਅ ਨੇ ਬਿਨਾਂ ਕਿਸੇ ਅਧਿਕਾਰਤ ਅਹੁਦੇ ਦੇ ਪੁਡਾ ਭਵਨ ਵਿੱਚ ਇੱਕ ਕਮਰਾ ਮੱਲਿਆ ਹੋਇਆ ਸੀ, ਜਿੱਥੋਂ ਨਿਰਦੇਸ਼ ਜਾਰੀ ਕੀਤੇ ਜਾਂਦੇ ਸਨ। ਈ.ਡੀ. (ਬਾਕੀ ਸਫ਼ਾ 2 'ਤੇ)



ਅਧਿਕਾਰੀ ਸੀਐਮ ਵਿੰਡੋ, ਜਨਸੰਵਾਦ ਅਤੇ ਸਮਾਧਾਨ ਕੈਂਪਾਂ ਦੀਆਂ ਸ਼ਿਕਾਇਤਾਂ ਦੀ ਹਰ ਹ.ਫਤੇ ਸਮੀਖਿਆ ਕਰਨ: ਮੁੱਖ ਮੰਤਰੀ

ਪੈ.ਗਾਮ-ਏ-ਜਗਤ/ਕਰਨਾਲ 25 ਸਤੰਬਰ (ਪ੍ਰਵੀਨ ਵਾਲੀਆ)



ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੀਐਮ ਵਿੰਡੋ, ਜਨਸੰਵਾਦ ਅਤੇ ਸਮਾਧਾਨ ਕੈਂਪਾਂ ਵਿੱਚ ਪ੍ਰਾਪਤ ਸ਼ਿਕਾਇਤਾਂ ਅਤੇ ਸਮੱਸਿਆਵਾਂ ਦਾ ਨਿਰਧਾਰਤ ਸਮੇਂ ਵਿੱਚ ਨਿਪਟਾਰਾ ਯਕੀਨੀ ਬਣਾਇਆ ਜਾਵੇ। ਸਾਰੇ ਡੀਸੀ ਆਪਣੇ-ਆਪਣੇ

• ਲਾਪਰਵਾਹੀ ਵਰਤਣ ਵਾਲਿਆਂ ਖ਼ਿਲਾ.ਫ ਕਾਰਵਾਈ ਦੇ ਨਿਰਦੇਸ਼

ਜ਼ਿਲ੍ਹਿਆਂ ਵਿੱਚ ਇਨ੍ਹਾਂ ਸ਼ਿਕਾਇਤਾਂ ਦੀ ਹਰ ਹ.ਫਤੇ ਸਮੀਖਿਆ ਕਰਨ ਅਤੇ ਲਾਪਰਵਾਹੀ ਵਰਤਣ ਵਾਲਿਆਂ ਖ਼ਿਲਾ.ਫ ਕਾਰਵਾਈ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਪਲਬਧ ਕਰਵਾਉਣਾ ਸਰਕਾਰ ਦੀ ਤਰਜੀਹ ਹੈ। ਮੁੱਖ ਮੰਤਰੀ ਸ਼ੁੱਕਰਵਾਰ ਨੂੰ ਚੰਡੀਗੜ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਸੀਐਮ ਵਿੰਡੋ, ਜਨਸੰਵਾਦ ਅਤੇ ਸਮਾਧਾਨ ਕੈਂਪਾਂ ਵਿੱਚ ਪ੍ਰਾਪਤ ਸ਼ਿਕਾਇਤਾਂ ਦੀ ਸਮੀਖਿਆ ਕਰ ਰਹੇ ਸਨ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਿਕਾਇਤਾਂ ਨੂੰ ਲੰਬਿਤ ਨਾ ਰੱਖਿਆ ਜਾਵੇ ਅਤੇ ਲੋਕਾਂ ਨੂੰ ਵਾਰ-ਵਾਰ ਦ.ਫਤਰਾਂ ਦੇ ਚੱਕਰ ਨਾ ਕੱਟਣੇ ਪੈਣ। ਸਮੇਂ ਸਿਰ ਸਮੱਸਿਆਵਾਂ ਦਾ ਹੱਲ ਕਰਕੇ ਸੁਸ਼ਾਸਨ ਪ੍ਰਤੀ ਲੋਕਾਂ ਦਾ ਵਿਸ਼ਵਾਸ ਮਜ਼ਬੂਤ ਕੀਤਾ ਜਾਵੇ। ਉਨ੍ਹਾਂ ਚੰਗਾ ਕੰਮ ਕਰਨ ਵਾਲੇ ਅਧਿਕਾਰੀਆਂ ਦੀ ਸ਼ਲਾਘਾ ਵੀ ਕੀਤੀ।

ਵੀਸੀ ਤੋਂ ਬਾਅਦ ਡੀਸੀ ਡਾ. ਅਨੰਦ ਕੁਮਾਰ ਸ਼ਰਮਾ ਨੇ ਲਘੂ ਸਕੱਤਰੇਤ ਦੇ ਸਭਾਗਾਰ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੁੱਖ ਮੰਤਰੀ ਇਨ੍ਹਾਂ ਸ਼ਿਕਾਇਤਾਂ ਨੂੰ ਲੈ ਕੇ ਗੰਭੀਰ ਹਨ ਅਤੇ ਪੋਰਟਲ ਦੀ ਨਿਗਰਾਨੀ ਲਈ ਉੱਚ ਅਧਿਕਾਰੀਆਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਨਿਰਧਾਰਤ ਸਮਾਂ ਮਿਆਦ ਵਿੱਚ ਸ਼ਿਕਾਇਤਾਂ ਦਾ ਨਿਪਟਾਰਾ ਕਰਨ। ਡੀਸੀ ਨੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਵਿਭਾਗਾਂ ਨੂੰ ਗੰਭੀਰਤਾ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ, ਜਿਨ੍ਹਾਂ ਦੀਆਂ ਸ਼ਿਕਾਇਤਾਂ ਵਾਰ-ਵਾਰ ਰੀ-ਓਪਨ ਹੋ ਰਹੀਆਂ ਹਨ। ਸ਼ਿਕਾਇਤਾਂ ਨੂੰ ਓਵਰਡਿਊ ਨਾ ਹੋਣ ਦੇਣ ਅਤੇ ਏਟੀਆਰ ਪੋਰਟਲ 'ਤੇ ਅਪਲੋਡ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਉਨ੍ਹਾਂ ਕਿਹਾ ਕਿ ਐਮੀਨੈਂਟ ਪਰਸਨ ਦਾ ਸਹਿਯੋਗ ਲਿਆ ਜਾਵੇ। ਪਰਿਵਾਰ ਪਛਾਣ ਪੱਤਰ ਨਾਲ ਸਬੰਧਤ ਛੋਟੀਆਂ ਸ਼ਿਕਾਇਤਾਂ ਦੇ ਹੱਲ ਲਈ ਲੋਕਾਂ ਨੂੰ ਵਾਰ-ਵਾਰ ਦ.ਫਤਰ ਨਾ ਬੁਲਾਇਆ ਜਾਵੇ। ਜੇ ਕੋਈ ਮਾਮਲਾ ਮੁੱਖ ਦ.ਫਤਰ ਪੱਧਰ ਨਾਲ ਸਬੰਧਤ ਹੈ ਤਾਂ ਸ਼ਿਕਾਇਤਕਰਤਾ ਨੂੰ ਇਸ ਦੀ ਜਾਣਕਾਰੀ ਦਿੱਤੀ ਜਾਵੇ।

ਮੀਟਿੰਗ ਵਿੱਚ ਐਸਪੀ ਕਰਨ ਗੋਇਲ, ਏਡੀਸੀ ਡਾ. ਰਾਹੁਲ ਰਈਆ, ਏਸੀਯੂਟੀ ਸੋਹਮ ਸ਼ੈਲੇਂਦਰ, ਐਸਡੀਐਮ ਕਰਨਾਲ ਦੇਵੇਂਦਰ ਸ਼ਰਮਾ, ਐਸਡੀਐਮ ਘਰੌਂਡਾ ਅਨੁਭਵ ਮਹਿਤਾ, ਐਸਡੀਐਮ ਅਸੰਧ ਸੁਮਿਤ ਸਿਹਾਗ, ਐਸਡੀਐਮ ਨੀਲੋਖੇੜੀ ਅਸ਼ੋਕ ਕੁਮਾਰ, ਐਸਡੀਐਮ ਇੰਦਰੀ ਡਾ. ਰਮਨ ਗੁਪਤਾ, ਜ਼ਿਲ੍ਹਾ ਸੰਪਦਾ ਅਧਿਕਾਰੀ ਅਦਿਤੀ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਦਲਜੀਤ ਸਿੰਘ, ਸੀਟੀਐਮ ਸੁਰੇਸ਼ ਕੁਮਾਰ, ਸੀਈਓ ਜ਼ਿਲ੍ਹਾ ਪ੍ਰੀਸ਼ਦ ਅਮਿਤ ਕੁਮਾਰ, ਡੀਡੀਪੀਓ ਕੰਚਨਲਤਾ ਸਮੇਤ ਹੋਰ ਅਧਿਕਾਰੀ ਮੌਜੂਦ ਰਹੇ।

ਕੀਆ ਇੰਡੀਆ ਨੇ ਕੈਂਟੋਨਮੈਂਟ ਬੋਰਡ ਅੰਬਾਲਾ ਦੇ ਸਹਿਯੋਗ ਨਾਲ ਪ੍ਰੋਜੈਕਟ ਡੀ.ਆਰ.ਓ.ਪੀ. ਦੇ ਪੰਜਵੇਂ ਪੜਾਅ ਦੀ ਕੀਤੀ ਸ਼ੁਰੂਆਤ

ਪੈ.ਗਾਮ-ਏ-ਜਗਤ/ਅੰਬਾਲਾ, 25 ਸਤੰਬਰ (ਆਰ.ਸਿੰਘ)



ਕੀਆ ਇੰਡੀਆ ਨੇ ਅੱਜ ਇੰਡੀਅਨ ਪਾਲਿਊਸ਼ਨ ਕੰਟਰੋਲ ਐਸੋਸੀਏਸ਼ਨ (ਆਈਪੀਸੀਏ) ਦੇ ਸਹਿਯੋਗ ਨਾਲ ਹਰਿਆਣਾ ਦੇ ਅੰਬਾਲਾ ਕੈਂਟੋਨਮੈਂਟ ਵਿੱਚ ਪ੍ਰੋਜੈਕਟ ਡੀ.ਆਰ.ਓ.ਪੀ. (ਡਿਵੈਲਪ ਰਿਸਪੌਂਸਿਬਲ ਆਊਟਲੁੱਕ ਫਾਰ ਪਲਾਸਟਿਕ) ਦੇ ਵਿਸਥਾਰ

• ਇੰਡੀਅਨ ਪਾਲਿਊਸ਼ਨ ਕੰਟਰੋਲ ਐਸੋਸੀਏਸ਼ਨ ਵੱਲੋਂ ਕੀਤਾ ਗਿਆ ਲਾਗੂਕਰਨ

ਦਾ ਐਲਾਨ ਕੀਤਾ। ਆਈਪੀਸੀਏ ਵੱਲੋਂ ਲਾਗੂ ਕੀਤੀ ਜਾ ਰਹੀ ਇਹ ਪਹਿਲ ਪਲਾਸਟਿਕ ਪ੍ਰਦੂਸ਼ਣ ਨਾਲ ਨਜਿੱਠਣ ਲਈ ਲਗਾਤਾਰ ਜਾਗਰੂਕਤਾ, ਵਿਹਾਰ ਵਿੱਚ ਬਦਲਾਅ ਅਤੇ ਵਿਵਸਥਿਤ ਕਚਰਾ ਇਕੱਠਾ ਕਰਨ ਦੀ ਪ੍ਰਣਾਲੀ ਵਿਕਸਿਤ ਕਰਨ ਦੀ ਦਿਸ਼ਾ ਵਿੱਚ ਕੀਆ ਇੰਡੀਆ ਦੇ ਯਤਨਾਂ ਦਾ ਮਹੱਤਵਪੂਰਨ ਕਦਮ ਹੈ। ਇਸ ਪਹਿਲ ਦੇ ਤਹਿਤ ਅੰਬਾਲਾ ਕੈਂਟੋਨਮੈਂਟ ਦੇ 90 ਸਥਾਨਾਂ ਨੂੰ ਜੋੜਿਆ ਗਿਆ ਹੈ ਜਿਨ੍ਹਾਂ ਵਿੱਚ ਰਿਹਾਇਸ਼ੀ ਇਲਾਕੇ, ਫੌਜੀ ਇਕਾਈਆਂ, ਸਕੂਲ, ਮੇਸ ਅਤੇ ਵੱਖ-ਵੱਖ ਸੰਸਥਾਗਤ ਅਦਾਰੇ ਸ਼ਾਮਲ ਹਨ। ਇਹ ਵਿਸ਼ਾਲ ਨੈੱਟਵਰਕ ਪਲਾਸਟਿਕ ਕਚਰੇ ਦੀ ਜ਼ਿੰਮੇਵਾਰ ਤਰੀਕੇ ਨਾਲ ਛਾਂਟੀ, ਇਕੱਠਾ ਕਰਨ ਅਤੇ ਪ੍ਰਬੰਧਨ ਵਿੱਚ ਸਹਾਇਤਾ ਕਰੇਗਾ ਅਤੇ ਕੈਂਟੋਨਮੈਂਟ ਭਾਈਚਾਰੇ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਨੂੰ ਵੀ ਉਤਸ਼ਾਹਿਤ ਕਰੇਗਾ।

ਇਹ ਪਹਿਲ ਕੀਆ ਇੰਡੀਆ, ਕੈਂਟੋਨਮੈਂਟ ਬੋਰਡ ਅੰਬਾਲਾ ਅਤੇ ਇੰਡੀਅਨ ਪਾਲਿਊਸ਼ਨ ਕੰਟਰੋਲ ਐਸੋਸੀਏਸ਼ਨ (ਆਈਪੀਸੀਏ) ਦੀਆਂ ਸਾਂਝੀਆਂ ਸਮਰੱਥਾਵਾਂ ਨੂੰ ਇਕੱਠਾ ਕਰਕੇ ਵਾਤਾਵਰਣ ਸੰਭਾਲ ਲਈ ਸਹਿਯੋਗੀ ਕਾਰਵਾਈ ਦਾ ਇੱਕ ਭਰੋਸੇਯੋਗ ਅਤੇ ਹੋਰ ਥਾਵਾਂ 'ਤੇ ਵੀ ਲਾਗੂ ਕੀਤੇ ਜਾ ਸਕਣ ਵਾਲਾ ਮਾਡਲ ਤਿਆਰ ਕਰਨ ਦਾ ਯਤਨ ਕਰਦੀ ਹੈ। ਪ੍ਰੋਜੈਕਟ ਡੀ.ਆਰ.ਓ.ਪੀ. ਕੀਆ ਇੰਡੀਆ ਦੀ ਇੱਕ ਪ੍ਰਮੁੱਖ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪਹਿਲ ਹੈ ਜਿਸ ਦਾ ਉਦੇਸ਼ ਕਚਰਾ ਪੈਦਾ ਕਰਨ ਵਾਲੇ ਲੋਕਾਂ ਨੂੰ ਜਾਗਰੂਕ ਕਰਕੇ ਜ਼ਿੰਮੇਵਾਰ ਪਲਾਸਟਿਕ ਕਚਰਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨਾ ਅਤੇ ਇੱਕ ਪ੍ਰਭਾਵਸ਼ਾਲੀ ਕਚਰਾ ਇਕੱਠਾ ਕਰਨ ਦੀ ਪ੍ਰਣਾਲੀ ਸਥਾਪਤ ਕਰਨਾ ਹੈ। ਅੰਬਾਲਾ ਦੇ ਸ਼ਾਮਲ ਹੋਣ ਨਾਲ ਇਹ ਪ੍ਰੋਜੈਕਟ ਹੁਣ ਭਾਰਤ ਦੇ 12 ਸ਼ਹਿਰਾਂ—ਗੁਰੂ ਗਰਾਮ, ਬੈਂਗਲੂਰੂ, ਵਿਜੇਵਾੜਾ, ਵਿਸ਼ਾਖਾਪਟਨਮ, ਮੁੰਬਈ, ਚੰਡੀਗੜ੍ਹ, ਪੰਚਕੂਲਾ, ਜ਼ੀਰਕਪੁਰ, ਦਿੱਲੀ, ਨੋਇਡਾ, ਗਾਜ਼ੀਆਬਾਦ ਅਤੇ ਅੰਬਾਲਾ—ਵਿੱਚ ਸਰਗਰਮ ਹੋ ਗਿਆ ਹੈ।

ਅੱਜ ਦੁਪਹਿਰ ਬਾਅਦ ਕੈਂਟੋਨਮੈਂਟ ਬੋਰਡ ਦੇ ਮੀਟਿੰਗ ਹਾਲ ਵਿਚ ਇਸ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ। ਉਦਘਾਟਨ ਮੌਕੇ ਇੰਡੀਅਨ ਪਾਲਿਊਸ਼ਨ ਕੰਟਰੋਲ ਐਸੋਸੀਏਸ਼ਨ ਦੀ ਉਪ ਨਿਰਦੇਸ਼ਕ ਡਾ. ਰਾਧਾ ਗੋਇਲ ਨੇ ਕਿਹਾ, "90 ਸਥਾਨਾਂ ਨੂੰ ਇਸ ਪਹਿਲ ਨਾਲ ਜੋੜਨਾ ਅੰਬਾਲਾ ਕੈਂਟੋਨਮੈਂਟ ਵਿੱਚ ਇੱਕ ਏਕੀਕਰਿਤ ਅਤੇ ਟਿਕਾਊ ਪਲਾਸਟਿਕ ਕਚਰਾ ਪ੍ਰਬੰਧਨ ਪ੍ਰਣਾਲੀ ਵਿਕਸਿਤ ਕਰਨ ਲਈ ਮਜ਼ਬੂਤ ਆਧਾਰ ਪ੍ਰਦਾਨ ਕਰਦਾ ਹੈ। ਕਚਰੇ ਦੇ ਸਰੋਤ 'ਤੇ ਜਾਗਰੂਕਤਾ, ਵਿਵਸਥਿਤ ਇਕੱਠ ਅਤੇ ਸਾਰੇ ਹਿੱਸੇਦਾਰਾਂ ਦੀ ਲਗਾਤਾਰ ਭਾਗੀਦਾਰੀ ਨੂੰ ਇਕੱਠਾ ਕਰਕੇ ਸਾਡਾ ਉਦੇਸ਼ ਮਾਪਣਯੋਗ ਵਾਤਾਵਰਣਕ ਨਤੀਜੇ ਪ੍ਰਾਪਤ ਕਰਨਾ ਅਤੇ ਲੰਬੇ ਸਮੇਂ ਲਈ ਵਿਹਾਰ ਵਿੱਚ ਸਕਾਰਾਤਮਿਕ ਬਦਲਾਅ ਨੂੰ ਉਤਸ਼ਾਹਿਤ ਕਰਨਾ ਹੈ।

ਆਪਣੇ ਸਵਾਗਤੀ ਭਾਸ਼ਣ ਵਿਚ ਅਜੇ ਗਰਗ ਨੇ ਕਿਹਾ ਕਿ ਅੰਬਾਲਾ ਕੈਂਟੋਨਮੈਂਟ ਵਿੱਚ ਸ਼ੁਰੂ ਕੀਤਾ ਗਿਆ ਇਹ ਪ੍ਰੋਜੈਕਟ ਕੈਂਟੋਨਮੈਂਟ ਖੇਤਰ ਵਿੱਚ ਆਪਣੀ ਕਿਸਮ ਦੀ ਪਹਿਲੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪਹਿਲ ਹੈ ਜੋ ਭਾਰਤ ਦੇ ਹੋਰ ਕੈਂਟੋਨਮੈਂਟ ਖੇਤਰਾਂ ਵਿੱਚ ਵੀ ਇਸ ਮਾਡਲ ਨੂੰ ਦੁਹਰਾਉਣ ਲਈ ਰਾਹ ਪੱਧਰਾ ਕਰਦੀ ਹੈ।

ਕੈਂਟੋਨਮੈਂਟ ਬੋਰਡ ਅੰਬਾਲਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਰਾਹੁਲ ਆਨੰਦ ਸ਼ਰਮਾ ਨੇ ਕਿਹਾ, "ਪ੍ਰੋਜੈਕਟ ਡੀ.ਆਰ.ਓ.ਪੀ. ਕੈਂਟੋਨਮੈਂਟ ਬੋਰਡ ਅਤੇ ਰੱਖਿਆ ਅਧਿਕਾਰੀਆਂ ਦੇ ਸਾਂਝੇ ਯਤਨਾਂ ਰਾਹੀਂ ਕੈਂਟੋਨਮੈਂਟ ਵਿੱਚ ਨਾਗਰਿਕ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਪਹਿਲ ਹੈ। ਇਹ ਪ੍ਰੋਜੈਕਟ ਨਾਗਰਿਕ ਸੇਵਾਵਾਂ ਅਤੇ ਨਿਵਾਸੀਆਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਲਈ ਇੱਕ ਪ੍ਰਭਾਵਸ਼ਾਲੀ ਸੰਸਥਾਗਤ ਪਹੁੰਚ ਨੂੰ ਦਰਸਾਉਂਦਾ ਹੈ। ਸਮਾਗਮ ਦੌਰਾਨ ਡੀ.ਆਰ.ਓ.ਪੀ. ਕਮਿਊਨਿਟੀ ਕੂੜਾਦਾਨਾਂ ਦਾ ਵੀ ਉਦਘਾਟਨ ਕੀਤਾ ਗਿਆ। ਇਹ ਕੂੜੇਦਾਨ ਰੀਸਾਈਕਲ ਕੀਤੇ ਗਏ ਪਲਾਸਟਿਕ ਤੋਂ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਰੀਸਾਈਕਲ ਕੀਤੀ ਸਮਗਰੀ ਨਾਲ ਤਿਆਰ ਕੀਤੀਆਂ ਪਾਰਕ ਬੈਂਚਾਂ ਵੀ ਸਥਾਪਤ ਕੀਤੀਆਂ ਗਈਆਂ ਜਿਸ ਤੋਂ ਸਿੱਧ ਹੁੰਦਾ ਹੈ ਕਿ ਇਕੱਠੇ ਕੀਤੇ ਪਲਾਸਟਿਕ ਕਚਰੇ ਨੂੰ ਮੁੜ ਉਪਯੋਗੀ ਉਤਪਾਦਾਂ ਵਿੱਚ ਬਦਲਿਆ ਜਾ ਸਕਦਾ ਹੈ।

ਪ੍ਰੋਜੈਕਟ ਦੇ ਜਾਗਰੂਕਤਾ ਸੈਸ਼ਨਾਂ ਦੌਰਾਨ ਪਲਾਸਟਿਕ ਕਚਰਾ ਪ੍ਰਬੰਧਨ ਦਾ ਸੰਦੇਸ਼ ਦੇਣ ਲਈ ਪੇਸ਼ੇਵਰ ਕਲਾਕਾਰਾਂ ਵੱਲੋਂ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ।

ਸਮਾਗਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਪਲਾਸਟਿਕ ਮੁਕਤ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਭਵਿੱਖ ਲਈ ਆਪਣਾ ਯੋਗਦਾਨ ਪਾਉਣ ਦੀ ਸਾਂਝੀ ਸਹੁੰ ਚੁੱਕੀ। ਇਸ ਮੌਕੇ ਬੋਰਡ ਦੇ ਨਾਮਜ਼ਦ ਮੈਂਬਰ ਅਜੈ ਬਵੇਜਾ, ਕੀਆ ਕੰਪਨੀ ਤੋਂ ਆਏ ਪ੍ਰਤੀਨਿਧੀਆਂ ਅਤੇ ਡਾ. ਰਾਧਾ ਗੋਇਲ ਨੂੰ ਸਨਮਾਨਿਤ ਕੀਤਾ ਗਿਆ।

ਸਾਹਿਲ ਭਿਆਨਾ ਨੇ ਕੀਤਾ ਮੈਗਾ ਸਿਹਤ ਕੈਂਪ ਦਾ ਸ਼ੁਭਾਰੰਭ, ਮਾਹਿਰ ਡਾਕਟਰਾਂ ਨੇ ਕੀਤੀ ਨਾਗਰਿਕਾਂ ਦੀ ਜਾਂਚ

ਪੈ.ਗਾਮ-ਏ-ਜਗਤ ਹਾਂਸੀ/ਦਿਨਕਰ ਗਾਵੜੀ



ਸੇਵਾ ਸੰਕਲਪ ਅਭਿਆਨ ਤਹਿਤ ਸ਼ੁੱਕਰਵਾਰ ਨੂੰ ਸਿਵਲ ਹਸਪਤਾਲ ਪਰਿਸਰ, ਹਾਂਸੀ ਵਿੱਚ ਮੈਗਾ ਸਿਹਤ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਸ਼ੁਭਾਰੰਭ ਵਿਧਾਇਕ ਵਿਨੋਦ ਭਿਆਨਾ ਦੇ

• ਸੇਵਾ ਸੰਕਲਪ ਅਭਿਆਨ ਤਹਿਤ ਸਿਵਲ ਹਸਪਤਾਲ ਵਿੱਚ ਲੱਗਾ ਸਿਹਤ ਕੈਂਪ

ਪ੍ਰਤੀਨਿਧੀ ਵਜੋਂ ਉਨ੍ਹਾਂ ਦੇ ਪੁੱਤਰ ਸਾਹਿਲ ਭਿਆਨਾ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇਸ ਮੌਕੇ ਸਿਵਲ ਸਰਜਨ ਡਾ. ਰਾਹੁਲ ਬੁੱਧੀਰਾਜਾ, ਡਾ. ਰਾਜੀਵ ਡਾਬਲਾ, ਡਾ. ਕਾਮਿਦ ਮੋਗਾ, ਸਾਬਕਾ ਪ੍ਰਧਾਨ ਵਿਨੋਦ ਸੈਣੀ, ਨਵੀਨ ਠਾਕੁਰ, ਸਾਬਕਾ ਭਾਜਪਾ ਮੰਡਲ ਪ੍ਰਧਾਨ ਅਸ਼ੋਕ ਢਾਲੀਆ ਸਮੇਤ ਹਸਪਤਾਲ ਦਾ ਸਟਾਫ ਅਤੇ ਹੋਰ ਪਤਵੰਤੇ ਮੌਜੂਦ ਰਹੇ।

ਸਾਹਿਲ ਭਿਆਨਾ ਨੇ ਕੈਂਪ ਵਿੱਚ ਸਿਹਤ ਜਾਂਚ ਕਰਵਾਉਣ ਪਹੁੰਚੇ ਨਾਗਰਿਕਾਂ ਅਤੇ ਡਾਕਟਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਬਿਹਤਰ ਅਤੇ ਸੁਲਭ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਲਈ ਵੱਖ-ਵੱਖ ਯੋਜਨਾਵਾਂ ਅਤੇ ਸੇਵਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਸਿਹਤ ਵਿਭਾਗ ਨੂੰ ਹਸਪਤਾਲ ਆਉਣ ਵਾਲੇ ਹਰ ਨਾਗਰਿਕ ਨੂੰ ਇਨ੍ਹਾਂ ਸੇਵਾਵਾਂ ਦਾ ਲਾਭ ਯਕੀਨੀ ਬਣਾਉਣ ਅਤੇ ਮਰੀਜ਼ਾਂ ਨਾਲ ਸੰਵੇਦਨਸ਼ੀਲ ਵਿਵਹਾਰ ਕਰਦਿਆਂ ਜ਼ਰੂਰੀ ਜਾਂਚ, ਇਲਾਜ, ਦਵਾਈਆਂ ਅਤੇ ਡਾਕਟਰੀ ਸਲਾਹ ਉਪਲਬਧ ਕਰਵਾਉਣ ਦੀ ਅਪੀਲ ਕੀਤੀ।

ਕੈਂਪ ਵਿੱਚ ਹੱਡੀ ਰੋਗ, ਸਰਜਰੀ, ਪ੍ਰਸੂਤੀ ਅਤੇ ਇਸਤਰੀ ਰੋਗ, ਚਮੜੀ ਰੋਗ, ਬਾਲ ਰੋਗ, ਅੱਖਾਂ ਦੇ ਰੋਗ ਅਤੇ ਦੰਦਾਂ ਦੇ ਰੋਗ ਸਮੇਤ ਵੱਖ-ਵੱਖ ਮਾਹਿਰ ਡਾਕਟਰਾਂ ਨੇ ਸੇਵਾਵਾਂ ਦਿੱਤੀਆਂ। ਡਾਕਟਰਾਂ ਨੇ ਨਾਗਰਿਕਾਂ ਦੀ ਸਿਹਤ ਜਾਂਚ ਕਰਕੇ ਜ਼ਰੂਰੀ ਸਲਾਹ ਦਿੱਤੀ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਉਪਲਬਧ ਕਰਵਾਈਆਂ। ਕਈ ਮਰੀਜ਼ਾਂ ਦੇ ਜ਼ਰੂਰੀ ਡਾਕਟਰੀ ਟੈਸਟ ਵੀ ਮੌਕੇ 'ਤੇ ਕੀਤੇ ਗਏ।

ਸਾਹਿਲ ਭਿਆਨਾ ਨੇ ਸਿਵਲ ਸਰਜਨ ਅਤੇ ਹੋਰ ਡਾਕਟਰਾਂ ਤੋਂ ਹਸਪਤਾਲ ਵਿੱਚ ਉਪਲਬਧ ਸਿਹਤ ਸਹੂਲਤਾਂ ਦੀ ਜਾਣਕਾਰੀ ਲਈ ਅਤੇ ਸਿਹਤ ਸਹੂਲਤਾਂ ਦੇ ਵਿਸਥਾਰ 'ਤੇ ਚਰਚਾ ਕੀਤੀ। ਉਨ੍ਹਾਂ ਨਿਰਮਾਣ ਅਧੀਨ ਆਪ੍ਰੇਸ਼ਨ ਥੀਏਟਰ ਦੇ ਕੰਮ ਦੀ ਵੀ ਜਾਣਕਾਰੀ ਲਈ ਅਤੇ ਭਵਨ ਅਤੇ ਸੜਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਮੋਬਾਈਲ ਫੋਨ 'ਤੇ ਗੱਲਬਾਤ ਕਰਕੇ ਨਿਰਮਾਣ ਕਾਰਜ ਜਲਦੀ ਪੂਰਾ ਕਰਨ ਦੀ ਅਪੀਲ ਕੀਤੀ।

ਸਿਵਲ ਸਰਜਨ ਡਾ. ਰਾਹੁਲ ਬੁੱਧੀਰਾਜਾ ਨੇ ਦੱਸਿਆ ਕਿ ਸੇਵਾ ਸੰਕਲਪ ਅਭਿਆਨ ਤਹਿਤ ਮਾਹਿਰ ਸਿਹਤ ਜਾਂਚ ਕੈਂਪਾਂ ਦੀ ਲੜੀ ਅੱਗੇ ਵੀ ਜਾਰੀ ਰਹੇਗੀ। ਨਿਰਧਾਰਤ ਪ੍ਰੋਗਰਾਮ ਅਨੁਸਾਰ 28 ਸਤੰਬਰ ਨੂੰ ਕਮਿਊਨਿਟੀ ਹੈਲਥ ਸੈਂਟਰ ਸੋਰਖੀ, 30 ਸਤੰਬਰ ਨੂੰ ਕਮਿਊਨਿਟੀ ਹੈਲਥ ਸੈਂਟਰ ਮਿਰਚਪੁਰ, 5 ਅਕਤੂਬਰ ਨੂੰ ਕਮਿਊਨਿਟੀ ਹੈਲਥ ਸੈਂਟਰ ਸਿਸਾਏ, 6 ਅਕਤੂਬਰ ਨੂੰ ਉਪਮੰਡਲੀ ਸਿਵਲ ਹਸਪਤਾਲ ਨਾਰਨੌਂਦ ਅਤੇ 13 ਅਕਤੂਬਰ ਨੂੰ ਕਮਿਊਨਿਟੀ ਹੈਲਥ ਸੈਂਟਰ ਖਾਂਡਾ ਖੇੜੀ ਵਿੱਚ ਕੈਂਪ ਲਗਾਏ ਜਾਣਗੇ। ਇਨ੍ਹਾਂ ਵਿੱਚ ਸਰਜਰੀ, ਇਸਤਰੀ ਰੋਗ, ਹੱਡੀ ਰੋਗ, ਬਾਲ ਰੋਗ, ਦੰਦ ਰੋਗ, ਚਮੜੀ ਰੋਗ ਅਤੇ ਆਮ ਮੈਡੀਕਲ ਸਮੇਤ ਵੱਖ-ਵੱਖ ਮਾਹਿਰ ਸੇਵਾਵਾਂ ਉਪਲਬਧ ਰਹਿਣਗੀਆਂ।

ਦੀਨ ਦਿਆਲ ਉਪਾਧਿਆਏ ਸਾਰਿਆਂ ਦੇ ਪ੍ਰੇਰਨਾ ਸਰੋਤ : ਅਸ਼ੋਕ ਕਨੌਂਜੀਆ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)



ਪੰਡਿਤ ਦੀਨ ਦਿਆਲ ਉਪਾਧਿਆਏ ਦਾ 110ਵਾਂ ਜਨਮ ਦਿਵਸ ਸ਼ੁੱਕਰਵਾਰ ਨੂੰ ਸਥਾਨਕ ਗ੍ਰੀਨ ਸਿਟੀ, ਸੈਕਟਰ-2 ਵਿੱਚ 'ਪ੍ਰੇਰਨਾ ਦਿਵਸ' ਵਜੋਂ ਮਨਾਇਆ ਗਿਆ। ਪ੍ਰੋਗਰਾਮ ਵਿੱਚ ਹਾਜ਼ਰ ਬੁਲਾਰਿਆਂ ਨੇ ਕਿਹਾ ਕਿ ਪੰਡਿਤ ਦੀਨ ਦਿਆਲ ਉਪਾਧਿਆਏ ਜੀ ਦੇ ਦੱਸੇ ਮਾਰਗ 'ਤੇ ਚੱਲਣਾ ਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ। ਉਹ ਸਾਰਿਆਂ ਲਈ ਪ੍ਰੇਰਨਾ ਸਰੋਤ ਹਨ।

ਇਸ ਮੌਕੇ ਸੀਨੀਅਰ ਭਾਰਤੀ ਜਨਤਾ ਪਾਰਟੀ ਆਗੂ ਅਤੇ ਭਾਰਤ ਸਰਕਾਰ ਦੇ ਖਾਦ ਵਿਭਾਗ ਦੇ ਡਾਇਰੈਕਟਰ ਅਸ਼ੋਕ ਕਨੌਂਜੀਆ ਨੇ ਕਿਹਾ ਕਿ ਪੰਡਿਤ ਦੀਨ ਦਿਆਲ ਉਪਾਧਿਆਏ ਨੇ ਆਪਣਾ ਪੂਰਾ ਜੀਵਨ ਵਾਂਝੇ, ਸ਼ੋਸ਼ਿਤ ਅਤੇ ਗਰੀਬ ਵਰਗ ਦੇ ਉਥਾਨ ਲਈ ਸਮਰਪਿਤ ਕੀਤਾ। ਉਨ੍ਹਾਂ ਨੇ ਆਪਣੇ ਸਿਆਸੀ ਜੀਵਨ ਵਿੱਚ ਹਮੇਸ਼ਾ ਅੰਤੋਦੈ ਨੂੰ ਤਰਜੀਹ ਦਿੱਤੀ ਅਤੇ ਕਿਹਾ ਕਿ ਕਤਾਰ ਵਿੱਚ ਖੜ੍ਹੇ ਆਖਰੀ ਵਿਅਕਤੀ ਦੀ ਭਲਾਈ ਨਾਲ ਹੀ ਭਾਰਤ ਖੁਸ਼ਹਾਲ ਅਤੇ ਸ਼ਕਤੀਸ਼ਾਲੀ ਬਣੇਗਾ। ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸੂਬੇ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਸਰਕਾਰ ਉਨ੍ਹਾਂ ਦੇ ਵਿਚਾਰਾਂ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ। ਗ੍ਰੀਨ ਸਿਟੀ ਦੇ ਡਾਇਰੈਕਟਰ ਅਤੇ ਭਾਜਪਾ ਆਗੂ ਸੌਰਭ ਕਥੂਰੀਆ ਨੇ ਕਿਹਾ ਕਿ ਪੰਡਿਤ ਦੀਨ ਦਿਆਲ ਉਪਾਧਿਆਏ ਸਧਾਰਨ ਪਰਿਵਾਰ ਵਿੱਚ ਜਨਮ ਲੈ ਕੇ ਦੇਸ਼ ਦੀ ਰਾਜਨੀਤੀ ਦੇ ਸਿਖਰ 'ਤੇ ਪਹੁੰਚੇ। ਉਨ੍ਹਾਂ ਨੇ ਭਾਰਤੀ ਜਨਸੰਘ ਵਿੱਚ ਰਾਸ਼ਟਰੀ ਜਨਰਲ ਸਕੱਤਰ ਅਤੇ ਰਾਸ਼ਟਰੀ ਪ੍ਰਧਾਨ ਵਰਗੀਆਂ ਮਹੱਤਵਪੂਰਨ ਜ਼ਿੰਮੇਵਾਰੀਆਂ ਨਿਭਾਈਆਂ। ਉਨ੍ਹਾਂ ਕਿਹਾ ਕਿ ਪੰਡਿਤ ਦੀਨ ਦਿਆਲ ਉਪਾਧਿਆਏ ਸਨਾਤਨ ਵਿਚਾਰਧਾਰਾ ਨੂੰ ਯੁੱਗ ਅਨੁਕੂਲ ਰੂਪ ਵਿੱਚ ਪੇਸ਼ ਕਰਦੇ ਸਨ ਅਤੇ ਇੱਕ ਮਜ਼ਬੂਤ ਅਤੇ ਸਸ਼ਕਤ ਭਾਰਤ ਦਾ ਸੁਪਨਾ ਦੇਖਦੇ ਸਨ। ਇਸ ਮੌਕੇ ਕੁਲਦੀਪ ਹਿੰਦੁਸਤਾਨੀ, ਕ੍ਰਿਸ਼ਨ ਕੁਮਾਰ, ਸੋਹਣ ਵਰਮਾ, ਸੋਨੂੰ ਤੰਵਰ ਸਮੇਤ ਹੋਰ ਲੋਕ ਹਾਜ਼ਰ ਸਨ।

ਤਾਹਲੀਵਾਲ ਵਿੱਚ ਮਨਾਇਆ ਪੋਸ਼ਣ ਮਹੀਨਾ 2026

ਪੈ.ਗਾਮ-ਏ-ਜਗਤ/ਹਰੋਲੀ/ਊਨਾ 25 ਸਤੰਬਰ (ਰਾਜਵੀਰ ਚੋਪੜਾ)

• ਔਰਤਾਂ ਲਈ ਉਨ੍ਹਾਂ ਦੇ ਖਾਣ-ਪੀਣ ਸਬੰਧੀ ਪੋਸ਼ਣ ਬਾਰੇ ਜਾਣਨਾ ਜ਼ਰੂਰੀ ਹੈ : ਨਿਰੰਜਨਾ ਕੁਮਾਰੀ



ਨਗਰ ਪੰਚਾਇਤ ਤਾਹਲੀਵਾਲ ਦੇ ਵਾਰਡ 1 ਦੀ ਆਂਗਣਵਾੜੀ ਵਿੱਚ ਸਹਿਗਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਪੋਸ਼ਣ ਮਹੀਨਾ 2026 ਮਨਾਇਆ ਗਿਆ, ਜਿਸ ਦੀ ਥੀਮ ਸਾਡੀ ਆਂਗਣਵਾੜੀ ਸਾਡੀ ਜ਼ਿੰਮੇਵਾਰੀ ਰੱਖੀ ਗਈ ਹੈ।

ਇਸ ਪੋਸ਼ਣ ਮਹੀਨੇ ਵਿੱਚ ਮੁੱਖ ਤੌਰ 'ਤੇ ਨਗਰ ਪੰਚਾਇਤ ਦੀ ਪ੍ਰਧਾਨ ਨਿਰੰਜਨਾ ਕੁਮਾਰੀ ਨੇ ਸ਼ਿਰਕਤ ਕਰਦਿਆਂ ਹਾਜ਼ਰ ਔਰਤਾਂ ਨੂੰ ਪੋਸ਼ਣ ਮਹੀਨੇ ਬਾਰੇ ਦੱਸਿਆ। ਉਨ੍ਹਾਂ ਨੇ ਔਰਤਾਂ ਨੂੰ ਪੋਸ਼ਣ ਦੇ ਤਰੀਕਿਆਂ ਅਤੇ ਖਾਣ-ਪੀਣ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਔਰਤਾਂ ਨੂੰ ਕੀ-ਕੀ ਖਾਣਾ ਚਾਹੀਦਾ ਹੈ, ਤਾਂ ਜੋ ਔਰਤਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਾ ਪਾਈ ਜਾਵੇ। ਪੋਸ਼ਣ ਮਹੀਨੇ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਦੁੱਧ ਪਿਲਾਉਣ ਵਾਲੀਆਂ ਮਾਵਾਂ ਅਤੇ 6 ਸਾਲ ਤੱਕ ਦੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਬਚਪਨ ਦੀ ਦੇਖਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਇਸ ਵਿੱਚ ਮੁੱਖ ਗਤੀਵਿਧੀਆਂ ਅਤੇ ਨੁਕਤਾ ਸਮੱਗਰੀ ਤੇ ਧਿਆਨ ਵਿੱਚ ਖੁਰਾਕ ਦੀ ਵਿਭਿੰਨਤਾ, ਆਂਗਣਵਾੜੀ ਕੇਂਦਰਾਂ 'ਤੇ ਤਾਜ਼ਾ ਅਤੇ ਗਰਮ ਪਕਾਇਆ ਹੋਇਆ ਭੋਜਨ ਅਤੇ ਲੋਕਾਂ ਦੀ ਭਾਗੀਦਾਰੀ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਇਸ ਪੋਸ਼ਣ ਮਹੀਨਾ ਪ੍ਰੋਗਰਾਮ ਵਿੱਚ ਲਗਭਗ 70 ਔਰਤਾਂ ਨੇ ਭਾਗ ਲਿਆ। ਇਸ ਮੌਕੇ 'ਤੇ ਕੌਂਸਲਰ ਡਿੰਪਲ ਦੇਵੀ, ਸੀਐਚਓ ਮਨੀਸ਼ਾ ਦੇਵੀ, ਪ੍ਰਿੰਸੀਪਲ ਕਿਰਨ ਦੇਵੀ, ਸਹਿਗਲ ਫਾਊਂਡੇਸ਼ਨ ਤੋਂ ਗੀਤਾ, ਪਵਨ, ਸਤੀਦਰ ਸਮੇਤ ਆਂਗਣਵਾੜੀ ਵਰਕਰ ਅਤੇ ਸਹਾਇਕ ਸਮੇਤ ਆਸ਼ਾ ਵਰਕਰ ਵੀ ਮੌਜੂਦ ਸਨ।

ਖੇਡਾਂ ਵਿੱਚ ਚਮਕਿਆ ਸਰਕਾਰੀ ਹਾਈ ਸਕੂਲ ਠਕਰਾਂ

ਪਹਿਲ ਧੁੱਗਾ ਨੇ ਸ਼ਾਟਪੁੱਟ ਵਿੱਚ ਜਿੱਤਿਆ ਸੋਨ ਤਮਗਾ, ਅਸ਼ਵਦੀਪ ਸਿੰਘ ਨੇ ਹਾਸਲ ਕੀਤਾ ਚਾਂਦੀ ਦਾ ਤਮਗਾ

ਪੈ.ਗਾਮ-ਏ-ਜਗਤ/ਹਰੋਲੀ/ਊਨਾ 25 ਸਤੰਬਰ (ਰਾਜਵੀਰ ਚੋਪੜਾ)



ਸਰਕਾਰੀ ਹਾਈ ਸਕੂਲ ਠਕਰਾਂ ਦੇ ਵਿਦਿਆਰਥੀਆਂ ਨੇ ਅੰਡਰ-14 ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੀ ਵਿਦਿਆਰਥਣ ਪਹਿਲ ਧੁੱਗਾ ਨੇ ਅੰਡਰ-14 ਲੜਕੀਆਂ ਦੇ ਵਰਗ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਸੋਨ ਤਮਗਾ ਹਾਸਲ ਕੀਤਾ। ਉੱਥੇ ਹੀ ਸਕੂਲ ਦੇ ਵਿਦਿਆਰਥੀ ਅਸ਼ਵਦੀਪ ਸਿੰਘ ਨੇ ਅੰਡਰ-14 ਲੜਕਿਆਂ ਦੇ ਵਰਗ ਦੇ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਆਪਣੇ ਨਾਮ ਕਰਕੇ ਸਕੂਲ ਦਾ ਮਾਣ ਵਧਾਇਆ। ਦੋਵਾਂ ਖਿਡਾਰੀਆਂ ਨੇ ਆਪਣੀ ਮਿਹਨਤ, ਲਗਨ ਅਤੇ ਖੇਡ ਪ੍ਰਤਿਭਾ ਦੇ ਦਮ 'ਤੇ ਇਹ ਉਪਲਬਧੀ ਹਾਸਲ ਕੀਤੀ। ਉਨ੍ਹਾਂ ਦੀ ਸਫਲਤਾ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਮਿਲੀ ਹੈ।

ਸਕੂਲ ਦੇ ਮੁੱਖ ਅਧਿਆਪਕ, ਸਰੀਰਕ ਸਿੱਖਿਆ ਅਧਿਆਪਕ ਅਤੇ ਸਮੂਹ ਸਟਾਫ ਨੇ ਦੋਵਾਂ ਖਿਡਾਰੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਉਪਲਬਧੀ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਸਕੂਲ ਪਰਿਵਾਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਲਗਾਤਾਰ ਉਤਸ਼ਾਹਿਤ ਕੀਤਾ ਜਾਂਦਾ ਹੈ। ਦੋਵਾਂ ਹੋਣਹਾਰ ਖਿਡਾਰੀਆਂ ਦੀ ਉਪਲਬਧੀ ਨਾਲ ਸਰਕਾਰੀ ਹਾਈ ਸਕੂਲ ਠਕਰਾਂ ਦੇ ਨਾਲ-ਨਾਲ ਇਲਾਕੇ ਦਾ ਵੀ ਮਾਣ ਵਧਿਆ ਹੈ।

ਸ.ਫਾ 1 ਦਾ ਬਾਕੀ...

ਏਸ਼ੀਅਨ ਖੇਡਾਂ-ਭਾਰਤ...

ਇਸ ਦੇ ਨਾਲ ਹੀ, ਮਿਕਸਡ ਟੇਬਲ ਟੈਨਿਸ ਟੀਮ ਵੱਲੋਂ ਦਿਯਾ ਚਿਟਲੇ ਅਤੇ ਮਨੁਸ਼ ਸ਼ਾਹ ਨੇ ਵੀ ਕਾਂਸੀ ਦਾ ਤਗਮਾ ਜਿੱਤਿਆ, ਜਿਸ ਨਾਲ ਭਾਰਤ ਦੇ ਕੁੱਲ ਤਗਮੇ 22 ਹੋ ਗਏ ਹਨ। ਮਹਿਲਾ ਹਾਕੀ ਟੀਮ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨੂੰ ਜਾਰੀ ਰੱਖਦਿਆਂ ਮੇਜ਼ਬਾਨ ਜਪਾਨ ਨੂੰ 3-1 ਨਾਲ ਹਰਾ ਕੇ ਸੈਮੀਫਾਈਨਲ ਵਿੱਚ ਆਪਣੀ ਜਗ੍ਹਾ ਲਗਭਗ ਪੱਕੀ ਕਰ ਲਈ ਹੈ।

ਸ਼ੂਟਿੰਗ ਵਿੱਚ ਸਫਲਤਾ ਮਿਲਣ ਦੇ ਬਾਵਜੂਦ, ਬੈਡਮਿੰਟਨ ਕੋਰਟ ਤੋਂ ਭਾਰਤ ਦਾ ਦਿਨ ਵਧੀਆ ਨਹੀਂ ਰਿਹਾ। ਸਾਬਕਾ ਵਿਸ਼ਵ ਨੰਬਰ 1 ਅਤੇ ਦੋ ਵਾਰ ਦੇ ਵਿਸ਼ਵ ਚੈਂਪੀਅਨਸ਼ਿਪ ਦੇ ਕਾਂਸੀ ਦਾ ਤਗਮਾ ਜੇਤੂ ਸਾਤਵਿਕ ਅਤੇ ਚਿਰਾਗ ਮੁਕਾਬਲੇ ਦੇ ਸ਼ੁਰੂਆਤੀ ਦੌਰ ਵਿੱਚ ਹੀ ਬਾਹਰ ਹੋ ਗਏ।

ਦੂਜੇ ਪਾਸੇ, ਬੈਡਮਿੰਟਨ ਵਿੱਚ ਕੁਝ ਚੰਗੇ ਨਤੀਜੇ ਵੀ ਦੇਖਣ ਨੂੰ ਮਿਲੇ ਜਿੱਥੇ ਮਹਿਲਾ ਡਬਲਜ਼ ਵਿੱਚ ਤ੍ਰੀਸਾ ਜੋਲੀ ਅਤੇ ਗਾਇਤਰੀ ਗੋਪੀਚੰਦ ਨੇ ਹਾਂਗ ਕਾਂਗ ਦੀ ਜੋੜੀ ਨੂੰ 21-16, 16-21, 21-16 ਨਾਲ ਹਰਾਇਆ।

ਕਬੱਡੀ ਵਿੱਚ ਭਾਰਤ ਨੂੰ ਦੋ ਸੋਨ ਤਗਮੇ ਮਿਲਣ ਦੀ ਪੂਰੀ ਉਮੀਦ ਹੈ ਕਿਉਂਕਿ ਪੁਰਸ਼ ਅਤੇ ਮਹਿਲਾ ਦੋਵਾਂ ਟੀਮਾਂ ਨੇ ਕ੍ਰਮਵਾਰ ਥਾਈਲੈਂਡ ਅਤੇ ਨੇਪਾਲ ਨੂੰ ਹਰਾ ਕੇ ਫਾਈਨਲ ਵਿੱਚ ਦਾਖਲਾ ਹਾਸਲ ਕੀਤਾ ਹੈ। ਸਕੈਸ਼ ਕੋਰਟ 'ਤੇ ਭਾਰਤੀ ਖਿਡਾਰੀਆਂ ਨੇ ਤਿੰਨ ਤਗਮੇ ਪੱਕੇ ਕਰ ਲਏ ਹਨ। ਜੋਸ਼ਨਾ ਚਿਨੱਪਾ ਅਤੇ ਵੇਲਵਨ ਸੇਂਥਿਲਕੁਮਾਰ ਨੇ ਮਿਕਸਡ ਡਬਲਜ਼ ਦੇ ਸੈਮੀਫਾਈਨਲ ਵਿੱਚ ਪ੍ਰਵੇਸ਼ ਕੀਤਾ, ਜਦੋਂ ਕਿ ਅਨਾਹਤ ਸਿੰਘ ਅਤੇ ਅਭੈ ਸਿੰਘ ਨੇ ਸਿੰਗਲਜ਼ ਦੇ ਆਖਰੀ ਚਾਰ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ।

ਭਾਰਤ ਦੀ ਪਹਿਲੀ ਜੂਨੀਅਰ ਵਿਸ਼ਵ ਚੈਂਪੀਅਨ ਅਨਾਹਤ ਸਿੰਘ ਨੇ ਕੁਆਰਟਰ ਫਾਈਨਲ ਵਿੱਚ ਆਪਣੀ ਹੀ ਦੇਸ਼ ਵਾਸੀ ਤਨਵੀ ਖੰਨਾ ਨੂੰ 11-2, 11-5, 11-3 ਨਾਲ ਹਰਾਇਆ। ਅਭੈ ਸਿੰਘ ਨੇ ਵੀ ਜਾਪਾਨ ਦੇ ਰਯੋਨੋਸੁਕੇ ਤਸੁਕੁਏ ਨੂੰ 11-4, 11-3, 11-6 ਨਾਲ ਮਾਤ ਦਿੱਤੀ। ਇਨ੍ਹਾਂ ਸਿੰਗਲਜ਼ ਮੁਕਾਬਲਿਆਂ ਦੇ ਜੇਤੂ ਸਿੱਧੇ ਤੌਰ 'ਤੇ 2028 ਦੇ ਲਾਸ ਏਂਜਲਸ ਓਲੰਪਿਕ ਲਈ ਕੁਆਲੀਫਾਈ ਕਰਨਗੇ, ਜਿੱਥੇ ਸਕੈਸ਼ ਪਹਿਲੀ ਵਾਰ ਸ਼ਾਮਲ ਹੋਣ ਜਾ ਰਿਹਾ ਹੈ।

ਸ਼ਾਟਪੁੱਟ ਖਿਡਾਰਨ ਮਨਪ੍ਰੀਤ...

ਜਾਪਾਨ ਤੋਂ ਮਹਿਜ਼ 2.146 ਅੰਕ ਪਿੱਛੇ ਰਿਹਾ।

ਹਿਰਦੇ ਵਿਪੁਲ ਛੇੜਾ ਨੇ 2007 ਵਿੱਚ ਜਨਮੇ 'ਬੇ ਓਲਡਨਬਰਗ' ਘੋੜੇ ਡੋਨੋ ਡੀ ਮਾਗੀਓ ਦੀ ਸਵਾਰੀ ਕਰਦਿਆਂ 67.353 ਅੰਕ ਹਾਸਲ ਕੀਤੇ। ਉੱਥੇ ਹੀ ਸ਼ਰੁਤੀ ਵੋਰਾ ਨੇ 2012 ਵਿੱਚ ਜਨਮੇ 'ਓਲਡਨਬਰਗ' ਘੋੜੇ ਮੈਗਨੈਨੀਮਸ ਦੀ ਸਵਾਰੀ ਕਰਦਿਆਂ 68.059 ਅੰਕ ਹਾਸਲ ਕਰਕੇ ਭਾਰਤ ਦਾ ਸਰਵੋਤਮ ਸਕੋਰ ਬਣਾਇਆ। ਜਦਕਿ ਜੈ ਸੂਦ ਨੇ 2011 ਵਿੱਚ ਜਨਮੇ ਘੋੜੇ ਗੁਫੀ ਲਾ ਪਰਲੇ 'ਤੇ ਸਵਾਰ ਹੋ ਕੇ 66.559 ਅੰਕ ਹਾਸਲ ਕੀਤੇ। ਇਨ੍ਹਾਂ ਤਿੰਨਾਂ ਦੇ ਸਕੋਰ ਨੂੰ ਮਿਲਾ ਕੇ ਭਾਰਤ ਦੇ 201.971 ਅੰਕ ਹੋਏ, ਜਿਸ ਨਾਲ ਟੀਮ ਤਗਮੇ ਵਾਲੇ ਸਥਾਨ ਤੋਂ ਠੀਕ ਪਿੱਛੇ ਰਹੀ।

ਗਿਆਨੇਸ਼ ਕੁਮਾਰ ਦੇ...

ਇਸ ਤੋਂ ਪਹਿਲਾਂ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਸੀ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ, ਜਿਨ੍ਹਾਂ 'ਤੇ ਵੋਟਾਂ ਚੋਰੀ ਕਰਨ ਦੇ ਦੋਸ਼ ਹਨ, ਨੂੰ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ। ਪਾਰਟੀ ਨੇ ਸੀਈਸੀ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾਉਣ ਅਤੇ ਉਨ੍ਹਾਂ ਵਿਰੁੱਧ ਐਫਆਈਆਰਦਰਜ ਕਰਨ ਦੀ ਮੰਗ ਵੀ ਕੀਤੀ ਹੈ।

ਸ਼ਿਮਲਾ 'ਚ ਕਾਂਗਰਸ...

ਮੁਕੇਸ਼ ਅਗਨੀਹੋਤਰੀ ਅਤੇ ਸਿੱਖਿਆ ਮੰਤਰੀ ਰੋਹਿਤ ਠਾਕੁਰ ਨੇ ਕੀਤੀ ਅਤੇ ਵਰਕਰਾਂ ਨੂੰ ਸੰਬੋਧਨ ਕੀਤਾ। ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਸੋਲਨ ਵਿਖੇ ਇੱਕ ਪਹਿਲਾਂ ਤੋਂ ਤੈਅ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਕਾਰਨ ਇਸ ਧਰਨੇ ਵਿੱਚ ਸ਼ਿਰਕਤ ਨਹੀਂ ਕਰ ਸਕੇ। ਪ੍ਰਦਰਸ਼ਨ ਦੌਰਾਨ ਜਦੋਂ ਕਾਂਗਰਸ ਵਰਕਰ ਪੁਤਲੇ ਫੂਕ ਰਹੇ ਸਨ ਤਾਂ ਪੁਲੀਸ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਵੀ ਕੀਤੀ। ਧਰਨੇ ਦੌਰਾਨ ਪ੍ਰਦਰਸ਼ਨਕਾਰੀਆਂ ਨੇ 'ਵੋਟ ਚੋਰ, ਗੱਦੀ ਚੋਰ' ਅਤੇ 'ਗਿਆਨੇਸ਼ ਕੁਮਾਰ ਨੂੰ ਗ੍ਰਿਫ਼ਤਾਰ ਕਰੋ' ਵਰਗੇ ਤਿੱਖੇ ਨਾਅਰੇ ਲਗਾਏ ਅਤੇ ਚੋਣ ਪੈਨਲ 'ਤੇ ਚੋਣ ਪ੍ਰਕਿਰਿਆ ਨਾਲ ਸਮਝੌਤਾ ਕਰਨ ਦੇ ਦੋਸ਼ ਲਗਾਏ।

ਚਾਰਾਂ ਸਾਲਾਂ 'ਚ...

ਸਮਝਣ ਵਿਚ ਤਕਰੀਬਨ 60 ਸਾਲ ਬਿਤਾਏ ਹਨ ਤੇ ਉਹ ਸੂਬੇ ਨੂੰ ਚੰਗੀ ਤਰ੍ਹਾਂ ਜਾਣਦੇ ਹਨ। ਪਾਰਟੀ ਬਦਲਣ ਬਾਰੇ ਪੁੱਛੇ ਜਾਣ 'ਤੇ ਕੈਪਟਨ ਨੇ ਕਿਹਾ ਕਿ ਉਹ ਭਾਜਪਾ ਵਿਚ ਹੀ ਰਹਿਣਗੇ। ਇਸ ਦੇ ਨਾਲ ਹੀ ਕੈਪਟਨ ਨੇ ਅਕਾਲੀ ਦਲ ਤੇ ਭਾਜਪਾ ਦੇ ਗੱਠਜੋੜ ਦੀ ਇਕ ਵਾਰ ਫ਼ਿਰ ਤੋਂ ਵਕਾਲਤ ਕੀਤੀ ਹੈ।

ਪੰਜਾਬ ਇੱਕ ਪ੍ਰਮੁੱਖ...

ਵਿਸ਼ਵਵਿਆਪੀ ਨਿਵੇਸ਼ਕਾਂ ਦੇ ਵਧਦੇ ਭਰੋਸੇ ਨੂੰ ਦਰਸਾਉਂਦਾ ਹੈ। ਸਰਕਾਰ ਨੇ ਬਿਹਤਰ ਬੁਨਿਆਦੀ ਢਾਂਚੇ, ਪਾਰਦਰਸ਼ੀ ਸ਼ਾਸਨ ਅਤੇ ਸਰਲ ਪ੍ਰਸ਼ਾਸਨਿਕ ਮਨਜ਼ੂਰੀਆਂ ਰਾਹੀਂ ਨਿਵੇਸ਼ਕ-ਪੱਖੀ ਮਾਹੌਲ ਸਿਰਜਿਆ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕੰਪਨੀਆਂ—ਜਿਨ੍ਹਾਂ ਵਿੱਚ ਟਾਟਾ ਸਟੀਲ, ਜੇਐਸਡਬਲਯੂ ਸਟੀਲ, ਆਈਚੀ ਸਟੀਲਜ਼, ਵਰਧਮਾਨ, ਨੇਸਲੇ, ਹਿੰਦੁਸਤਾਨ ਲੀਵਰ, ਕਾਰਗਿਲ, ਡੀ ਹਿਊਸ, ਐਚਐਮਈਐਲ, ਸੰਥਾਨ ਟੈਕਸਟਾਈਲ ਅਤੇ ਫਰੂਡੇਨਬਰਗ ਸ਼ਾਮਲ ਹਨ—ਨੇ ਪੰਜਾਬ ਵਿੱਚ ਨਿਵੇਸ਼ ਕੀਤਾ ਹੈ ਜਾਂ ਆਪਣੇ ਕਾਰਜਾਂ ਦਾ ਵਿਸਥਾਰ ਕੀਤਾ ਹੈ।

ਵੋਟ ਬੈਂਕ ਦੀ...

ਯਾਤਰਾਵਾਂ ਨੇ ਉਨ੍ਹਾਂ ਦੇ ਨਿੱਜੀ ਜੀਵਨ ਨੂੰ ਘੜਨ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਇਨ੍ਹਾਂ ਤੋਂ ਮਿਲੇ ਅਨੁਭਵ ਅੱਜ ਵੀ ਉਨ੍ਹਾਂ ਲਈ ਗੁਰੂ ਵਾਂਗ ਮਾਰਗਦਰਸ਼ਨ ਕਰਦੇ ਹਨ। ਗੌਰਤਲਬ ਹੈ ਕਿ ਪ੍ਰਧਾਨ ਮੰਤਰੀ ਮੋਦੀ ਦੀਆਂ 25 ਸਾਲਾਂ ਦੀਆਂ ਜਨਤਕ ਸੇਵਾਵਾਂ ਨੂੰ ਸਮਰਪਿਤ ਇਹ ਦੋਵੇਂ ਮੋਟਰਸਾਈਕਲ ਰੈਲੀਆਂ—ਵਡਨਗਰ ਤੋਂ ਵਾਰਾਣਸੀ ਅਤੇ ਵਾਰਾਣਸੀ ਤੋਂ ਵਡਨਗਰ—ਉਨ੍ਹਾਂ ਦੇ 76ਵੇਂ ਜਨਮ ਦਿਨ 'ਤੇ 17 ਸਤੰਬਰ ਨੂੰ ਸ਼ੁਰੂ ਹੋਈਆਂ ਸਨ, ਜੋ 7 ਅਕਤੂਬਰ ਨੂੰ ਸਮਾਪਤ ਹੋਣਗੀਆਂ। ਵਡਨਗਰ ਉਨ੍ਹਾਂ ਦਾ ਜਨਮ ਸਥਾਨ ਹੈ, ਜਦਕਿ ਵਾਰਾਣਸੀ ਉਨ੍ਹਾਂ ਦਾ ਲੋਕ ਸਭਾ ਹਲਕਾ ਹੈ।

ਚੰਡੀਗੜ੍ਹ 'ਚ ਹੈੱਡ...

ਤਾਇਨਾਤ ਸੀ। ਗੁਆਂਢੀਆਂ ਮੁਤਾਬਕ ਸ਼ੁਰੂ 'ਚ ਨਿਤਿਨ ਦੇ ਘਰੋਂ ਰੌਲੇ ਦੀਆਂ ਆਵਾਜ਼ਾਂ ਆ ਰਹੀਆਂ ਸਨ। ਥੋੜ੍ਹੀ ਦੇਰ ਬਾਅਦ ਅਚਾਨਕ ਗੋਲ਼ੀ ਚੱਲਣ ਦੀ ਆਵਾਜ਼ ਆਈ। ਗੁਆਂਢੀਆਂ ਨੇ ਫਿਰ ਪੁਲਸ ਕੰਟਰੋਲ ਰੂਮ ਨੂੰ ਸੂਚਿਤ ਕੀਤਾ। ਸੈਕਟਰ-17 ਦੀ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਘਰ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਜਾਂਚ ਸ਼ੁਰੂ ਕਰ ਦਿੱਤੀ। ਘਟਨਾ ਮਗਰੋਂ ਪੁਲਸ ਨੇ ਨਿਤਿਨ ਦੇ 17 ਸਾਲਾ ਪੁੱਤਰ ਤੋਂ ਪੁੱਛਗਿੱਛ ਕੀਤੀ। ਆਪਣੇ ਸ਼ੁਰੂਆਤੀ ਬਿਆਨ 'ਚ ਪੁੱਤਰ ਨੇ ਪੁਲਸ ਨੂੰ ਦੱਸਿਆ ਕਿ ਬਾਹਰੋਂ ਆ ਕੇ ਕਿਸੇ ਵਿਅਕਤੀ ਨੇ ਉਸ ਦੇ ਪਿਤਾ ਨੂੰ ਗੋਲੀ ਮਾਰ ਦਿੱਤੀ ਅਤੇ ਮੌਕੇ ਤੋਂ ਭੱਜ ਗਿਆ। ਜਦੋਂ ਪੁਲਸ ਨੇ ਉਸ ਤੋਂ ਘਟਨਾ ਬਾਰੇ ਦੋਬਾਰਾ ਪੁੱਛਗਿੱਛ ਕੀਤੀ ਤਾਂ ਉਸ ਦੇ ਬਿਆਨ 'ਚ ਸ਼ੱਕ ਸਾਹਮਣੇ ਆਇਆ।

ਬੇਕਾਬੂ ਪਿਕਅੱਪ ਟਰੱਕ...

ਬਾਹਰ ਕੱਢਿਆ। ਇਸ ਤੋਂ ਬਾਅਦ, ਪੁਲਿਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਧਮਤਰੀ ਜ਼ਿਲ੍ਹਾ ਹਸਪਤਾਲ ਪਹੁੰਚਣ 'ਤੇ ਡਾਕਟਰਾਂ ਦੀ ਟੀਮ ਨੇ ਜ਼ਖ਼ਮੀਆਂ ਦਾ ਇਲਾਜ ਸ਼ੁਰੂ ਕੀਤਾ। ਛੇ ਜ਼ਖ਼ਮੀਆਂ ਵਿੱਚੋਂ ਦੋ ਦੀ ਹਾਲਤ ਗੰਭੀਰ ਬਣੀ ਹੋਈ ਹੈ।

ਅੰਬਾਲਾ ਵਿੱਚ ਰੇਲਵੇ...

ਪਿੰਡ ਦਾ ਰਹਿਣ ਵਾਲਾ ਗਿਰਾਜ ਮੀਨਾ ਟੈਸਟ ਦੇਣ ਲਈ ਅੰਬਾਲਾ ਪਹੁੰਚਿਆ ਸੀ।

ਜਾਂਚ ਵਿੱਚ ਸਾਹਮਣੇ ਆਇਆ ਕਿ ਮੁਲਜ਼ਮ ਨੇ ਪਹਿਲਾਂ 5 ਸਤੰਬਰ 2026 ਨੂੰ ਨਾਗਪੁਰ ਵਿੱਚ ਰਾਹੁਲ ਮੀਨਾ ਨਾਮਕ ਉਮੀਦਵਾਰ ਬਣ ਕੇ ਸਰੀਰਕ ਸਮਰੱਥਾ ਟੈਸਟ ਦਿੱਤਾ ਸੀ। ਪੁੱਛਗਿੱਛ ਦੌਰਾਨ ਉਸਨੇ ਮੰਨਿਆ ਕਿ ਰਾਹੁਲ ਮੀਨਾ ਉਸਦੀ ਭੂਆ ਦਾ ਲੜਕਾ ਹੈ। ਇਸੇ ਤਰ੍ਹਾਂ, ਦੂਜੇ ਮਾਮਲੇ ਵਿੱਚ, ਉੱਤਰ ਪ੍ਰਦੇਸ਼ ਦੇ ਫਿਰੋਜ਼ਾਬਾਦ ਜ਼ਿਲ੍ਹੇ ਦੇ ਸ਼ਾਹਪੁਰ ਪਿੰਡ ਦਾ ਰਹਿਣ ਵਾਲਾ ਸੰਦੀਪ ਕੁਮਾਰ ਯਾਦਵ ਵੀ 19-ਅਧਾਰਿਤ ਸਕ੍ਰੀਨਿੰਗ ਪ੍ਰਣਾਲੀ ਦੁਆਰਾ ਫੜਿਆ ਗਿਆ। ਰਿਕਾਰਡਾਂ ਦੀ ਜਾਂਚ ਤੋਂ ਪਤਾ ਲੱਗਾ ਕਿ 6 ਸਤੰਬਰ 2026 ਨੂੰ ਉਹ ਆਪਣੇ ਰਿਸ਼ਤੇਦਾਰ ਅਭਿਸ਼ੇਕ ਦੀ ਥਾਂ 'ਤੇ ਰਤਲਾਮ (ਮੱਧ ਪ੍ਰਦੇਸ਼) ਵਿੱਚ ਪ੍ਰੀਖਿਆ ਵਿੱਚ ਸ਼ਾਮਲ ਹੋਇਆ ਸੀ। ਇਸ ਤੋਂ ਇਲਾਵਾ, ਬੁੱਧਵਾਰ ਨੂੰ ਹੋਈ ਜਾਂਚ ਵਿੱਚ ਇਹ ਖੁਲਾਸਾ ਹੋਇਆ ਕਿ 22 ਸਤੰਬਰ ਨੂੰ ਸਤੀਸ਼—ਜੋ ਕਿ ਹਿਸਾਰ ਦੀ ਜਾਖਲ ਰੇਲਵੇ ਕਲੋਨੀ ਦਾ ਵਸਨੀਕ ਹੈ—ਨੇ ਆਪਣੇ ਦੋਸਤ ਦੀਪਕ ਦੀ ਥਾਂ 'ਤੇ ਪ੍ਰੀਖਿਆ ਦਿੱਤੀ ਸੀ। ਇਸ ਤੋਂ ਬਾਅਦ, 23 ਸਤੰਬਰ ਨੂੰ ਜਦੋਂ ਉਹ ਖੁਦ ਪ੍ਰੀਖਿਆ ਦੇਣ ਆਇਆ ਤਾਂ ਫੜਿਆ ਗਿਆ; ਇਸੇ ਦੌਰਾਨ ਇਹ ਧੋਖਾਧੜੀ ਸਾਹਮਣੇ ਆਈ। ਫਿਰ ਸਤੀਸ਼ ਉੱਥੋਂ ਭੱਜਣ ਵਿੱਚ ਕਾਮਯਾਬ ਹੋ ਗਿਆ।

ਬ੍ਰਿਜਭੂਸ਼ਣ ਨੂੰ ਬਰੀ...

ਕਿ ਇਹ ਹੁਕਮ ਕਾਨੂੰਨ ਵਿੱਚ ਟਿਕਣਯੋਗ ਨਹੀਂ ਹੈ ਅਤੇ ਰਿਕਾਰਡ 'ਤੇ ਮੌਜੂਦ ਸਬੂਤਾਂ ਦੇ ਗਲਤ ਅਤੇ ਚੋਣਵੇਂ ਮੁਲਾਂਕਣ 'ਤੇ ਅਧਾਰਤ ਹੈ, ਜਿਸ ਨੂੰ ਉਹ ਦੱਸਦੇ ਹਨ। ਅਪੀਲ ਵਿੱਚ ਦਲੀਲ ਦਿੱਤੀ ਗਈ ਹੈ ਕਿ ਵਿਵਾਦਤ ਹੁਕਮ ਕਿਆਸ ਅਰਾਈਆਂ ਅਤੇ ਅੰਦਾਜ਼ਿਆਂ 'ਤੇ ਅੱਗੇ ਵਧਦਾ ਹੈ ਅਤੇ ਕਾਨੂੰਨ ਦੇ ਬੰਧਨਕਾਰੀ ਅਤੇ ਚੰਗੀ ਤਰ੍ਹਾਂ ਤੈਅ ਸਿਧਾਂਤਾਂ ਨੂੰ ਲਾਗੂ ਕਰਨ ਵਿੱਚ ਅਸਫਲ ਰਹਿੰਦਾ ਹੈ। ਇਹ ਮਾਮਲਾ ਡਬਲਯੂ.ਐੱਫ.ਆਈ. ਮੁਖੀ ਵਜੋਂ ਆਪਣੇ ਕਾਰਜਕਾਲ ਦੌਰਾਨ ਸਿੰਘ ਵਿਰੁੱਧ ਮਹਿਲਾ ਪਹਿਲਵਾਨਾਂ ਵੱਲੋਂ ਦਾਇਰ ਕੀਤੀਆਂ ਗਈਆਂ ਸ਼ਿਕਾਇਤਾਂ ਤੋਂ ਪੈਦਾ ਹੋਇਆ।

ਪੀਐਮ ਮੋਦੀ ਨਾਲ...

ਚੁੱਕੀ ਹੈ। ਹਾਲਾਂਕਿ, ਉਨ੍ਹਾਂ ਦਲੀਲ ਦਿੱਤੀ ਕਿ ਜ਼ਿੰਮੇਵਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਜਾਂ ਵਾਇਰਲ ਡੀਪਫੇਕ ਲਿੰਕਾਂ ਨੂੰ ਤੁਰੰਤ ਹਟਾਉਣ ਜਾਂ ਬਲਾਕ ਕਰਨ ਨੂੰ ਯਕੀਨੀ ਬਣਾਉਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਪਟੀਸ਼ਨ ਵਿੱਚ ਕਿਹਾ ਗਿਆ ਹੈ, ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਸੀਜੇਪੀ ਵੱਲੋਂ ਹਾਲ ਹੀ ਵਿੱਚ ਕੀਤੇ ਗਏ ਪ੍ਰਦਰਸ਼ਨਾਂ ਦੌਰਾਨ, ਉੱਤਰਦਾਤਾ ਨੰਬਰ 2 ਤੋਂ 5 (ਸੀਜੇਪੀ ਆਗੂਆਂ) ਨੇ ਆਪਣੇ ਸਰਗਰਮ ਸਾਥੀਆਂ ਨਾਲ ਮਿਲ ਕੇ ਅਣਅਧਿਕਾਰਤ ਤੌਰ 'ਤੇ ਪਟੀਸ਼ਨਰ ਦੀ ਨਿੱਜੀ ਤਸਵੀਰ ਹਾਸਲ ਕੀਤੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਫੇਸ-ਸਵੈਪਿੰਗ ਟੂਲਸ ਦੀ ਵਰਤੋਂ ਕਰਕੇ ਉਸ ਦੇ ਚਿਹਰੇ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਦੇ ਨਾਲ ਇੱਕ ਬਹੁਤ ਹੀ ਅਸ਼ਲੀਲ ਅਤੇ ਇਤਰਾਜ਼ਯੋਗ ਤਸਵੀਰ 'ਤੇ ਮਾਰਫ਼ ਕਰ ਦਿੱਤਾ।

ਦਾਅਵਾ : ਮੰਦਰ ਦੇ...

ਨਾਲ ਸੀਸੀਟੀਵੀ ਫੁਟੇਜ ਦੇਖੀ। ਇਸ ਤੋਂ ਬਾਅਦ, ਮੰਦਰ ਦੇ ਅਹਾਤੇ ਦੀ ਸੀਸੀਟੀਵੀ ਫੁਟੇਜ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਪੁਲਿਸ ਅਨੁਸਾਰ, ਚੜ੍ਹਾਵੇ ਦੀ ਚੋਰੀ ਨਾਲ ਸਬੰਧਤ 105 ਘਟਨਾਵਾਂ ਕੈਮਰੇ ਵਿੱਚ ਦਰਜ ਹੋਈਆਂ ਸਨ। 173 ਗਵਾਹਾਂ ਦੇ ਬਿਆਨ ਦਰਜ ਕੀਤੇ ਗਏ।

ਸ਼ਰਾਬ ਪੀ ਕੇ...

ਮੁਅੱਤਲ ਰਹੇਗਾ। ਜਾਂਚ ਦੇ ਨਤੀਜਿਆਂ ਦੇ ਆਧਾਰ 'ਤੇ ਬਣਦੀ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

ਇਸ ਘਟਨਾ ਸਬੰਧੀ 'ਸਵਿਸ ਫੈਡਰਲ ਆਫਿਸ ਆਫ ਸਿਵਲ ਐਵੀਏਸ਼ਨ' ਦੇ ਬੁਲਾਰੇ ਨੇ 'ਪੀਟੀਆਈ' ਨੂੰ ਦੱਸਿਆ ਕਿ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਜ਼ਰੂਰੀ ਕਦਮ ਚੁੱਕੇ ਗਏ ਹਨ। ਉਨ੍ਹਾਂ ਦੱਸਿਆ, ÷ਏਅਰਲਾਈਨ ਅਤੇ ਭਾਰਤ ਦੇ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ ਨੂੰ ਇਸ ਦੀ ਸੂਚਨਾ ਦੇ ਦਿੱਤੀ ਗਈ ਸੀ। ਇਸ ਦੇ ਸਿੱਟੇ ਵਜੋਂ ਜ਼ਿਊਰਿਖ ਤੋਂ ਦਿੱਲੀ ਲਈ ਉਡਾਣ ਏਆਈ151 ਆਪਣੇ ਨਿਰਧਾਰਿਤ ਸਮੇਂ 'ਤੇ ਉਡਾਣ ਨਹੀਂ ਭਰ ਸਕੀ।

ਈ.ਡੀ. ਦਾ...

ਅਨੁਸਾਰ ਇਹ ਪੂਰੀ ਜਾਂਚ ਸੀ.ਬੀ.ਆਈ. ਵੱਲੋਂ ਮੈਸਰਜ਼ ਤਿਰੂਪਤੀ ਇੰਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ ਦੇ ਪ੍ਰਮੋਟਰਾਂ ਜਗਮੋਹਨ ਗਰਗ ਅਤੇ ਮਨਮੋਹਨ ਗਰਗ ਵਿਰੁੱਧ 238 ਕਰੋੜ ਰੁਪਏ ਦੀ ਬੈਂਕ ਧੋਖਾਧੜੀ ਦੇ ਦਰਜ ਮਾਮਲੇ ਤੋਂ ਸ਼ੁਰੂ ਹੋਈ ਸੀ। ਜਾਂਚ ਦੌਰਾਨ ਸਾਹਮਣੇ ਆਇਆ ਕਿ ਗਮਾਡਾ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਮੈਸਰਜ਼ ਰੇਮੀਗੇਟ ਇੰਫਰਾ ਡਿਵੈਲਪਰਜ਼ ਨੂੰ 57 ਕਰੋੜ ਰੁਪਏ ਦੇ ਸਰਕਾਰੀ ਬਕਾਏ ਦੀ ਗੈਰ-ਕਾਨੂੰਨੀ ਛੋਟ ਦਿੱਤੀ ਗਈ ਅਤੇ ਰੱਦ ਕੀਤੇ ਪਲਾਟਾਂ ਨੂੰ ਦੁਬਾਰਾ ਅਲਾਟ ਕੀਤਾ ਗਿਆ। ਇਸ ਕਾਰਵਾਈ ਹੇਠ ਪ੍ਰਮੁੱਖ ਸਕੱਤਰ ਵਿਕਾਸ ਗਰਗ, ਚੀਫ਼ ਐਡਮਿਨਿਸਟ੍ਰੇਟਰ ਸੰਦੀਪ ਰਿਸ਼ੀ, ਸਾਬਕਾ ਸੀ.ਏ. ਰਾਜੀਵ ਗੁਪਤਾ, ਏ.ਸੀ.ਏ. ਅਮਰਿੰਦਰ ਮਾਲਹੀ ਅਤੇ ਲੈਂਡ ਐਕੁਈਜ਼ੀਸ਼ਨ ਕਲੈਕਟਰ ਰੋਹਿਤ ਜਿੰਦਲ ਸਮੇਤ ਕਈ ਪ੍ਰਮੁੱਖ ਅਧਿਕਾਰੀ ਆਏ ਹਨ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਰੋਡ ਸੇਫਟੀ ਸੋਸਾਇਟੀ ਵਲੋਂ ਸੜਕ ਸੁਰੱਖਿਆ ਜਾਗਰੂਕਤਾ ਵਾਸਤੇ ਰੈਲੀਆਂ ਤੇ ਵਿਦਿਅਕ ਅਦਾਰਿਆਂ ਵਿੱਚ ਜਾਗਰੂਕਤਾ ਪ੍ਰੋਜੈਕਟ ਕਰਨ ਦਾ ਫੈਸਲਾ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਸਥਾਨਕ ਰੋਡ ਸੇਫਟੀ ਅਵੇਰਨੈੱਸ ਸੋਸਾਇਟੀ ਵਲੋਂ ਸੜਕ ਸੁਰੱਖਿਆ ਜਾਗਰੂਕਤਾ ਤੇ ਵਿਸ਼ੇਸ਼ ਧਿਆਨ ਜਾਰੀ ਰਹੇਗਾ। ਇਸ ਸਬੰਧੀ 30 ਸਤੰਬਰ ਨੂੰ ਜਾਗਰੂਕਤਾ ਰੈਲੀ ਕੀਤੀ ਜਾਵੇਗੀ।

ਇਹ ਫੈਸਲਾ ਜੀ.ਐਸ.ਤੂਰ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਦੀ ਕਾਰਵਾਈ ਦਾ ਸੰਚਾਲਨ ਕਰਦਿਆਂ ਸਕੱਤਰ ਜੇ.ਐਸ.ਗਿੱਦਾ ਨੇ ਕਿਹਾ ਕਿ ਵਿਦਿਅਕ ਅਦਾਰਿਆਂ ਵਿੱਚ ਉਪਲੱਬਧ ਪੀੜ੍ਹੀ ਨੇ ਹੀ ਭਵਿੱਖ ਦੇ



ਡਰਾਈਵਰ ਤੇ ਯਾਤਰੀ ਬਣ ਕੇ ਅਹਿਮ ਜ਼ਿੰਮੇਵਾਰੀਆਂ ਨਿਭਾਉਣੀਆਂ ਹਨ। ਇਸ ਵਾਸਤੇ ਵਿਦਿਅਕ ਅਦਾਰਿਆਂ ਵਿੱਚ ਸਵੇਰ ਦੀ ਅਸੈਂਬਲੀ ਵੇਲੇ ਇੱਕ ਅਧਿਆਪਕ ਜਾ ਵਿਦਿਆਰਥੀ ਇਸ ਵਿਸ਼ੇ ਤੇ ਜਾਗਰੂਕਤਾ ਭਾਸ਼ਨ ਕਰਿਆ ਕਰੇ ਤਾਂ ਸੁੰਦਰ ਭਵਿੱਖ ਤਿਆਰ ਕੀਤਾ ਜਾ ਸਕਦਾ ਹੈ। ਹਰ ਸਕੂਲ ਕਾਲਜ ਵਿੱਚ ਰੋਡ ਸੇਫਟੀ ਕਲੱਬਾਂ ਦੀ ਚੱਲ ਰਹੀ ਸਥਾਪਨਾ ਜਾਰੀ ਰੱਖੀ ਜਾਵੇਗੀ। ਸੜਕਾਂ ਤੇ ਫੌਰੀ ਕਰਨਯੋਗ ਕੰਮਾਂ ਲਈ ਸੋਸਾਇਟੀ ਦਾ ਇੱਕ ਵਫਦ ਲਿਖਤੀ ਮੰਗ ਪੱਤਰ ਲੈ ਕੇ ਡਿਪਟੀ ਕਮਿਸ਼ਨਰ ਤੇ ਜਿਲ੍ਹਾ ਸਿੱਖਿਆ ਅਫ਼ਸਰ ਨੂੰ ਮਿਲੇਗਾ। ਮੀਟਿੰਗ ਵਿੱਚ ਹਾਜ਼ਰ ਭਗਤ ਪੂਰਨ ਸਿੰਘ ਲੋਕ ਸੇਵਾ ਟਰਸੱਟ ਬਰਨਾਲਾ ਕਲਾਂ ਤੇ ਮੇਜਰ ਮਨਦੀਪ ਸਿੰਘ ਵੈਲਫੇਅਰ ਸੋਸਾਇਟੀ ਨਵਾਂਸ਼ਹਿਰ ਦੇ ਪ੍ਰਤੀਨਿਧਾਂ ਵਲੋਂ ਸੜਕ ਸੁਰੱਖਿਆ ਜਾਗਰੂਕਤਾ ਲਈ ਭਰਪੂਰ ਸਹਿਯੋਗ ਦੇਣ ਦਾ ਵਾਅਦਾ ਕੀਤਾ। ਮੌਕੇ ਤੇ ਪ੍ਰਧਾਨ ਜੀ.ਐਸ.ਤੂਰ,ਮੀਤ ਪ੍ਰਧਾਨ ਹਰਪ੍ਰਭਮਹਿਲ ਸਿੰਘ, ਸਕੱਤਰ ਜੇ.ਐਸ. ਗਿੱਦਾ, ਕੈਸ਼ੀਅਰ ਨਰਿੰਦਰਪਾਲ ਤੂਰ, ਐਡਵਾਈਜ਼ਰਜ ਡਾ: ਅਜੇ ਬੱਗਾ, ਦਿਲਬਾਗ ਸਿੰਘ ਰਿਟਾ: ਡੀਈ.ਓ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਮਹਿੰਦਰ ਸਿੰਘ ਦੁਆਬਾ ਮਾਰਬਲ, ਮਨਮੀਤ ਸਿੰਘ ਮੈਨੇਜਰ ਤੇ ਸੁਮੀਤ ਗਿੱਲ ਹਾਜਰ ਸਨ।

ਸੈਣੀ ਮਹਾ ਸਭਾ ਦੀ ਮੀਟਿੰਗ, ਸਮਾਜਿਕ ਮਸਲਿਆਂ ’ਤੇ ਚਰਚਾ

ਪੈ.ਗਾਮ-ਏ-ਜਗਤ/ਖਰੜ, 24 ਸਤੰਬਰ (ਦਵਿੰਦਰ ਕੌਰ)

ਜ਼ਿਲ੍ਹਾ ਸੈਣੀ ਮਹਾ ਸਭਾ ਪੰਜਾਬ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਸੈਣੀ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਸਰਬਜੀਤ ਕੌਰ ਸੈਣੀ ਦੀ ਅਗਵਾਈ ਹੇਠ ਪਿੰਡ ਹਰਲਾਲਪੁਰ ਵਿਖੇ ਹੋਈ। ਮੀਟਿੰਗ ਵਿੱਚ ਸੈਣੀ ਮਹਾ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਲੌਂਗੀਆ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਸੈਣੀ ਸਮਾਜ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਭਾਈਚਾਰੇ ਦੀਆਂ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਸਮਾਜ ਦੀ ਏਕਤਾ ਨੂੰ ਮਜ਼ਬੂਤ ਕਰਨ ਅਤੇ ਸਾਂਝੇ ਮਸਲਿਆਂ ਦੇ ਹੱਲ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ’ਤੇ ਜ਼ੋਰ ਦਿੱਤਾ। ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਸਤਨਾਮ ਸਿੰਘ ਸੈਣੀ ਨੂੰ ਬਲਾਕ ਖਰੜ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ’ਤੇ ਸੈਣੀ ਸਮਾਜ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੀਟਿੰਗ ਵਿੱਚ ਮਹਾ ਸਭਾ ਦੇ ਜਨਰਲ ਸਕੱਤਰ ਮਦਨ ਗੋਪਾਲ ਸੈਣੀ, ਕਾਰਜਕਾਰੀ ਪ੍ਰਧਾਨ ਅਸ਼ੋਕ ਸੈਣੀ, ਪਠਾਨਕੋਟ ਤੋਂ ਬਲਵੰਤ ਸਿੰਘ ਸੈਣੀ, ਕੁਰਾਲੀ ਤੋਂ ਮਿੱਤਰਪਾਲ ਸਿੰਘ, ਪਰਾਗਪੁਰ ਤੋਂ ਮਨਿੰਦਰ ਸਿੰਘ, ਭੂਪਨਗਰ ਤੋਂ ਜੁਝਾਰ ਸਿੰਘ ਸੈਣੀ, ਮਾਜਰਾ ਦੇ ਸਰਪੰਚ ਹਰਨੇਕ ਸਿੰਘ, ਜੰਡਪੁਰੀ ਤੋਂ ਮਨਦੀਪ ਸਿੰਘ, ਸੁਰਜੀਤ ਸਿੰਘ, ਅਮਰੀਕ ਸਿੰਘ, ਗੁਰਦੀਪ ਸੈਣੀ ਹਰਲਾਲਪੁਰ, ਸ਼ਮਸ਼ੇਰ ਸਿੰਘ ਲਾਲਪੁਰ, ਜਸਵੀਰ ਸਿੰਘ ਹਲਾਲਪੁਰ ਅਤੇ ਅਮਰੀਕ ਸਿੰਘ ਹਾਜ਼ਰ ਸਨ।

ਸ. ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਖ਼ੂਨ ਦਾਨ ਕੈਂਪ ਬੀ.ਡੀ.ਸੀ ਵਿਖੇ 28 ਸਤੰਬਰ ਨੂੰ

ਪੈ.ਗਾਮ-ਏ-ਜਗਤ/ਨਵਾਂਸ਼ਹਿਰ (ਦੇਸ ਰਾਜ ਬਾਲੀ)

ਪੰਜਾਬ ਸਰਕਾਰ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹੀਦ ਏ ਆਜ਼ਮ ਸ.ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ੇਸ਼ ਖ਼ੂਨ ਦਾਨ ਕੈਂਪ ਸਥਾਨਕ ਬੀ.ਡੀ.ਸੀ ਬਲੱਡ ਸੈਂਟਰ ਰਾਹੋਂ ਰੋਡ ਵਿਖੇ 28 ਸਤੰਬਰ ਨੂੰ ਆਯੋਜਿਤ ਕੀਤਾ ਜਾ ਰਿਹਾ ਹੈ ਜੋ ਸਵੇਰੇ 10.00 ਵਜੇ ਆਰੰਭ ਹੋ ਕੇ ਬਾਅਦ ਦੁਪਹਿਰ 4.00 ਵਜੇ ਤੱਕ ਚਲਦਾ ਰਹੇਗਾ। ਬੀ.ਟੀ.ਓ ਡਾ: ਅਜੇ ਬੱਗਾ ਨੇ ਦੱਸਿਆ ਕਿ ਹਰ ਤੰਦਰੁਸਤ ਵਿਅਕਤੀ ਜਿਸ ਦੀ ਉਮਰ 18 ਤੋਂ 65 ਸਾਲ ਦੇ ਵਿਚਕਾਰ ਹੋਵੇ, ਸਰੀਰਕ ਵਜਨ 45 ਕਿਲੋ: ਤੋਂ ਘੱਟ ਨਾ ਹੋਵੇ, ਖ਼ੂਨ ਦਾ ਪੱਧਰ (ਹੀਮੋਗਲੋਬਿਨ) 12.5 ਗ੍ਰਾਮ ਪ੍ਰਤੀਸ਼ਤ ਹੋਵੇ, ਕੋਈ ਕਰੌਨਿਕ ਬਿਮਾਰੀ ਤੋਂ ਪੀੜਤ ਨਾ ਹੋਵੇ, ਤਿੰਨ ਮਹੀਨੇ ਬਾਅਦ ਡਾਕਟਰੀ ਪ੍ਰਵਾਨਗੀ ਨਾਲ਼ ਖ਼ੂਨਦਾਨ ਕਰ ਸਕਦਾ ਹੈ। ਬੀ.ਡੀ.ਸੀ ਦੇ ਅਹੁਦੇਦਾਰਾਂ ਐਸ.ਕੇ.ਸਰੀਨ, ਜੀ ਐਸ.ਤੂਰ, ਜੇ.ਐਸ.ਗਿੱਦਾ, ਪ੍ਰਵੇਸ਼ ਕੁਮਾਰ ਨੇ ਕਿਹਾ ਕਿ ਸ਼ਹੀਦ-ਏ,-ਆਜ਼ਮ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਦਾ ਆਯੋਜਿਨ ਕਰਨਾ ਇਸ ਸੰਸਥਾ ਲਈ ਮਾਣ ਵਾਲ਼ੀ ਸੇਵਾ ਹੈ। ਉਹਨਾਂ ਖ਼ੂਨਦਾਨੀ ਫ਼ਰਿਸ਼ਤਿਆਂ ਨੂੰ ਅਪੀਲ ਕੀਤੀ ਹੈ ਕਿ ਸਹੀਦ-ਏ-ਆਜਮ ਦੇ ਜਨਮ ਦਿਨ ਨੂੰ ਸਮਰਪਿਤ ਖ਼ੂਨਦਾਨ ਕੈਂਪ ਨੂੰ ਸਫਲ ਬਣਾਇਆ ਜਾਵੇ।

ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ’

ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ’ਤੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ’ਚ ਚੈਕਿੰਗ ਕੀਤੀ ਤੇਜ਼

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜ਼ਿਲ੍ਹੇ ਵਿਚ ਡੇਂਗੂ ਦੀ ਰੋਕਥਾਮ ਲਈ ਚੁੱਕੇ ਜਾ ਰਹੇ ਕਦਮਾਂ ਤਹਿਤ ’ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ’ ਦੀ ਲੜੀ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ’ਤੇ ਵੱਖ-ਵੱਖ ਇਲਾਕਿਆਂ ਵਿਚ ਟੀਮਾਂ ਵਲੋਂ ਚੈਕਿੰਗ ਤੇਜ਼ ਕਰਦਿਆਂ ਪਾਇਆ ਗਿਆ ਲਾਰਵਾ ਮੌਕੇ ’ਤੇ ਹੀ ਨਸ਼ਟ ਕੀਤਾ ਗਿਆ।

ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਕਾਰਜ ਅਫ਼ਸਰ (ਸ਼ਹਿਰੀ ਮਾਮਲੇ) ਆਈ.ਏ.ਐਸ. ਅਧਿਕਾਰੀ ਓਇਸ਼ੀ ਮੰਡਲ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਪਿੱਪਲਾਂਵਾਲਾ ਵਿਖੇ ਖ਼ੁਦ ਘਰਾਂ ਵਿਚ ਜਾ ਕੇ ਚੈਕਿੰਗ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਤੋਂ ਬਚਾਅ ਲਈ ਆਪਣੇ ਘਰਾਂ ਦੇ ਆਲੇ-ਦੁਆਲੇ ਨੂੰ ਪੂਰੀ ਤਰ੍ਹਾਂ ਸਾਫ਼ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਘਰਾਂ ਵਿਚ ਕੂਲਰਾਂ, ਗਮਲਿਆਂ, ਖਾਲੀ ਟਰੇਆਂ, ਟਾਇਰਾਂ ਆਦਿ ਵੀ ਬਹੁਤ ਦਿਨ ਪਾਣੀ ਦਾ ਠਹਿਰਾਅ ਨਾ ਹੋਣ

- ਆਈ.ਏ.ਐਸ. ਅਧਿਕਾਰੀ ਓਇਸ਼ੀ ਮੰਡਲ ਨੇ ਪਿੱਪਲਾਂਵਾਲਾ ’ਚ ਘਰਾਂ ਦੀ ਕੀਤੀ ਚੈਕਿੰਗ, ਲੋਕਾਂ ਨੂੰ ਆਲਾ-ਦੁਆਲਾ ਸਾਫ਼ ਰੱਖਣ ਦੀ ਕੀਤੀ ਅਪੀਲ



ਦਿੱਤਾ ਜਾਵੇ ਤਾਂ ਜੋ ਲਾਰਵਾ ਨਾ ਬਣ ਸਕੇ। ਉਨ੍ਹਾਂ ਕਿਹਾ ਕਿ ਜਾਗਰੂਕਤਾ ਨਾਲ ਡੇਂਗੂ ਨੂੰ ਵੱਧਣ ਤੋਂ ਆਸਾਨੀਆਂ ਨਾਲ ਰੋਕਿਆ ਜਾ ਸਕਦਾ ਹੈ ਜਿਸ ਲਈ ਸਾਰਿਆਂ ਦਾ ਸਹਿਯੋਗ ਅਤਿ ਜ਼ਰੂਰੀ ਹੈ।

ਓਇਸ਼ੀ ਮੰਡਲ ਨੇ ਕਿਹਾ ਕਿ ਡੇਂਗੂ ਦਾ ਪਸਾਰ ਖੜ੍ਹੇ ਪਾਣੀ ਵਿਚੋਂ ਹੁੰਦਾ ਹੈ ਜਿਸ ਨੂੰ ਪੂਰੀ ਗੰਭੀਰਤਾ ਨਾਲ ਲੈਂਦਿਆਂ ਘਰਾਂ, ਦਫ਼ਤਰਾਂ, ਅਦਾਰਿਆਂ, ਕੰਮ ਵਾਲੀਆਂ ਥਾਵਾਂ, ਦੁਕਾਨਾਂ ਆਦਿ ਦੇ ਆਲੇ-ਦੁਆਲੇ ਪਾਣੀ ਬਿਲਕੁਲ ਨਾ ਜਮ੍ਹਾ ਹੋਣ ਦਿੱਤਾ ਜਾਵੇ।

ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗ ਦੀਆਂ ਟੀਮਾਂ ਵਲੋਂ ਲਗਾਤਾਰ ਲਾਰਵਾ ਦੇ ਖਾਤਮੇ ਲਈ ਛਿੜਕਾਅ ਵੀ ਕੀਤਾ ਜਾ ਰਿਹਾ ਹੈ ਅਤੇ ਫੌਗਿੰਗ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ’ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ’ ਮੁਹਿੰਮ ਤਹਿਤ ਜਾਗਰੂਕਤਾ ਸਰਗਰਮੀਆਂ ਅਤੇ ਚੈਕਿੰਗ ਕੀਤੀ ਜਾਵੇਗੀ ਜਿਸ ਨਾਲ ਲੋਕਾਂ ਨੂੰ ਜਾਗਰੂਕ ਕਰਕੇ ਡੇਂਗੂ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪੁਰਾਣੇ ਟਾਇਰਾਂ, ਕੂਲਰਾਂ, ਗਮਲਿਆਂ, ਡਰੰਮਾ , ਫ੍ਰਿਜ ਟਰੇਆਂ ਅਤੇ ਹੋਰ ਪਾਣੀ ਇਕੱਠਾ ਕਰਨ ਵਾਲੇ ਬਰਤਨਾਂ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਖਾਲੀ ਕਰਨਾ ਚਾਹੀਦਾ ਹੈ ਤਾਂ ਜੋ ਮੱਛਰਾਂ ਦੀ ਪੈਦਾਵਾਰ ਨੂੰ ਰੋਕਿਆ ਜਾ ਸਕੇ।

ਜ਼ਿਕਰਯੋਗ ਹੈ ਕਿ ਹੁਣ ਤੱਕ 1576 ਘਰਾਂ ਦੀ ਜਾਂਚ ਕੀਤੀ ਗਈ ਜਿਨਾਂ ਵਿੱਚੋਂ 81 ਘਰਾਂ ਵਿੱਚ ਮੱਛਰਾਂ ਦਾ ਲਾਰਵਾ ਪਾਇਆ ਗਿਆ ਜਿਸ ਨੂੰ ਟੀਮਾਂ ਵੱਲੋਂ ਮੌਕੇ ’ਤੇ ਹੀ ਨਸ਼ਟ ਕਰਦਿਆਂ ਲਾਰਵੀਸਾਈਡ ਦਾ ਛਿੜਕਾ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਡੇਂਗੂ, ਮਲੇਰੀਆ ਅਤੇ ਮੱਛਰਾਂ ਨਾਲ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਐਡਮਿੰਟਨ ਵਿਖੇ ਸਤਨਾਮ ਸਿੰਘ ਗਾਹਲੇ ਦੀ ਸਵੈ-ਜੀਵਨੀ ‘ਬਾਬੇ ਦੀ ਪੱਗ’ ਦਾ ਵਿਮੋਚਨ

ਐਡਮਿੰਟਨ, 25 ਸਤੰਬਰ
(ਪੈ.ਗਾਮ-ਏ-ਜਗਤ)



ਕੈਨੇਡਾ ਦੀ ਐਡਮਿੰਟਨ ਪਬਲਿਕ ਲਾਇਬ੍ਰੇਰੀ, ਮੈਡੋਜ਼, 17 ਸਟਰੀਟ ਵਿਖੇ ਸਭ ਰੰਗ ਸਾਹਿਤ ਸਭਾ ਵੱਲੋਂ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਲੇਖਕ ਸਤਨਾਮ ਸਿੰਘ ਗਾਹਲੇ ਦੀ ਸਵੈ-ਜੀਵਨੀ ‘ਬਾਬੇ ਦੀ ਪੱਗ’ ਦਾ ਲੋਕ ਅਰਪਣ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਮਹਿੰਦਰ ਸਿੰਘ ਔਲਖ ਅਤੇ ਦਰਸ਼ਨ ਅਣਜਾਨ ਨੇ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਐਮ.ਐਲ.ਏ. ਜਸਵੀਰ ਦਿਓਲ ਸ਼ਾਮਲ ਹੋਏ।

ਪੁਸਤਕ ਬਾਰੇ ਬੋਲਦਿਆਂ ਬਲਵਿੰਦਰ ਬਾਲਮ ਨੇ ਕਿਹਾ ਕਿ ‘ਬਾਬੇ ਦੀ ਪੱਗ’ ਦਾ ਮੁੱਖ ਸੰਦੇਸ਼ ਪਰਿਵਾਰ ਦੇ ਜੀਆਂ ਲਈ ਹੈ ਕਿ ਪੱਗ ਦੀ ਇੱਜ਼ਤ ਉਨ੍ਹਾਂ ਦੇ ਨੈਤਿਕ ਅਤੇ ਸ਼ੁੱਧ ਆਚਰਣ ’ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਸਵੈ-ਜੀਵਨੀ ਵਿੱਚ ਲੇਖਕ ਨੇ ਆਪਣੇ ਜੀਵਨ ਦੇ ਸੰਘਰਸ਼, ਸਫਲਤਾਵਾਂ-ਅਸਫਲਤਾਵਾਂ, ਰਿਸ਼ਤਿਆਂ ਦੀ ਖਿੱਚੋਤਾਣ, ਤੰਗਦਸਤੀ, ਗਰੀਬੀ, ਬੱਚਿਆਂ ਦੀ ਪੜ੍ਹਾਈ ਲਈ ਆਰਥਿਕ ਸੰਕਟ ਅਤੇ ਪੁਰਾਣੀਆਂ ਯਾਦਾਂ ਨੂੰ ਸ਼ਬਦਾਂ ਰਾਹੀਂ ਸਥਾਈ ਰੂਪ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਲੇਖਕ ਨੇ ਆਪਣੇ ਜੀਵਨ ਦਾ ਕ੍ਰਮਿਕ ਲੇਖਾ-ਜੋਖਾ ਕਰਦਿਆਂ ਵਾਸਤਵਿਕ ਘਟਨਾਵਾਂ ਨੂੰ ਬਿਨਾਂ ਕਾਲਪਨਿਕਤਾ ਦੇ ਪੇਸ਼ ਕੀਤਾ ਹੈ। ਘਟਨਾਵਾਂ ਪਾਠਕ ਦੇ ਸਾਹਮਣੇ ਤਸਵੀਰ ਬਣਾਉਂਦੀਆਂ ਹਨ ਅਤੇ ਪੁਸਤਕ ਯਾਦਾਂ ਨੂੰ ਪੁਨਰਜੀਵਤ ਕਰਦਿਆਂ ਭਾਵੁਕ ਪਲਾਂ ਵਿੱਚ ਲੈ ਜਾਂਦੀ ਹੈ।

ਪੁਸਤਕ ਦੇ ਇੱਕ ਰੋਮਾਂਚਕ ਪ੍ਰਸੰਗ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਲੇਖਕ ਨੇ ਇੱਕ ਅਜਿਹੀ ਘਟਨਾ ਬਿਆਨ ਕੀਤੀ ਹੈ, ਜਦੋਂ ਉਸ ਦੇ ਬੌਸ ਨੇ ਰਾਤ ਨੂੰ ਇੱਕ ਵਿਅਕਤੀ ਨੂੰ ਕੁਝ ਘੰਟਿਆਂ ਲਈ ਉਸ ਕੋਲ ਰੱਖਣ ਦੀ ਗੱਲ ਕਹੀ। ਰਾਤ ਨੂੰ ਇੱਕ ਵਿਅਕਤੀ ਨੂੰ ਖੇਸੀ ਵਿੱਚ ਲਪੇਟ ਕੇ ਅੰਦਰ ਲਿਆਂਦਾ ਗਿਆ, ਪਰ ਬਾਅਦ ਵਿੱਚ ਪਤਾ ਲੱਗਾ ਕਿ ਉਹ ਨਸ਼ੇ ਵਿੱਚ ਇੱਕ ਔਰਤ ਸੀ। ਇਸ ਸਥਿਤੀ ਵਿੱਚ ਲੇਖਕ ਦੇ ਮਨ ਵਿੱਚ ਚੱਲ ਰਹੀ ਜੱਦੋ-ਜਹਿਦ ਦੌਰਾਨ ਉਸ ਨੂੰ ਬਾਬਾ ਜੀ ਵੱਲੋਂ ਪੱਗ ਦੀ ਲਾਜ ਰੱਖਣ ਦੀ ਦਿੱਤੀ ਨਸੀਹਤ ਯਾਦ ਆਈ ਅਤੇ ਉਸ ਨੇ ਆਪਣੇ ਆਪ ’ਤੇ ਕਾਬੂ ਰੱਖਿਆ। ਇਹ ਘਟਨਾ ਪੁਸਤਕ ਦੇ ਮੁੱਖ ਸੰਦੇਸ਼ ਨੂੰ ਉਜਾਗਰ ਕਰਦੀ ਹੈ।

ਸਮਾਗਮ ਦੌਰਾਨ ਕਵੀ ਦਰਬਾਰ ਵੀ ਕਰਵਾਇਆ ਗਿਆ, ਜਿਸ ਵਿੱਚ ਦਰਸ਼ਨ ਅਣਜਾਨ, ਦੀਪਾ ਬੰਡਾਲਾ, ਸਤਨਾਮ ਸਿੰਘ ਗਾਹਲੇ, ਪਾਰਸ, ਮਹੀਨੀਆ, ਕਸ਼ਮੀਰਾ ਸਿੰਘ ਨਿਰਮਾਣ, ਨਿੰਦਰਪਾਲ ਸਿੰਘ ਰਿਆੜ, ਮਨਜੀਤ ਸਿੰਘ ਬੱਲ, ਕਰਤਾਰ ਸਿੰਘ ਪਰਮਾਰ, ਕਾਰਜ ਸਿੰਘ ਬੱਲ, ਮਹਿੰਦਰ ਸਿੰਘ ਔਲਖ, ਅਜੀਤ ਸਿੰਘ ਖੰਗੂੜਾ, ਕੇਵਲ ਸਿੰਘ ਬੱਲ ਅਤੇ ਬਲਵਿੰਦਰ ਬਾਲਮ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਸਮਾਗਮ ਯਾਦਗਾਰੀ ਹੋ ਨਿੱਬੜਿਆ।

ਬੀਬੀਐਮਬੀ ਤਲਵਾੜਾ ਵਿੱਚ ਹਿੰਦੀ ਪੰਦਰਵਾੜੇ ਦੀਆਂ ਗਤੀਵਿਧੀਆਂ ਨੇ ਬੰਨ੍ਹਿਆ ਰੰਗ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਖੜਾ ਬਿਆਸ ਪ੍ਰਬੰਧ ਬੋਰਡ (ਬੀਬੀਐਮਬੀ), ਤਲਵਾੜਾ ਵੱਲੋਂ 14 ਸਤੰਬਰ ਤੋਂ ਸ਼ੁਰੂ ਹੋਏ ਹਿੰਦੀ ਪੰਦਰਵਾੜੇ ਦੇ ਤਹਿਤ ਹਿੰਦੀ ਭਾਸ਼ਾ ਨੂੰ ਉਤਸ਼ਾਹਿਤ ਕਰਨ ਅਤੇ ਅਧਿਕਾਰੀਆਂ ਤੇ ਕਰਮਚਾਰੀਆਂ ਵਿੱਚ ਹਿੰਦੀ ਪ੍ਰਤੀ ਰੁਚੀ ਵਧਾਉਣ ਦੇ ਉਦੇਸ਼ ਨਾਲ ਵੱਖ-ਵੱਖ ਪ੍ਰਤਿਯੋਗਿਤਾਵਾਂ ਕਰਵਾਈਆਂ ਗਈਆਂ।

ਇਨ੍ਹਾਂ ਪ੍ਰਤਿਯੋਗਿਤਾਵਾਂ ਵਿੱਚ ਬੋਰਡ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਮੁੱਖ ਇੰਜੀਨੀਅਰ ਰਾਕੇਸ਼ ਗੁਪਤਾ ਨੇ ਕਿਹਾ ਕਿ ਬੀਬੀਐਮਬੀ ਵੱਲੋਂ ਹਿੰਦੀ ਭਾਸ਼ਾ ਨੂੰ ਉਤਸ਼ਾਹਿਤ ਕਰਨ ਅਤੇ ਸਰਕਾਰੀ ਕੰਮਕਾਜ ਵਿੱਚ ਹਿੰਦੀ ਦੀ ਵਰਤੋਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਿੰਦੀ ਪੰਦਰਵਾੜਾ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਿੰਦੀ ਭਾਸ਼ਾ ਦੇ ਪ੍ਰਯੋਗ ਲਈ ਪ੍ਰੇਰਿਤ ਕਰਨ ਦਾ ਇੱਕ ਮਹੱਤਵਪੂਰਨ ਮੰਚ ਹੈ। ਉਪ ਮੁੱਖ ਇੰਜਨੀਅਰ ਵਿਮਲ ਕੁਮਾਰ ਮੀਨਾ ਨੇ ਦੱਸਿਆ ਕਿ ਹਿੰਦੀ ਪੰਦਰਵਾੜੇ ਦੌਰਾਨ ਵੱਖ-ਵੱਖ ਦਿਨਾਂ ’ਤੇ ਹਿੰਦੀ ਲੇਖ ਰਚਨਾ ਤੇ ਅਨੁਵਾਦ, ਹਿੰਦੀ ਸ਼ਬਦ ਗਿਆਨ ਪ੍ਰਤਿਯੋਗਿਤਾ, ਹਿੰਦੀ ਟਾਈਪਿੰਗ ਅਤੇ ਹਿੰਦੀ ਨੋਟਿੰਗ ਅਤੇ ਡਰਾਫਟਿੰਗ ਪ੍ਰਤਿਯੋਗਿਤਾ ਕਰਵਾਈਆਂ ਗਈਆਂ। ਇਨ੍ਹਾਂ ਪ੍ਰਤਿਯੋਗਿਤਾਵਾਂ ਵਿੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਤਸ਼ਾਹਪੂਰਵਕ ਭਾਗ ਲੈਂਦਿਆਂ ਆਪਣੀ ਹਿੰਦੀ ਭਾਸ਼ਾ ਸਬੰਧੀ ਯੋਗਤਾ ਅਤੇ ਗਿਆਨ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਤਿਯੋਗਿਤਾਵਾਂ ਕਰਵਾਉਣ ਦਾ ਉਦੇਸ਼ ਕਰਮਚਾਰੀਆਂ ਵਿੱਚ ਹਿੰਦੀ ਭਾਸ਼ਾ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਦਫ਼ਤਰੀ ਕੰਮਕਾਜ ਵਿੱਚ ਹਿੰਦੀ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਬੀਬੀਐਮਬੀ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।ਇਸ ਪ੍ਰਤਿਯੋਗਿਤਾ ਨੂੰ ਕਰਵਾਉਣ ਵਿਚ ਐਸਡੀਓ ਗਿਆਨੇਂਦਰ ਕੁਮਾਰ ਅਤੇ ਤਰਨਦੀਪ ਸਿੰਘ ਅਤੇ ਸਟਾਫ ਦੀ ਅਹਿਮ ਭੂਮਿਕਾ ਰਹੀ। ਜੇਤੂਆਂ ਨੂੰ ਗਣਤੰਤਰ ਦਿਵਸ ਤੇ ਸਨਮਾਨਿਤ ਕੀਤਾ ਜਾਵੇਗਾ।

ਅਧਿਕਾਰੀਆਂ ਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਲਿਆ ਭਾਗ



ਖ਼ਾਲਸਾ ਕਾਲਜ ਵਿਖੇ ਟ੍ਰਿੱਪਲ ਆਈ ਸੁਸਾਇਟੀ ਵਲੋਂ ਸਾਲਾਨਾ ਸਮਾਗਮ ਤੇ ਵਿਸ਼ਵ ਓਜ਼ੋਨ ਦਿਵਸ ਮਨਾਇਆ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਕਾਲਜ ਦੀ ਟ੍ਰਿੱਪਲ ਆਈ ਸੁਸਾਇਟੀ ਆਫ਼ ਸਾਇੰਸ ਸਟੂਡੈਂਟਸ ਵਲੋਂ ਸਾਲਾਨਾ ਸਮਾਗਮ ਕਰਵਾਉਂਦੇ ਹੋਏ ਵਿਸ਼ਵ ਓਜ਼ੋਨ ਦਿਵਸ ਮਨਾਇਆ ਗਿਆ।

ਸਮਾਗਮ ਦੀ ਆਰੰਭਤਾ ’ਤੇ ਡਾ. ਅਮਨਦੀਪ ਕੌਰ ਢਿੱਲੋਂ ਨੇ ਹਾਜ਼ਰੀਨ ਦਾ ਸਵਾਗਤ ਕੀਤਾ ਤੇ ਸੁਸਾਇਟੀ ਦੇ ਨਵੇਂ ਅਹੁਦੇਦਾਰਾਂ ਨਾਲ ਜਾਣ ਪਹਿਚਾਣ ਕਰਵਾਈ ਗਈ।

ਇਸ ਮੌਕੇ ਜੀਵ ਵਿਗਿਆਨ ਵਿਭਾਗ ਵਲੋਂ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿਚ ਵਿਦਿਆਰਥੀਆਂ ਨੇ ਓਜ਼ੋਨ ਪਰਤ ਦੀ ਸੁਰੱਖਿਆ ਅਤੇ ਵਾਤਾਵਰਨ ਦੀ ਸੰਭਾਲ ਸਬੰਧੀ ਵਿਚਾਰ ਪੇਸ਼ ਕੀਤੇ। ਭਾਸ਼ਣ ਮੁਕਾਬਲੇ ਵਿਚ ਐੱਮ.ਐੱਸ.ਸੀ. ਕਮਿਸਟਰੀ ਭਾਗ ਦੂਜਾ ਦੀ ਵਿਦਿਆਰਥਣ ਰਮਨਦੀਪ ਨੇ ਪਹਿਲਾ ਸਥਾਨ, ਬੀ.ਐੱਸ.ਸੀ. ਭਾਗ ਦੂਜਾ ਦੀ ਮਹਿਕ ਨੇ ਦੂਜਾ ਅਤੇ ਬੀ.ਐੱਸ.ਸੀ. ਭਾਗ ਪਹਿਲਾ ਦੀ ਜਸਮੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿਚ ਬੀ.ਐੱਸ.ਸੀ. ਭਾਗ ਪਹਿਲਾ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਪਹਿਲਾ, ਐੱਮ.ਐੱਸ.ਸੀ. ਕਮਿਸਟਰੀ ਭਾਗ ਪਹਿਲਾ ਦੀ ਵਿਦਿਆਰਥਣ ਸਿਮਰਨ ਕੌਰ ਅਤੇ ਐੱਮ.ਐੱਸ.ਸੀ. ਭਾਗ ਦੂਜਾ ਦੀ ਵਿਦਿਆਰਥਣ ਦੀਕਸ਼ਾ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਅਵੱਲ ਰਹੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਕੁਲਦੀਪ ਕੌਰ ਨੇ ਵਾਤਾਵਰਣ ਪ੍ਰਤੀ ਜਾਗਰੂਕਤਾ ਅਤੇ ਹਾਨੀਕਾਰਕ ਗੈਸਾਂ ਤੋਂ ਵਾਤਾਵਰਣ ਦੀ ਸੁਰੱਖਿਆ ਲਈ ਸਾਂਝੀ ਜ਼ਿੰਮੇਵਾਰੀ ਦੀ ਮਹੱਤਤਾ ’ਤੇ ਚਾਨਣਾ ਪਾਇਆ। ਪਿ?ਰੰਸੀਪਲ ਡਾ. ਅਮਨਦੀਪ ਹੀਰਾ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਵਿਗਿਆਨਕ, ਅਕਾਦਮਿਕ ਅਤੇ ਵਾਤਾਵਰਣਕ ਗਤੀਵਿਧੀਆਂ ਵਿਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸੁਸਾਇਟੀ ਦੀ ਜੁਆਇੰਟ ਸਕੱਤਰ ਦੀਕਸ਼ਾ ਨੇ ਸਮਾਗਮ ਦੀ ਕਾਰਵਾਈ ਦਾ ਸੰਚਾਲਨ ਕੀਤਾ।

ਡਾ. ਮਨਬੀਰ ਕੌਰ ਮੁਖੀ ਜੀਵ ਵਿਗਿਆਨ ਵਿਭਾਗ ਨੇ ਧੰਨਵਾਦ ਮਤਾ ਪੇਸ਼ ਕੀਤਾ। ਓਜ਼ੋਨ ਪਰਤ ਦੀ ਸੁਰੱਖਿਆ, ਵਾਤਾਵਰਣ ਸੰਭਾਲ, ਵਿਗਿਆਨਕ ਜਾਗਰੂਕਤਾ ਅਤੇ ਇਕ ਠੰਡੇ ਤੇ ਟਿਕਾਊ ਧਰਤੀ ਗ੍ਰਹਿ ਲਈ ਵਿਸ਼ਵ ਪੱਧਰੀ ਸਾਂਝੇ ਯਤਨਾਂ ਦੇ ਸੰਦੇਸ਼ ਨਾਲ ਸਮਾਗਮ ਸਮਾਪਤ ਹੋਇਆ। ਇਸ ਮੌਕੇ ਡਾ. ਮੁਕੇਸ਼ ਕੁਮਾਰ, ਡਾ. ਸੰਘਾ ਗੁਰਬਖ਼ਸ਼ ਕੌਰ, ਪ੍ਰੋ. ਦੀਪਿਕਾ, ਡਾ. ਪ੍ਰੀਤਇੰਦਰ ਸਿੰਘ ਅਤੇ ਸਟਾਫ਼ ਹਾਜ਼ਰ ਹੋਇਆ।


ਭਾਜਪਾ ਸਰਕਾਰ ਬਣਨ ਨਾਲ ਹੀ ਹੋਵੇਗਾ ਪੰਜਾਬ ਨਸ਼ਾ ਮੁਕਤ : ਤੀਕਸ਼ਣ ਸੂਦ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਵਿੱਚ ਇਸ ਸਮੇਂ ਨਸ਼ੇ ਦੀ ਸਮੱਸਿਆ ਸਭ ਤੋਂ ਵੱਡਾ ਮੁੱਦਾ ਬਣ ਚੁੱਕੀ ਹੈ। ਪਿਛਲੇ 10-15 ਸਾਲਾਂ ਵਿੱਚ ਪੰਜਾਬ ਵਿੱਚ ਨਸ਼ੇ ਦਾ ਪ੍ਰਚਲਨ ਦਿਨ-ਬ-ਦਿਨ ਵਧਦਾ ਚਲਾ ਜਾ ਰਿਹਾ ਹੈ। ਨਸ਼ੇ ਇਸ ਹੱਦ ਤੱਕ ਵਧ ਗਏ ਹਨ ਔਸਤਨ ਇੱਕ ਨੌਜਵਾਨ ਪ੍ਰਤੀ ਦਿਨ ਨਸ਼ੇ ਦਾ ਦਾਨਵ ਨਿਗਲ ਰਿਹਾ ਹੈ।

- ਕਿਹਾ : ਹੋਰਨਾਂ ਸਿਆਸੀ ਦਲਾਂ ਨੇ ਨਸ਼ੇ ਦੇ ਮੁੱਦੇ ਦਾ ਕੀਤਾ ਸਿਰਫ ਸਿਆਸੀਕਰਨ

ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਤੀਕਸ਼ਣ ਸੂਦ ਨੇ ਕਿਹਾ ਹੈ ਕਿ 2017 ਤੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਗੁਟਕਾ ਹੱਥ ਵਿੱਚ ਲੈ ਕੇ ਪੰਜਾਬ ਵਿੱਚ ਨਸ਼ੇ 4 ਮਹੀਨੇ ਵਿੱਚ ਖਤਮ ਕਰਨ ਦਾ ਵਾਅਦਾ ਕੀਤਾ ਸੀ। ਪਰ ਕਾਂਗਰਸ ਦੇ ਰਾਜ ਵਿੱਚ ਸਿਆਸੀ ਸਰਪ੍ਰਸਤੀ ਦੇ ਚਲਦਿਆਂ ਨਸ਼ੇ ਹੋਰ ਵਧੇ। ਉਸ ਤੋਂ ਬਾਅਦ 2022 ਵਿੱਚ ਚੋਣਾਂ ਤੋਂ ਪਹਿਲਾਂ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ 4 ਮਹੀਨੇ ਵਿੱਚ ਨਸ਼ੇ ਖਤਮ ਕਰਨ ਦੀ ਗੱਲ ਕਹੀ ਸੀ। ਉਹ ਵੀ ਨਸ਼ੇ ਰੋਕ ਨਹੀਂ ਸਕੇ ਅਤੇ ਪਿਛਲੀਆਂ ਸਰਕਾਰਾਂ ’ਤੇ ਦੋਸ਼ਬਾਜ਼ੀ ਹੀ ਕਰਦੇ ਰਹੇ। ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਯੋਜਨਾ ਵੀ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ, ਕਿਉਂਕਿ ਜ਼ਮੀਨੀ ਪੱਧਰ ’ਤੇ ਨਸ਼ੇ ਖਤਮ ਹੋਣ ਦੀ ਬਜਾਏ ਵਧਦੇ ਚਲੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਜੋ ਕਿ ਸੂਰਵੀਰਾਂ ਅਤੇ ਗੁਰੂਆਂ, ਰਿਸ਼ੀਆਂ ਅਤੇ ਪੈਗੰਬਰਾਂ ਦੀ ਧਰਤੀ ਸੀ ਹੁਣ ਉਜੜ ਕੇ ਨਸ਼ਾ ਲੈਂਡ ਬਣ ਚੁੱਕੀ ਹੈ। ਮਾੜੀ ਸੰਗਤ ਦੇ ਡਰ ਤੋਂ ਮਾਂ-ਬਾਪ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਭੇਜ ਰਹੇ ਹਨ। ਉਨ੍ਹਾਂ ਕਿਹਾ ਪੰਜਾਬ ਦੇ ਲੋਕਾਂ ਨੂੰ ਹੁਣ ਸਿਰਫ ਭਾਰਤੀ ਜਨਤਾ ਪਾਰਟੀ ’ਤੇ ਹੀ ਭਰੋਸਾ ਹੈ ਕਿ ਉਹ ਪੰਜਾਬ ਵਿੱਚ ਨਸ਼ੇ ਦੇ ਰਾਖਸ਼ ਨੂੰ ਖਤਮ ਕਰੇਗੀ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਲਈ ਭਾਜਪਾ ਨੇ ਪੂਰੇ ਪੰਜਾਬ ਤੋਂ ਨਸ਼ਾ ਖਤਮ ਕਰਨ ਦਾ ਨਾਅਰਾ ਦਿੱਤਾ। ਜੋਕਿ ਲੋਕਾਂ ਨੂੰ ਕਾਫੀ ਪ੍ਰਭਾਵਿਤ ਕਰ ਰਿਹਾ ਹੈ। ਸਿਰਫ ਭਾਰਤੀ ਜਨਤਾ ਪਾਰਟੀ ਹੀ ਪੰਜਾਬ ਤੋਂ ਨਸ਼ੇ ਦੀ ਬੁਰਾਈ ਨੂੰ ਖਤਮ ਕਰ ਸਕੇਗੀ ਨਹੀਂ ਤਾਂ ਬਾਕੀ ਸਿਆਸੀ ਦਲਾਂ ਨੇ ਨਸ਼ੇ ਦੇ ਮੁੱਦੇ ’ਤੇ ਸਿਰਫ ਆਪਣੀਆਂ ਸਿਆਸੀ ਰੋਟੀਆਂ ਹੀ ਸੇਕੀਆਂ ਹਨ। ਇਸ ਮੌਕੇ ਭਾਜਪਾ ਆਗੂ ਸਾਬਕਾ ਪ੍ਰਧਾਨ ਵਿਜੇ ਪਠਾਨੀਆ, ਸੁਰੇਸ਼ ਭਾਟੀਆ ਬਿੱਟੂ ਜ਼ਿਲ੍ਹਾ ਭਾਜਪਾ ਜਨਰਲ ਸਕੱਤਰ ਅਤੇ ਅਸ਼ਵਨੀ ਗੈਂਦ ਜ਼ਿਲ੍ਹਾ ਭਾਜਪਾ ਸਕੱਤਰ ਵੀ ਹਾਜ਼ਰ ਸਨ।



ਰੋਲ ਅਬਜ਼ਰਵਰ ਡੀ.ਐਸ. ਮਾਂਗਟ ਨੇ ਐਸ.ਆਈ.ਆਰ. ਪ੍ਰਕਿਰਿਆ ਦੀ ਗੜ੍ਹਸ਼ੰਕਰ, ਟਾਂਡਾ ਅਤੇ ਦਸੂਹਾ ’ਚ ਕੀਤੀ ਸਮੀਖਿਆ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ’ਤੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਪ੍ਰਕਿਰਿਆ ਦੀ ਜ਼ਿਲ੍ਹੇ ਵਿਚ ਸਮੀਖਿਆ ਲਈ ਰਾਜ ਦੇ ਮੁੱਖ ਚੋਣ ਅਧਿਕਾਰੀ ਵਲੋਂ ਨਿਯੁਕਤ ਕੀਤੇ ਰੋਲ ਅਬਜ਼ਰਵਰ ਪੰਜਾਬ ਦੇ ਸੀਨੀਅਰ ਆਈ.ਏ.ਐਸ. ਅਧਿਕਾਰੀ ਅਤੇ ਸਕੱਤਰ ਲੋਕਪਾਲ ਡੀ.ਐਸ.ਮਾਂਗਟ ਨੇ ਗੜ੍ਹਸ਼ੰਕਰ, ਟਾਂਡਾ ਅਤੇ ਦਸੂਹਾ ਵਿਖੇ ਐਸ.ਆਈ.ਆਰ. ਪ੍ਰਕਿਰਿਆ ਦੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ।


ਰੋਲ ਅਬਜ਼ਰਵਰ ਡੀ.ਐਸ.ਮਾਂਗਟ ਨੇ ਚੋਣਕਾਰ ਰਜਿਸਟ੍ਰੇਸ਼ਨਾਂ ਅਫ਼ਸਰਾਂ, ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਐਡੀਸ਼ਨਲ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਐਸ.ਆਈ.ਆਰ. ਸਬੰਧੀ ਵਿਸਥਾਰਤ ਗੱਲਬਾਤ ਕਰਕੇ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਬਾਰੇ ਮੁਕੰਮਲ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਬੀ.ਐਲ.ਓਜ਼ ਦੇ ਫਾਰਮਾਂ ਦੀ ਪੜਤਾਲ ਕਰਦਿਆਂ ਐਸ.ਆਈ.ਆਰ. ਲਈ ਸਬੰਧਤ ਅਧਿਕਾਰੀਆਂ ਨੂੰ ਰਹਿੰਦੇ ਕੰਮ 30 ਸਤੰਬਰ ਤੱਕ ਮੁਕੰਮਲ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਐਸ.ਆਈ.ਆਰ. ਪ੍ਰਕਿਰਿਆ ਲਈ ਤਾਇਨਾਤ ਸਮੁੱਚੇ ਅਮਲੇ ਖਾਸ ਕਰ ਬੀ.ਐਲ.ਓਜ਼ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਤਾਂ ਜੋ ਉਹ ਸੁਚੱਜੇ ਢੰਗ ਨਾਲ ਸਮੁੱਚੀ ਪ੍ਰਕਿਰਿਆ ਨੂੰ ਤੈਅ ਸਮੇਂ ਅੰਦਰ ਨੇਪਰੇ ਚਾੜ੍ਹ ਸਕਣ। ਉਨ੍ਹਾਂ ਕਿਹਾ ਕਿ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਣਾ ਹੈ ਜਿਸ ਉਪਰੰਤ 12 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ।

ਇਸ ਮੌਕੇ ਸਬੰਧਤ ਐਸ.ਡੀ.ਐਮ ਸੰਜੀਵ ਕੁਮਾਰ, ਅੰਡਰ ਟਰੇਨਿੰਗ ਪੀ.ਸੀ.ਐਸ. ਅਧਿਕਾਰੀ ਅਮਨਦੀਪ ਕੌਰ, ਚੋਣ ਤਹਿਸੀਲਦਾਰ ਰਮਨਦੀਪ ਕੌਰ, ਚੋਣ ਕਾਨੂੰਗੋ ਲਖਬੀਰ ਸਿੰਘ ਆਦਿ ਮੌਜੂਦ ਸਨ।

ਡੀ.ਏ. ਸੰਬੰਧੀ ਜਾਰੀ ਕੀਤੇ ਗਏ ਪੱਤਰ ਵਿੱਚਲੀਆਂ ਤਰੁੱਟੀਆਂ ਦੂਰ ਕਰੇ ਸਰਕਾਰ : ਸ਼ਿਆਮ ਲਾਲ ਸ਼ਰਮਾ

ਪੈ.ਗਾਮ-ਏ-ਜਗਤ
ਐਸ.ਏ.ਐਸ. ਨਗਰ, 25 ਸਤੰਬਰ
(ਹਰਮਿੰਦਰ ਸਿੰਘ ਨਾਗਪਾਲ)

ਪੰਜਾਬ ਸਕੱਤਰੇਤ ਸਰਵਿਸਿਜ਼ (ਰਿਟਾਇਰਡ ਆਫਿਸਰਜ਼) ਐਸੋਸੀਏਸ਼ਨ ਦੇ ਪ੍ਰਧਾਨ ਸ਼ਿਆਮ ਲਾਲ ਸ਼ਰਮਾ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਵਲੋਂ ਬੀਤੇ ਦਿਨੀਂ ਪੰਜਾਬ ਦੇ ਕਰਮਚਾਰੀਆਂ ਅਤੇ ਪੈਂਸ਼ਨਰਾਂ ਨੂੰ 8 ਫੀਸਦੀ ਵੱਧ ਡੀ.ਏ. ਦੇਣ ਸੰਬੰਧੀ ਜਾਰੀ ਕੀਤੇ ਗਏ ਪੱਤਰ ਦੀਆਂ ਤਰੁੱਟੀਆਂ ਨੂੰ ਦੂਰ ਕੀਤਾ ਜਾਵੇ। ਇੱਥੇ ਜਾਰੀ ਬਿਆਨ ਵਿੱਚ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਪੈਨਸ਼ਨਰਾਂ ਅਤੇ ਕਰਮਚਾਰੀਆਂ ਨੂੰ ਮਿਤੀ 1 ਸਤੰਬਰ 2026 ਤੋਂ ਅੱਠ ਫੀਸਦੀ ਵੱਧ ਡੀ.ਏ. ਦੇਣ ਸੰਬੰਧੀ ਪੱਤਰ ਜਾਰੀ ਕੀਤਾ ਗਿਆ ਹੈ, ਜੋ ਕਿ ਅਕਤੂਬਰ ਵਿੱਚ ਮਿਲਣ ਵਾਲੀ ਪੈਨਸ਼ਨ/ਤਨਖਾਹ ਨਾਲ ਪ੍ਰਾਪਤ ਹੋਵੇਗਾ। ਉਹਨਾਂ ਕਿਹਾ ਕਿ ਡੀਏ ਸੰਬੰਧੀ ਬੀਤੀ ਦਿਨ ਜਾਰੀ ਕੀਤੇ ਗਏ ਪੱਤਰ ਵਿੱਚ ਇਹ ਤਰੁੱਟੀ ਹੈ ਕਿ ਸਰਕਾਰ ਨੂੰ ਲਿਖਣਾ ਚਾਹੀਦਾ ਹੈ ਕਿ ਮਿਤੀ 1 ਜੁਲਾਈ 2023 ਤੋਂ 4 ਫੀਸਦੀ ਅਤੇ ਮਿਤੀ 1 ਜਨਵਰੀ 2024 ਤੋਂ 4 ਫੀਸਦੀ ਕੁੱਲ 8 ਫੀਸਦੀ ਡੀਏ ਦੇਣ ਦਾ ਫੈਸਲਾ ਕੀਤਾ ਗਿਆ ਹੈ । ਇਸਦੇ ਨਾਲ ਹੀ ਪਹਿਲਾਂ ਜਾਰੀ ਕੀਤੇ ਗਏ ਪੱਤਰਾਂ ਦੀ ਤਰ੍ਹਾਂ ਇਹ ਵੀ ਲਿਖਿਆ ਜਾਣਾ ਬਣਦਾ ਹੈ ਕਿ ਇੱਕ ਜੁਲਾਈ 2023 ਅਤੇ 1 ਜਨਵਰੀ 2024 ਤੋਂ ਬਣਦੇ ਬਕਾਏ ਸੰਬੰਧੀ ਫੈਸਲਾ ਬਾਅਦ ਵਿੱਚ ਕੀਤਾ ਜਾਵੇਗਾ। ਉਹਨਾਂ ਮੰਗ ਕੀਤੀ ਕਿ ਇਹ ਤਰੁਟੀ ਦੂਰ ਕੀਤੀ ਜਾਵੇ ਅਤੇ ਭਾਰਤ ਸਰਕਾਰ ਨਾਲੋਂ ਡੀ ਏ ਡੀ-ਲਿੰਕ ਕਰਨ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਉਹਨਾਂ ਇਹ ਵੀ ਮੰਗ ਕੀਤੀ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਡੀਏ ਸਬੰਧੀ ਡਿਵੀਜ਼ਨਜ਼ ਬੈਂਚ ਵੱਲੋਂ ਦਿੱਤੇ ਗਏ ਫੈਸਲੇ ਅਨੁਸਾਰ 18 ਫੀਸਦੀ ਡੀਈਏ ਅਤੇ ਬਣਦੇ ਸਾਰੇ ਬਕਾਏ 6 ਫੀਸਦੀ ਵਿਆਜ਼ ਸਮੇਤ ਦਿੱਤੇ ਜਾਣ।



ਉਹਨਾਂ ਕਿਹਾ ਕਿ ਅਕਤੂਬਰ ਦੇ ਪਹਿਲੇ ਹਫਤੇ ਵਿੱਚ ਮੁੱਖ ਮੰਤਰੀ ਨਾਲ ਹੋਣ ਵਾਲੀ ਮੀਟਿੰਗ ਵਿੱਚ ਪੈਨਸ਼ਨਰਾਂ ਦੀ ਪੈਨਸ਼ਨ 2.59 ਫਾਰਮੂਲੇ ਅਨੁਸਾਰ ਸੋਧਣ ਸਬੰਧੀ ਫੈਸਲਾ ਕੀਤਾ ਜਾਵੇ ਅਤੇ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਮੀਟਿੰਗ ਵਿੱਚ ਹੋਏ ਵਿਚਾਰ ਵਟਾਂਦਰੇ ਅਨੁਸਾਰ ਬਾਕੀ ਮੰਗਾਂ ਵੀ ਮੰਨੀਆਂ ਜਾਣ।

ਚੰਡੀਗੜ੍ਹ ਵਿੱਚ ਕਾਂਗਰਸ ਪਾਰਟੀ ਵਲੋਂ ਮੁੱਖ ਚੋਣ ਕਮਿਸ਼ਨਰ ਦੇ ਖਿਲਾਫ ਦਿੱਤੇ ਧਰਨੇ ਵਿੱਚ ਸਮਰਥਕਾਂ ਸਮੇਤ ਸ਼ਾਮਿਲ ਹੋਏ ਪਹਿਲਵਾਨ ਗਿਲ

ਐਸ.ਏ.ਐਸ. ਨਗਰ, 25 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਕਾਂਗਰਸ ਵਲੋਂ ਅੱਜ ਚੰਡੀਗੜ੍ਹ ਵਿੱਚ ਚੋਣ ਕਮਿਸ਼ਨ ਦੇ ਦਫਤਰ ਦੇ ਬਾਹਰ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਦੇ ਖਿਲਾਫ ਦਿੱਤੇ ਗਏ ਧਰਨੇ ਦੌਰਾਨ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਕਾਂਗਰਸ ਦੇ ਜਿਲਾ ਮੁਹਾਲੀ ਦੇ ਪ੍ਰਧਾਨ ਪਹਿਲਵਾਨ ਅਮਰਜੀਤ ਸਿੰਘ ਗਿੱਲ ਵਲੋਂ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ਗਈ। ਪਹਿਲਵਾਨ ਗਿਲ ਨੇ ਦੱਸਿਆ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਸੱਦੇ ਤੇ ਸੂਬਾ ਕਾਂਗਰਸ ਵੱਲੋਂ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਕਾਂਗਰਸ ਦੇ ਸਹਿਯੋਗ ਨਾਲ ਚੰਡੀਗੜ੍ਹ ਸੈਕਟਰ 17 ਵਿਚ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ਵਰ ਕੁਮਾਰ ਦੇ ਖਿਲਾਫ ਧਰਨਾ ਦੇ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ।

ਉਹਨਾਂ ਦੱਸਿਆ ਕਿ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਕਾਂਗਰਸ ਦੇ ਸੂਬਾ ਚੇਅਰਮੈਨ ਐਡਵੋਕੇਟ ਜਸਪ੍ਰੀਤ ਸਿੰਘ ਅਗਵਾਈ ਹੇਠ ਸੰਗਠਨ ਦੇ ਸਮੂਹ ਅਹੁਦੇਦਾਰਾਂ ਵੱਲੋਂ ਇਸ ਰੋਸ ਮੁਜਾਹਰੇ ਵਿੱਚ ਸ਼ਿਰਕਤ ਕੀਤੀ ਗਈ ਅਤੇ ਦੇਸ਼ ਦੇ ਮੁੱਖ ਚੋਣ ਕਮਿਸ਼ਨ ਦਾ ਪੁਤਲਾ ਸਾੜ ਕੇ ਉਸ ਦੇ ਵਿਰੁੱਧ ਮਾਮਲਾ ਦਰਜ ਕਰਕੇ ਗਿਰਫਤਾਰ ਕਰਨ ਦੀ ਮੰਗ ਕੀਤੀ।

ਉਹਨਾਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇਸ਼ ਵਿੱਚ ਵਿਸ਼ੇਸ਼ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸਮੀਖਿਆ (ਐਸ ਆਈ ਆਰ) ਰਾਹੀ ਵੋਟਰਾਂ ਦੀਆਂ ਵੋਟਾਂ ਕੱਟ ਕੇ ਵੱਖ-ਵੱਖ ਸੂਬਿਆਂ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਕੰਮ ਕਰ ਰਹੇ ਹਨ, ਜਿਸ ਦੀ ਮਿਸਾਲ ਸੂਬੇ ਦੇ 20 ਲੱਖ ਵੋਟਰਾਂ ਦੀਆਂ ਵੋਟਾਂ ਕੱਟਣ ਨਾਲ ਮਿਲਦੀ ਹੈ।

‘ਪੈਗਾਮ-ਏ-ਜਗਤ’ ’ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਐਨ.ਸੀ.ਸੀ. ਕੇਡਿਟਜ ਨੂੰ ਹਲਕਾਅ ਤੋਂ ਬਚਣ ਅਤੇ ਫਸਟ ਏਡ ਬਾਰੇ ਜਾਣਕਾਰੀ ਦਿੱਤੀ

ਪਟਿਆਲਾ, 25 ਸਤੰਬਰ
(ਪੈ.ਗਾਮ-ਏ-ਜਗਤ)




ਸਰਕਾਰੀ ਆਈ ਟੀ ਆਈ ਮਾਡਲ ਟਾਊਨ ਪਟਿਆਲਾ ਦੇ ਐਨ ਸੀ ਸੀ ਕੇਡਿਟਜ ਨੂੰ ਰਾਸ਼ਟਰੀ ਹਲਕਾਅ ਦਿਵਸ਼ ਮੌਕੇ, ਬਚਣ, ਬਚਾਉਣ ਦੀ ਜਾਣਕਾਰੀ ਦੇਣ ਲਈ ਡਿਪਟੀ ਡਾਇਰੈਕਟਰ ਕਮ ਪ੍ਰਿੰਸੀਪਲ ਸ਼੍ਰੀਮਤੀ ਦਿਪਾਲੀ ਦੀ ਸ੍ਰਪ੍ਰਸਤੀ ਹੇਠ ਪ੍ਰੋਗਰਾਮ ਕਰਵਾਏ ਜਿਸ ਦੌਰਾਨ ਫਸਟ ਏਡ, ਸੇਫਟੀ, ਸਿਹਤ, ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਵਲੋਂ ਦਸਿਆ ਕਿ ਪਿਛਲੇ ਸਾਲ ਹਲਕਾਅ ਕਾਰਨ ਦੇਸ਼ ਵਿੱਚ 12 ਲੱਖ ਤੋਂ ਵੱਧ ਲੋਕਾਂ, ਬੱਚਿਆਂ, ਨੌਜਵਾਨਾਂ ਦੀਆਂ ਮੌਤਾਂ ਹੋਈਆਂ। ਉਨ੍ਹਾਂ ਨੇ ਦੱਸਿਆ ਕਿ ਅੱਜ ਵੀ ਦੁਨੀਆ ਵਿੱਚ ਹਲਕਾਅ ਹੋਣ ਮਗਰੋਂ ਇਲਾਜ ਅਸੰਭਵ ਹੈ। ਉਨ੍ਹਾਂ ਨੇ ਕਿਹਾ ਕਿ ਕਿਸੇ ਵੀ ਜਾਨਵਰ ਦੇ ਕੱਟਣ, ਚੱਟਣ ਜਾਂ ਉਨ੍ਹਾਂ ਦਾ ਸਲਾਇਵਾ ਜਾਂ ਨੋਹਾਂ ਰਾਹੀਂ ਹਲਕਾਅ ਹੋ ਰਹੇ ਹਨ।

ਕਾਕਾ ਰਾਮ ਵਰਮਾ ਨੇ ਦੱਸਿਆ ਕਿ ਇਲਾਜ਼ ਅਤੇ ਫਸਟ ਏਡ ਕਰਕੇ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਜਖ਼ਮ ਨੂੰ 10 ਵਾਰੀ ਸਾਫ਼ ਪਾਣੀ ਅਤੇ ਸਾਬਣ ਨਾਲ ਸਾਫ਼ ਕਰਕੇ ਡਾਕਟਰਾਂ ਦੀ ਸਲਾਹ ਅਨੁਸਾਰ ਇਲਾਜ ਕਰਵਾਉਣਾ ਅਤੇ ਪਾਲੇ ਹੋਏ ਜਾਨਵਰਾਂ ਨੂੰ ਹਰ ਸਾਲ ਟੀਕੇ ਲਗਵਾਉਣੇ ਜ਼ਰੂਰੀ ਹਨ। ਲੈਫਟੀਨੈਂਟ ਜਗਦੀਸ਼ ਸਿੰਘ ਜੋਸ਼ੀ ਅਤੇ ਲੈਕਚਰਾਰ ਸੁਖਦੇਵ ਸਿੰਘ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ, ਅਧਿਆਪਕਾਂ ਅਤੇ ਨਾਗਰਿਕਾਂ ਨੂੰ ਆਪਣੀ ਸੁਰੱਖਿਆ, ਸਿਹਤ, ਤਦੰਰੁਸਤੀ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਬਚਾਉਣ ਦੀ ਟ੍ਰੇਨਿੰਗਾਂ ਅਭਿਆਸ ਅਤੇ ਜਾਣਕਾਰੀ ਹੀ ਭਵਿੱਖ ਵਿੱਚ ਬਚਣ, ਬਚਾਉਣ ਲਈ ਮਦਦਗਾਰ ਸਿੱਧ ਹੋਣਗੇ, ਵਿਦਿਆਰਥੀਆਂ ਨੂੰ ਬੇਨਤੀ ਕੀਤੀ ਕਿ ਇਹ ਜਾਣਕਾਰੀ ਆਪਣੇ ਪਿੰਡਾਂ ਅਤੇ ਮਹਲਿਆ ਵਿਖੇ ਜ਼ਰੂਰ ਦਿੱਤੀ ਜਾਵੇ।

ਲਿਵਾਸਾ ਹਸਪਤਾਲ, ਅੰਮ੍ਰਿਤਸਰ ਦੇ ਕਾਰਡੀਅਕ ਮਾਹਿਰਾਂ ਨੇ ਨਿਯਮਿਤ ਜਾਂਚ ਅਤੇ ਸਮੇਂ ਸਿਰ ਡਾਕਟਰੀ ਦੇਖਭਾਲ ਦੇ ਮਹੱਤਵ 'ਤੇ ਦਿੱਤਾ ਜ਼ੋਰ

ਅੰਮ੍ਰਿਤਸਰ, 25 ਸਤੰਬਰ
(ਪੈ.ਗਾਮ-ਏ-ਜਗਤ)



ਵਿਸ਼ਵ ਦਿਲ ਦਿਵਸ ਦੇ ਮੌਕੇ 'ਤੇ, ਲਿਵਾਸਾ ਹਸਪਤਾਲ, ਅੰਮ੍ਰਿਤਸਰ ਨੇ ਸ਼ੁੱਕਰਵਾਰ ਨੂੰ 'ਸਕ੍ਰੀਨ ਯੂਅਰ ਹਾਰਟ, ਸੇਵ ਯੂਅਰ ਹਾਰਟ' ਪਹਿਲਕਦਮੀ ਦਾ ਐਲਾਨ ਕੀਤਾ। ਇੱਕ ਪੱਤਰਕਾਰ ਸੰਮੇਲਨ ਦੌਰਾਨ, ਹਸਪਤਾਲ ਦੇ ਸੀਨੀਅਰ ਕਾਰਡੀਅਕ ਮਾਹਿਰਾਂ, ਕਾਰਡੀਅਕ ਸਰਜਰੀ ਦੇ ਮੁਖੀ ਡਾ. (ਪ੍ਰੋ.) ਰਾਕੇਸ਼ ਸੂਡਾਨ, ਇੰਟਰਵੈਨਸ਼ਨਲ ਕਾਰਡੀਓਲੋਜੀ ਦੇ ਸੀਨੀਅਰ ਕੰਸਲਟੈਂਟ ਡਾ. ਅਨਿਲ ਸ਼ਰਮਾ ਅਤੇ ਇੰਟਰਵੈਨਸ਼ਨਲ ਕਾਰਡੀਓਲੋਜੀ ਦੇ ਸੀਨੀਅਰ ਕੰਸਲਟੈਂਟ ਡਾ. ਅਰਜੁਨ ਵੇਦ ਗੁਪਤਾ ਨੇ ਨਿਯਮਿਤ ਜਾਂਚ, ਚੇਤਾਵਨੀ ਦੇ ਲੱਛਣਾਂ ਨੂੰ ਪਛਾਣਨ ਅਤੇ ਸਮੇਂ ਸਿਰ ਡਾਕਟਰੀ ਦੇਖਭਾਲ ਪ੍ਰਾਪਤ ਕਰਨ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਦਿਲ ਨਾਲ ਸਬੰਧਤ ਬਿਮਾਰੀਆਂ ਦੇ ਬਦਲਦੇ ਸਰੂਪ, ਮੁੱਖ ਖਤਰੇ ਦੇ ਕਾਰਕਾਂ, ਚੇਤਾਵਨੀ ਦੇ ਸੰਕੇਤਾਂ ਅਤੇ ਦਿਲ ਦੀ ਦੇਖਭਾਲ ਦੇ ਖੇਤਰ ਵਿੱਚ ਹੋਈ ਤਰੱਕੀ 'ਤੇ ਵੀ ਚਰਚਾ ਕੀਤੀ।

ਡਾ. ਰਾਕੇਸ਼ ਸੂਡਾਨ ਨੇ ਕਿਹਾ, ਦਿਲ ਦਾ ਰੋਗ ਹੁਣ ਸਿਰਫ਼ ਵਧੇਰੇ ਉਮਰ ਦੇ ਲੋਕਾਂ ਤੱਕ ਸੀਮਤ ਨਹੀਂ ਰਹਿ ਗਿਆ ਹੈ। ਡਾਇਬਟੀਜ਼, ਹਾਈਪਰਟੈਨਸ਼ਨ, ਮੋਟਾਪਾ, ਤਣਾਅ ਅਤੇ ਸੁਸਤ ਜੀਵਨ ਸ਼ੈਲੀ ਵਰਗੇ ਵਧ ਰਹੇ ਖਤਰੇ ਦੇ ਕਾਰਕਾਂ ਕਰਕੇ ਸਮੇਂ ਸਿਰ ਜਾਂਚ ਬਹੁਤ ਜ਼ਰੂਰੀ ਹੋ ਗਈ ਹੈ। ਨਿਯਮਿਤ ਸਿਹਤ ਜਾਂਚ ਅਤੇ ਸ਼ੁਰੂਆਤੀ ਡਾਕਟਰੀ ਸਲਾਹ ਨਾਲ ਖਤਰਿਆਂ ਨੂੰ ਗੰਭੀਰ ਰੂਪ ਲੈਣ ਤੋਂ ਪਹਿਲਾਂ ਹੀ ਪਛਾਣਿਆ ਜਾ ਸਕਦਾ ਹੈ।

ਪ੍ਰੀਵੈਂਟਿਵ ਕਾਰਡੀਓਲੋਜੀ ਦੀ ਸ਼ੁਰੂਆਤ ਤੁਹਾਡੇ ਖਤਰੇ ਨੂੰ ਸਮਝਣ ਨਾਲ ਹੁੰਦੀ ਹੈ। ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਹਾਈ ਕੋਲੈਸਟ੍ਰੋਲ, ਸਿਗਰਟਨੋਸ਼ੀ ਦੀ ਆਦਤ ਜਾਂ ਦਿਲ ਦੀ ਬਿਮਾਰੀ ਦੇ ਪਾਰਿਵਾਰਿਕ ਇਤਿਹਾਸ ਵਾਲੇ ਲੋਕਾਂ ਨੂੰ ਨਿਯਮਿਤ ਦਿਲ ਦੀ ਜਾਂਚ ਪ੍ਰਤੀ ਵਿਸ਼ੇਸ਼ ਤੌਰ 'ਤੇ ਸੁਚੇਤ ਰਹਿਣਾ ਚਾਹੀਦਾ ਹੈ। ਸਮੇਂ ਸਿਰ ਨਿਦਾਨ ਨਾਲ ਇਲਾਜ ਦੇ ਨਤੀਜਿਆਂ ਵਿੱਚ ਵੱਡਾ ਫਰਕ ਪੈ ਸਕਦਾ ਹੈ, ਡਾ. ਅਨਿਲ ਸ਼ਰਮਾ ਨੇ ਕਿਹਾ। ਡਾ. ਅਰਜੁਨ ਵੇਦ ਗੁਪਤਾ ਨੇ ਦੱਸਿਆ ਕਿ ਅੱਜ ਦਿਲ ਦੀ ਦੇਖਭਾਲ ਵਧੇਰੇ ਸਟੀਕ ਅਤੇ ਮਰੀਜ਼-ਕੇਂਦਰਿਤ ਹੁੰਦੀ ਜਾ ਰਹੀ ਹੈ। ਉੱਨਤ ਇਮੇਜਿੰਗ ਅਤੇ ਇੰਟਰਵੈਨਸ਼ਨਲ ਤਕਨੀਕਾਂ ਡਾਕਟਰਾਂ ਨੂੰ ਕੋਰੋਨਰੀ ਬਿਮਾਰੀ ਦਾ ਵਧੇਰੇ ਸਹੀ ਮੁਲਾਂਕਣ ਕਰਨ ਅਤੇ ਉਸ ਅਨੁਸਾਰ ਇਲਾਜ ਦੀ ਯੋਜਨਾ ਬਣਾਉਣ ਵਿੱਚ ਮਦਦ ਕਰਦੀਆਂ ਹਨ।

ਲਿਵਾਸਾ ਹਸਪਤਾਲ ਅੰਮ੍ਰਿਤਸਰ ਦੇ ਫੈਸੀਲਿਟੀ ਡਾਇਰੈਕਟਰ ਡਾ. ਰਾਜੀਵ ਕੁੰਦਰਾ ਨੇ ਜਾਣਕਾਰੀ ਦਿੱਤੀ ਕਿ ਸਾਡਾ ਉਦੇਸ਼ ਤਜਰਬੇਕਾਰ ਮਾਹਿਰਾਂ, ਆਧੁਨਿਕ ਬੁਨਿਆਦੀ ਢਾਂਚੇ ਅਤੇ ਇੱਕ ਮਜ਼ਬੂਤ ਮਲਟੀ-ਡਿਸਿਪਲਿਨਰੀ ਟੀਮ ਦੇ ਸਹਿਯੋਗ ਨਾਲ ਸੁਲਭ ਅਤੇ ਉੱਨਤ ਦਿਲ ਦੀ ਦੇਖਭਾਲ ਪ੍ਰਦਾਨ ਕਰਨਾ ਹੈ।

ਬਾਰਡਰ ਏਰੀਆ ਨਿਯਮ ਲਾਗੂ ਕਰਨ ਨਾਲ ਸਰਕਾਰੀ ਖ਼ਜ਼ਾਨੇ 'ਤੇ ਪਵੇਗਾ 2 ਹਜ਼ਾਰ ਕਰੋੜ ਦਾ ਵਾਧੂ ਬੋਝ

ਚੰਡੀਗੜ੍ਹ, 25 ਸਤੰਬਰ
(ਪੈ.ਗਾਮ-ਏ-ਜਗਤ)

ਗੌਰਮਿੰਟ ਸਕੂਲ ਲੈਕਚਰਾਰ ਪ੍ਰਮੋਸ਼ਨ ਫਰੰਟ ਦੀ ਆਨਲਾਈਨ ਮੀਟਿੰਗ ਸੂਬਾ ਆਗੂਆਂ ਸੰਜੀਵ ਕੁਮਾਰ, ਰਣਬੀਰ ਸਿੰਘ ਅਤੇ ਚਰਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਸੰਜੀਵ ਕੁਮਾਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਨਿਯਮ-2018 ਤਹਿਤ ਕਰੀਬ 36 ਹਜ਼ਾਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਜਨਰਲ ਕਾਡਰ ਤੋਂ ਵੱਖ ਕੀਤਾ ਗਿਆ ਹੈ। ਇਨ੍ਹਾਂ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਿੰਸੀਪਲ, ਲੈਕਚਰਾਰ, ਮਾਸਟਰ ਕਾਡਰ, ਨਾਨ-ਟੀਚਿੰਗ ਅਤੇ ਮਨਿਸਟੀਰੀਅਲ ਸਟਾਫ਼ ਸਮੇਤ ਹੋਰ ਅਮਲਾ ਸ਼ਾਮਲ ਹੈ।

ਉਨ੍ਹਾਂ ਦੱਸਿਆ ਕਿ ਸਕੂਲ ਅਤੇ ਇੰਸਪੈਕਸ਼ਨ ਕਾਡਰ ਗਰੁੱਪ-ਏ ਅਧੀਨ ਬਾਰਡਰ ਏਰੀਏ ਲਈ 12 ਡੀਈਓ ਅਤੇ 491 ਡਿਪਟੀ ਡੀਈਓ ਤੇ ਪ੍ਰਿੰਸੀਪਲ ਦੀਆਂ ਅਸਾਮੀਆਂ ਦਰਜ ਹਨ। ਸਿੱਖਿਆ ਵਿਭਾਗ ਦੇ ਨਿਯਮ-2025 ਦੀ ਸੋਧ ਤਹਿਤ ਇਨ੍ਹਾਂ ਲਈ 12 ਡੀਈਓ ਅਤੇ 495 ਡਿਪਟੀ ਡੀਈਓ ਤੇ ਪ੍ਰਿੰਸੀਪਲ ਦੀਆਂ ਅਸਾਮੀਆਂ ਮਨਜ਼ੂਰ ਕੀਤੀਆਂ ਗਈਆਂ ਹਨ।



ਲੈਕਚਰਾਰ ਆਗੂ ਹਰਜੀਤ ਸਿੰਘ ਅਤੇ ਗੁਰਮੀਤ ਸਿੰਘ ਨੇ ਕਿਹਾ ਕਿ ਨਿਯਮ-2018 ਸਿਰਫ਼ ਸਕੂਲ ਸਿੱਖਿਆ ਵਿਭਾਗ ਲਈ ਬਣਾਏ ਗਏ ਹਨ, ਜਦਕਿ ਬਾਰਡਰ ਏਰੀਏ ਵਿੱਚ ਉੱਚ ਸਿੱਖਿਆ ਅਤੇ ਹੋਰ ਸਿਵਲ ਪ੍ਰਸ਼ਾਸਨ ਦੇ ਅਦਾਰੇ ਵੀ ਕੰਮ ਕਰਦੇ ਹਨ, ਜਿੱਥੇ ਅਜਿਹੀ ਕੋਈ ਵੱਖਰੀ ਵੰਡ ਨਹੀਂ ਕੀਤੀ ਗਈ।

ਭੁਪਿੰਦਰਪਾਲ ਸਿੰਘ ਅਤੇ ਚਰਨਜੀਤ ਸਿੰਘ ਨੇ ਕਿਹਾ ਕਿ ਨਿਯਮਾਂ ਅਨੁਸਾਰ 3 ਮਹੀਨਿਆਂ ਅੰਦਰ ਆਪਸ਼ਨ ਲੈ ਕੇ ਵੱਖਰਾ ਬਾਰਡਰ ਏਰੀਆ ਬਣਾਇਆ ਜਾਣਾ ਸੀ, ਪਰ ਅਜਿਹਾ ਨਹੀਂ ਹੋਇਆ। 2018 ਤੋਂ ਹੁਣ ਤੱਕ ਨਵੀਆਂ ਭਰਤੀਆਂ ਅਤੇ ਤਰੱਕੀਆਂ ਵਿੱਚ ਵੀ ਇਹ ਨਿਯਮ ਲਾਗੂ ਨਹੀਂ ਕੀਤੇ ਗਏ। ਨਵੀਂ ਬਦਲੀ ਨੀਤੀ ਵਿੱਚ ਵੀ ਬਾਰਡਰ ਏਰੀਏ ਲਈ ਵੱਖਰੇ ਨਿਯਮਾਂ ਦਾ ਪ੍ਰਬੰਧ ਨਹੀਂ ਹੈ।

ਸੂਬਾ ਆਗੂ ਰਣਬੀਰ ਸਿੰਘ ਸੋਹਲ ਨੇ ਦੱਸਿਆ ਕਿ ਇਨ੍ਹਾਂ ਨਿਯਮਾਂ ਨੂੰ 2018 ਤੋਂ ਲਾਗੂ ਕਰਨ 'ਤੇ 2026 ਤੱਕ ਪੰਜਾਬ ਸਰਕਾਰ 'ਤੇ ਕਰੀਬ 2 ਹਜ਼ਾਰ ਕਰੋੜ ਰੁਪਏ ਦਾ ਬਕਾਇਆ ਵਿੱਤੀ ਬੋਝ ਪਵੇਗਾ। ਇਸ ਤੋਂ ਇਲਾਵਾ ਸਾਲਾਨਾ 250 ਤੋਂ 300 ਕਰੋੜ ਰੁਪਏ ਦਾ ਵਾਧੂ ਬੋਝ ਪੈਣ ਦਾ ਅਨੁਮਾਨ ਹੈ। ਅਮਰਜੀਤ ਸਿੰਘ ਅਤੇ ਅਮਰਿੰਦਰ ਸਿੰਘ ਨੇ ਕਿਹਾ ਕਿ ਨਿਯਮਾਂ ਕਾਰਨ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਲੰਮੇ ਸਮੇਂ ਤੋਂ ਅਟਕੀਆਂ ਹੋਈਆਂ ਹਨ ਅਤੇ ਵਿਭਾਗ ਵਿੱਚ ਕਰੀਬ 58 ਫ਼ੀਸਦੀ ਅਸਾਮੀਆਂ ਖਾਲੀ ਹਨ। ਉਨ੍ਹਾਂ ਕਿਹਾ ਕਿ 30-32 ਸਾਲ ਦਾ ਤਜਰਬਾ ਰੱਖਣ ਵਾਲੇ ਯੋਗ ਉਮੀਦਵਾਰ ਬਿਨਾਂ ਤਰੱਕੀ ਤੋਂ ਸੇਵਾਮੁਕਤ ਹੋ ਰਹੇ ਹਨ। ਫਰੰਟ ਆਗੂਆਂ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਕੱਤਰ ਸਕੂਲ ਸਿੱਖਿਆ ਸੋਨਾਲੀ ਗਿਰੀ ਤੋਂ 2018 ਦੇ ਬਾਰਡਰ ਏਰੀਆ ਨਿਯਮ ਰੱਦ ਕਰਕੇ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਜਲਦ ਕਰਨ ਦੀ ਮੰਗ ਕੀਤੀ।

ਗਲੋਬਲ ਆਈ ਹਸਪਤਾਲ ਵਿਖੇ ਫਾਇਰ ਸੇਫਟੀ ਮੌਕ ਡਰਿੱਲ ਕਰਵਾਈ

ਪਟਿਆਲਾ, 25 ਸਤੰਬਰ
(ਪੈ.ਗਾਮ-ਏ-ਜਗਤ)



ਆਪਣੇ ਸਟਾਫ ਮੈਂਬਰਾਂ, ਮਰੀਜ਼ਾਂ, ਪਬਲਿਕ ਅਤੇ ਸਾਮਾਨ ਦੀ ਸੁਰੱਖਿਆ ਅਤੇ ਐਮਰਜੈਂਸੀ ਦੌਰਾਨ ਬਚਾਉ, ਮਦਦ, ਸਾਡੀ ਸਰਵੋਤਮ ਜੁਮੇਵਾਰੀ ਹੈ ਇਸ ਲਈ

- **ਗਲੋਬਲ ਆਈ ਹਸਪਤਾਲ ਨੂੰ ਸਰਵੋਤਮ ਹਸਪਤਾਲ ਵਜੋਂ ਸਨਮਾਨਿਤ ਕੀਤਾ**

ਹਰੇਕ 6 ਮਹੀਨੇ ਮਗਰੋਂ ਹਸਪਤਾਲ ਵਿਖੇ ਫਾਇਰ ਸੇਫਟੀ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਬਚਾਉਣ ਦੀ ਮੌਕ ਡਰਿੱਲਾਂ ਕਰਵਾਈਆਂ ਜਾ ਰਹੀਆਂ ਹਨ, ਇਹ ਜਾਣਕਾਰੀ ਦਿੰਦੇ ਹੋਏ ਹਸਪਤਾਲ ਦੇ ਮੁੱਖੀ ਡਾਕਟਰ ਮਨਪ੍ਰੀਤ ਸਿੰਘ ਨੇ ਸ਼੍ਰੀ ਕਾਕਾ ਰਾਮ ਵਰਮਾ, ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਟ੍ਰੇਨਰ ਅਤੇ ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ ਇੰਸਪੈਕਟਰ ਸਰਬਜੀਤ ਕੌਰ ਵਲੋਂ ਦਿੱਤੀ ਵੱਡਮੁੱਲੀ ਟ੍ਰੇਨਿੰਗ ਅਤੇ ਗਲੋਬਲ ਹਸਪਤਾਲ ਨੂੰ ਵਧੀਆ ਹਸਪਤਾਲ ਅਤੇ ਡਾਕਟਰਾਂ ਨੂੰ ਸਿਹਤ ਅਧਿਆਪਕ ਵਜੋਂ ਦਿੱਤੇ ਪ੍ਰਸੰਸਾ ਪੱਤਰ ਹਿੱਤ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਕਾਕਾ ਰਾਮ ਵਰਮਾ ਅਤੇ ਇੰਸਪੈਕਟਰ ਸਰਬਜੀਤ ਕੌਰ ਵਲੋਂ ਅੱਗਾਂ, ਗੈਸਾਂ, ਬਿਜਲੀ ਅਤੇ ਪੈਟਰੋਲੀਅਮ ਪਦਾਰਥਾਂ ਦੀਆਂ ਘਟਨਾਵਾਂ ਦੇ ਕਾਰਨਾਂ, ਅੱਗਾਂ ਦੀ ਕਿਸਮਾਂ, ਅੱਗਾਂ ਬੁਝਾਉਣ, ਅੱਗਾਂ ਲਗਣ ਸਮੇਂ ਆਪਣੀ, ਮਰੀਜ਼ਾਂ ਉਨ੍ਹਾਂ ਦੇ ਰਿਸ਼ਤੇਦਾਰਾਂ ਅਤੇ ਖੇਤਰ ਦੇ ਲੋਕਾਂ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਨੇ ਕਿਹਾ ਹਸਪਤਾਲਾਂ, ਫੈਕਟਰੀਆ, ਹੋਟਲਾਂ, ਢਾਬਿਆਂ, ਪੈਟਰੋਲ ਪੰਪਾਂ ਅਤੇ ਵਿੱਦਿਅਕ ਅਦਾਰਿਆਂ ਵਲੋਂ ਸਾਲ ਵਿੱਚ ਇੱਕ ਦੋ ਵਾਰ ਟ੍ਰੇਨਿੰਗਾਂ ਅਤੇ ਮੌਕ ਡਰਿੱਲਾਂ ਕਰਵਾਉਂਣ ਨਾਲ, 90% ਹਾਦਸੇ, ਜਾਂਨੀ ਅਤੇ ਮਾਲੀ ਨੁਕਸਾਨਾਂ ਨੂੰ ਘਟਾਇਆ ਜਾ ਸਕਦਾ ਹੈ। ਸਰਬਜੀਤ ਕੌਰ ਨੇ ਬੇਨਤੀ ਕੀਤੀ ਕਿ ਭਵਿੱਖ ਵਿੱਚ ਆਉਣ ਵਾਲੀਆਂ ਕੁਦਰਤੀ, ਮੌਸਮੀ, ਮਨੁੱਖੀ ਆਪਦਾਵਾਂ, ਘਰੇਲੂ ਘਟਨਾਵਾਂ, ਆਵਾਜਾਈ ਹਾਦਸਿਆਂ ਨੂੰ ਰੋਕਣ ਲਈ ਸੇਫਟੀ, ਨਿਮਰਤਾ, ਸ਼ਹਿਣਸ਼ੀਲਤਾ, ਸਬਰ ਸ਼ਾਂਤੀ ਦੇ ਨਿਯਮਾਂ ਕਾਨੂੰਨਾਂ ਦੀ ਪਾਲਣਾ ਕੀਤੀ ਜਾਵੇ। ਹਸਪਤਾਲ ਦੇ ਸੀਨੀਅਰ ਡਾਕਟਰ ਵਲੋਂ ਸ਼੍ਰੀ ਕਾਕਾ ਰਾਮ ਵਰਮਾ ਅਤੇ ਇੰਸਪੈਕਟਰ ਸਰਬਜੀਤ ਕੌਰ ਦਾ ਸਨਮਾਨ ਕੀਤਾ ਗਿਆ।

ਰੇਲਵੇ ਨੇ ਏਆਈ ਕੈਮਰਿਆਂ ਨਾਲ ਦੂਜੇ ਦੀ ਥਾਂ ਟੈੱਸਟ ਵਿਚ ਹਿੱਸਾ ਲੈਣ ਵਾਲੇ 7 ਜਣੇ ਫੜੇ

ਪੈ.ਗਾਮ-ਏ-ਜਗਤ/ਅੰਬਾਲਾ
25 ਸਤੰਬਰ (ਆਰ.ਸਿੰਘ)

ਰੇਲਵੇ ਨੇ ਪਹਿਲੀ ਵਾਰ ਏਆਈ ਕੈਮਰਿਆਂ ਦੀ ਵਰਤੋਂ ਕਰਕੇ ਭਰਤੀ ਲਈ ਦੂਜੇ ਪ੍ਰੀਖਿਆਰਥੀਆਂ ਦੀ ਥਾਂ ਸਰੀਰਕ ਕੁਸ਼ਲਤਾ ਟੈੱਸਟ ਦੇਣ ਵਾਲੇ ਤਿੰਨ ਦਿਨਾਂ ਵਿਚ 7 ਜਣਿਆਂ ਨੂੰ ਕਾਬੂ ਕੀਤਾ ਹੈ। ਰੇਲਵੇ ਭਰਤੀ ਸੈੱਲ ਵੱਲੋਂ ਇਹ ਟੈੱਸਟ ਉੱਤਰੀ ਰੇਲਵੇ ਦੇ ਅੰਬਾਲਾ ਛਾਉਣੀ ਦੇ ਰੇਲਵੇ ਸਟੇਡੀਅਮ ਵਿੱਚ ਚੱਲ ਰਹੇ ਸਨ ਅਤੇ ਤਿੰਨ ਦਿਨਾਂ ਵਿੱਚ ਕਰਵਾਏ ਗਏ ਸਰੀਰਕ ਕੁਸ਼ਲਤਾ ਟੈੱਸਟ ਦੌਰਾਨ ਦੂਜਿਆਂ ਦੀ ਥਾਂ ਦੌੜ ਵਿਚ ਹਿੱਸਾ ਲੈਣ ਵਾਲੇ ਏਆਈ ਕੈਮਰਿਆਂ ਨਾਲ ਸੱਤ ਜਣੇ ਫੜੇ ਗਏ ਜਿਨ੍ਹਾਂ ਵਿਚੋਂ ਦੋ ਦੌੜ ਗਏ। ਦੌੜਨ ਵਾਲਿਆਂ ਖ਼?ਲਾਫ਼ ਐਫਆਈਆਰ ਦਰਜ ਕੀਤੀ ਗਈ ਹੈ ਜਦੋਂ ਕਿ ਪੰਜਾਂ ਦੀ ਜਾਂਚ ਚੱਲ ਰਹੀ ਹੈ।

ਅੰਬਾਲਾ ਛਾਉਣੀ ਸਥਿਤ ਰੇਲਵੇ ਡਵੀਜ਼ਨਲ ਦਫ਼ਤਰ ਦੇ ਅਧਿਕਾਰੀਆਂ ਦੇ ਅਨੁਸਾਰ ਰੇਲਵੇ ਭਰਤੀ ਸੈੱਲ 22 ਸਤੰਬਰ ਤੋਂ 28 ਸਤੰਬਰ, 2026 ਤੱਕ ਸਰੀਰਕ ਕੁਸ਼ਲਤਾ ਟੈੱਸਟ ਕਰਵਾ ਰਿਹਾ ਹੈ। ਇਸ ਟੈੱਸਟ ਵਿੱਚ 35 ਕਿੱਲੋਗਰਾਮ ਭਾਰ ਦੇ ਨਾਲ 100 ਮੀਟਰ ਅਤੇ 1000 ਮੀਟਰ ਦੌੜਨਾ ਸ਼ਾਮਲ ਹੈ। ਇਹ ਵੱਡਾ ਖ਼ੁਲਾਸਾ 24 ਸਤੰਬਰ ਨੂੰ ਏਆਈ ਕੈਮਰਿਆਂ ਤੋਂ ਪ੍ਰਾਪਤ ਡਾਟਾ ਅਤੇ ਪ੍ਰੀਖਿਆ ਪ੍ਰਕਿਰਿਆ ਦੀ ਨਿਗਰਾਨੀ ਕਰਨ ਵਾਲੀ ਨਿੱਜੀ ਏਜੰਸੀ ਦੇ ਡਾਟਾ ਦੀ ਬਾਇਓ ਮੈਟ੍ਰਿਕ ਤੁਲਨਾ ਦੌਰਾਨ ਸਾਹਮਣੇ ਆਇਆ। ਪਹਿਲੇ ਮਾਮਲੇ ਵਿੱਚ ਰਾਜਸਥਾਨ ਦੇ ਅਲਵਰ ਨੇੜੇ ਰੂਪਬਾਸ ਪਿੰਡ ਦਾ ਰਹਿਣ ਵਾਲਾ ਗਿਰ ਰਾਜ ਮੀਣਾ ਅੰਬਾਲਾ ਵਿੱਚ ਪ੍ਰੀਖਿਆ ਵਿੱਚ ਬੈਠਾ ਸੀ। ਜਾਂਚ ਤੋਂ ਪਤਾ ਲੱਗਾ ਕਿ ਇਹ ਦੋਸ਼ੀ ਪਹਿਲਾਂ 5 ਸਤੰਬਰ, 2026 ਨੂੰ ਰਾਹੁਲ ਮੀਣਾ ਨਾਮਕ ਉਮੀਦਵਾਰ ਦੇ ਭੇਸ ਵਿੱਚ ਨਾਗਪੁਰ ਵਿੱਚ ਸਰੀਰਕ ਕੁਸ਼ਲਤਾ ਪ੍ਰੀਖਿਆ ਲਈ ਬੈਠਾ ਸੀ। ਪੁੱਛ-ਗਿੱਛ ਦੌਰਾਨ ਉਸ ਨੇ ਮੰਨਿਆ ਕਿ ਰਾਹੁਲ ਮੀਣਾ ਉਸ ਦੇ ਮਾਮੇ ਦਾ ਪੁੱਤਰ ਹੈ। ਦੂਜੇ ਮਾਮਲੇ ਵਿੱਚ ਉੱਤਰ ਪ੍ਰਦੇਸ਼ ਦੇ ਫ਼?ਰੋਜ਼ਾਬਾਦ ਦੇ ਸ਼ਾਹਪੁਰ ਪਿੰਡ ਦਾ ਰਹਿਣ ਵਾਲਾ ਸੰਦੀਪ ਕੁਮਾਰ ਯਾਦਵ ਵੀ ਏਆਈ ਸਕਰੀਨਿੰਗ ਦੁਆਰਾ ਫੜਿਆ ਗਿਆ। ਰਿਕਾਰਡਾਂ ਤੋਂ ਪਤਾ ਲੱਗਾ ਹੈ ਕਿ ਉਹ 6 ਸਤੰਬਰ, 2026 ਨੂੰ ਰਤਲਾਮ (ਮੱਧ ਪ੍ਰਦੇਸ਼) ਵਿੱਚ ਆਪਣੇ ਰਿਸ਼ਤੇਦਾਰ ਅਭਿਸ਼ੇਕ ਦੀ ਜਗ?ਹਾ ਪ੍ਰੀਖਿਆ ਵਿੱਚ ਬੈਠਾ ਸੀ। ਇਸ ਤੋਂ ਇਲਾਵਾ ਬੁੱਧਵਾਰ ਨੂੰ ਇੱਕ ਹੋਰ ਜਾਂਚ ਵਿੱਚ ਪਤਾ ਲੱਗਾ ਕਿ ਹਿਸਾਰ ਦੇ ਜਾਖ਼ਲ ਰੇਲਵੇ ਕਾਲੋਨੀ ਦਾ ਰਹਿਣ ਵਾਲਾ ਸਤੀਸ਼ 22 ਸਤੰਬਰ ਨੂੰ ਆਪਣੇ ਦੋਸਤ ਦੀਪਕ ਦੀ ਜਗ?ਹਾ ਪ੍ਰੀਖਿਆ ਵਿੱਚ ਬੈਠਾ ਸੀ। ਇਸ ਤੋਂ ਬਾਅਦ ਉਹ 23 ਸਤੰਬਰ ਨੂੰ ਆਪਣੀ ਪ੍ਰੀਖਿਆ ਵਿੱਚ ਬੈਠਾ ਅਤੇ ਫੜਿਆ ਗਿਆ। ਸਤੀਸ਼ ਫਿਰ ਮੌਕੇ ਤੋਂ ਭੱਜ ਗਿਆ।

ਸ਼ੁੱਕਰਵਾਰ ਨੂੰ ਭਰਤੀ ਮੁਹਿੰਮ ਦੌਰਾਨ ਤਿੰਨ ਨੌਜਵਾਨ ਇੱਕ ਵਾਰ ਫਿਰ ਸ਼ੱਕੀ ਹਾਲਤਾਂ ਵਿੱਚ ਫੜੇ ਗਏ। ਤਿੰਨਾਂ ਨੂੰ ਏਆਈ ਕੈਮਰਿਆਂ ਨੇ ਕੈਦ ਕਰ ਲਿਆ। ਪ੍ਰਾਪਤ ਜਾਣਕਾਰੀ ਅਨੁਸਾਰ ਤਿੰਨੋਂ ਸ਼ੱਕੀ ਕਿਸੇ ਹੋਰ ਦੀ ਥਾਂ ਸਰੀਰਕ ਕੁਸ਼ਲਤਾ ਪ੍ਰੀਖਿਆ ਵਿੱਚ ਸ਼ਾਮਲ ਹੋਏ ਸਨ। ਪੁਲੀਸ ਕੋਲ ਜਲਦੀ ਹੀ ਸ਼ਿਕਾਇਤ ਦਰਜ ਕਰਵਾਈ ਜਾਵੇਗੀ।

ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਅੰਬਾਲਾ ਦੇ ਡੀਆਰਐਮ ਵੱਲੋਂ ਬਣਾਈ ਗਈ ਤਿੰਨ ਸੀਨੀਅਰ ਅਧਿਕਾਰੀਆਂ ਦੀ ਕਮੇਟੀ ਹਰਕਤ ਵਿੱਚ ਆ ਗਈ। ਸੈਂਟਰ ਇੰਚਾਰਜ ਅਤੇ ਸੀਨੀਅਰ ਡਵੀਜ਼ਨਲ ਪਰਸੋਨਲ ਅਫਸਰ ਦੇ ਨਿਰਦੇਸ਼ਾਂ 'ਤੇ ਕਮੇਟੀ ਮੈਂਬਰ ਅਤੇ ਸਹਾਇਕ ਪਰਸੋਨਲ ਅਫਸਰ ਸੁਰੇਸ਼ ਕੁਮਾਰ ਨੇ ਪੜਾਓ ਥਾਣੇ ਵਿਚ ਲਿਖਤੀ ਸ਼ਿਕਾਇਤ ਦੇ ਕੇ ਸਖ਼ਤ ਧਾਰਾਵਾਂ ਤਹਿਤ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਹੈ।

ਸੁਰੇਸ਼ ਕੁਮਾਰ ਦੀ ਸ਼ਿਕਾਇਤ 'ਤੇ ਪੜਾਓ ਪੁਲੀਸ ਨੇ ਧੋਖਾਧੜੀ/ਨਕਲ ਲਈ ਆਈਪੀਸੀ ਦੀ ਧਾਰਾ 319(2) ਅਤੇ 318(4) ਦੇ ਤਹਿਤ ਐਫਆਈਆਰ ਦਰਜ ਕੀਤੀ ਹੈ। ਥਾਣਾ ਇੰਚਾਰਜ ਪ੍ਰਵੀਨ ਆਰੀਆ ਨੇ ਦੱਸਿਆ ਕਿ ਸਤੀਸ਼ 22 ਸਤੰਬਰ ਨੂੰ ਉਮੀਦਵਾਰ ਦੀਪਕ ਦੀ ਜਗ?ਹਾ ਪ੍ਰੀਖਿਆ ਵਿੱਚ ਸ਼ਾਮਲ ਹੋਇਆ ਸੀ। 23 ਸਤੰਬਰ ਨੂੰ ਉਹ ਫਿਰ ਸਤੀਸ਼ ਕੁਮਾਰ ਦੀ ਜਗ?ਹਾ ਦੌੜ ਲਾਉਣ ਲਈ ਪਹੁੰਚ ਗਿਆ। ਰੇਲਵੇ ਤੋਂ ਦੋਵਾਂ ਉਮੀਦਵਾਰਾਂ ਦੇ ਰਿਕਾਰਡ ਮੰਗੇ ਗਏ ਹਨ ਤਾਂ ਜੋ ਉਨ੍ਹਾਂ ਨੂੰ ਫੜਿਆ ਜਾ ਸਕੇ। ਦੂਜੇ ਮਾਮਲੇ ਦੀ ਸਥਿਤੀ ਰਤਲਾਮ ਹੈ, ਇਸ ਲਈ ਡੀਡੀਆਰ ਕੱਟ ਕੇ ਰਤਲਾਮ ਭੇਜੀ ਜਾ ਰਹੀ ਹੈ।

ਐਨਡੀਪੀਐਸ ਐਕਟ ਤਹਿਤ ਕਾਰਵਾਈ, 1 ਕਿਲੋ 510 ਗ੍ਰਾਮ ਗਾਂਜਾ ਫੁੱਲ ਪੱਤੀ ਸਮੇਤ ਦੋਸ਼ੀ ਕਾਬੂ

ਪੈ.ਗਾਮ-ਏ-ਜਗਤ/ਕਰਨਾਲ
25 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ਼੍ਰੀ ਕਰਨ ਗੋਇਲ ਦੀ ਕੁਸ਼ਲ ਅਗਵਾਈ ਵਿੱਚ ਨਸ਼ਾ ਤਸਕਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਲਗਾਤਾਰ ਸਖ਼ਤ ਅਤੇ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਐਂਟੀ ਨਾਰਕੋਟਿਕਸ ਸੈੱਲ ਦੀ ਟੀਮ ਨੇ 1 ਕਿਲੋ 510 ਗ੍ਰਾਮ ਗਾਂਜਾ ਫੁੱਲ ਪੱਤੀ ਸਮੇਤ ਇੱਕ ਦੋਸ਼ੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਐਂਟੀ ਨਾਰਕੋਟਿਕਸ ਸੈੱਲ ਇੰਚਾਰਜ ਸਬ-ਇੰਸਪੈਕਟਰ ਰਾਜਨ ਦੀ ਅਗਵਾਈ ਵਿੱਚ ਟੀਮ ਨੇ ਨਸ਼ਾ ਤਸਕਰੀ ਵਿਰੁੱਧ ਕਾਰਵਾਈ ਕਰਦਿਆਂ ਦੋਸ਼ੀ ਨੂੰ ਕਾਬੂ ਕੀਤਾ। ਮਾਮਲੇ ਦੇ ਜਾਂਚ ਅਧਿਕਾਰੀ ਸਹਾਇਕ ਸਬ-ਇੰਸਪੈਕਟਰ ਪ੍ਰਦੀਪ ਨੇ ਟੀਮ ਨਾਲ ਗੁਪਤ ਸੂਚਨਾ ਦੇ ਆਧਾਰ 'ਤੇ ਨੇੜੇ ਰਿਲਾਇੰਸ ਪੈਟਰੋਲ ਪੰਪ ਨਿਸਿੰਗ ਵਿੱਚ ਛਾਪਾ ਮਾਰ ਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ। ਗ੍ਰਿਫਤਾਰ ਦੋਸ਼ੀ ਦੀ ਪਛਾਣ ਰਾਜੇਸ਼ ਪੁੱਤਰ ਉਪੇਂਦਰ ਰਾਏ, ਵਾਸੀ ਨੇੜੇ ਸੀਤਾਮਾਈ ਰਾਈਸਮਿਲ ਕੈਥਲ ਰੋਡ ਨਿਸਿੰਗ, ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ। ਪੁਲਿਸ ਟੀਮ ਵੱਲੋਂ ਦੋਸ਼ੀ ਦੀ ਤਲਾਸ਼ੀ ਲੈਣ 'ਤੇ ਉਸ ਦੇ ਕਬਜ਼ੇ ਵਿੱਚੋਂ 1 ਕਿਲੋ 510 ਗ੍ਰਾਮ ਗਾਂਜਾ ਫੁੱਲ ਪੱਤੀ ਬਰਾਮਦ ਹੋਇਆ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੋਸ਼ੀ ਖਿਲਾਫ ਪਹਿਲਾਂ ਵੀ ਐਨਡੀਪੀਐਸ ਐਕਟ ਤਹਿਤ 2 ਮਾਮਲੇ ਦਰਜ ਹਨ। ਇਸ ਸਬੰਧ ਵਿੱਚ ਥਾਣਾ ਨਿਸਿੰਗ ਵਿੱਚ ਐਨਡੀਪੀਐਸ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਪੁਲਿਸ ਵੱਲੋਂ ਦੋਸ਼ੀ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਤਾਂ ਜੋ ਨਸ਼ਾ ਤਸਕਰੀ ਦੇ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਕੇ ਹੋਰ ਸ਼ਾਮਲ ਦੋਸ਼ੀਆਂ ਵਿਰੁੱਧ ਵੀ ਨਿਯਮਾਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

ਨਜਾਇਜ਼ ਸ਼ਰਾਬ ਤਸਕਰੀ ਖਿਲਾਫ ਕਰਨਾਲ ਪੁਲਿਸ ਦੀ ਸਖ਼ਤ ਕਾਰਵਾਈ

ਤਿੰਨ ਵੱਖ-ਵੱਖ ਮਾਮਲਿਆਂ ਵਿੱਚ 3 ਤਸਕਰ ਕਾਬੂ, ਕਬਜ਼ੇ ਵਿੱਚੋਂ 41 ਬੋਤਲ ਠੇਕਾ ਸ਼ਰਾਬ ਮਾਰਕਾ ਮਸਤੀ ਮਾਲਟਾ ਬਰਾਮਦ

ਪੈ.ਗਾਮ-ਏ-ਜਗਤ/ਕਰਨਾਲ
25 ਸਤੰਬਰ (ਪ੍ਰਵੀਨ ਵਾਲੀਆ)

ਕਰਨਾਲ ਪੁਲਿਸ ਸੁਪਰਡੈਂਟ ਕਰਨ ਗੋਇਲ, ਆਈਪੀਐਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਭਰ ਵਿੱਚ ਨਜਾਇਜ਼ ਸ਼ਰਾਬ ਦੀ ਵਿਕਰੀ ਅਤੇ ਤਸਕਰੀ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਕਰਨਾਲ ਪੁਲਿਸ ਨੇ ਵੱਖ-ਵੱਖ ਥਾਣਾ ਖੇਤਰਾਂ ਤੋਂ 3 ਸ਼ਰਾਬ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਹੈ।

ਪੁਲਿਸ ਟੀਮਾਂ ਨੇ ਦੋਸ਼ੀਆਂ ਦੇ ਕਬਜ਼ੇ ਵਿੱਚੋਂ ਕੁੱਲ 41 ਬੋਤਲ ਨਜਾਇਜ਼ ਠੇਕਾ ਸ਼ਰਾਬ ਮਾਰਕਾ ਮਸਤੀ ਮਾਲਟਾ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਪਹਿਲੇ ਮਾਮਲੇ ਵਿੱਚ ਥਾਣਾ ਘਰੌਂਡਾ ਦੀ ਪੁਲਿਸ ਟੀਮ ਨੇ ਥਾਣਾ ਇੰਚਾਰਜ ਇੰਸਪੈਕਟਰ ਦੀਪਕ ਕੁਮਾਰ ਦੀ ਅਗਵਾਈ ਵਿੱਚ ਸਹਾਇਕ ਸਬ-ਇੰਸਪੈਕਟਰ ਰਮੇਸ਼ ਕੁਮਾਰ ਦੀ ਅਗਵਾਈ ਵਿੱਚ ਕਾਰਵਾਈ ਕਰਦਿਆਂ ਹਸਨਪੁਰ ਰੋਡ, ਘਰੌਂਡਾ ਤੋਂ ਇੱਕ ਦੋਸ਼ੀ ਨੂੰ ਕਾਬੂ ਕੀਤਾ। ਫੜੇ ਗਏ ਦੋਸ਼ੀ ਦੀ ਪਛਾਣ ਅਨਿਲ ਕੁਮਾਰ ਉਰਫ ਸੋਨੂੰ ਪੁੱਤਰ ਮਾਂਗੇ ਰਾਮ, ਵਾਸੀ ਵਾਰਡ ਨੰਬਰ 2, ਰਾਜੀਵ ਕਾਲੋਨੀ, ਕਰਨਾਲ ਵਜੋਂ ਹੋਈ। ਤਲਾਸ਼ੀ ਦੌਰਾਨ ਦੋਸ਼ੀ ਦੇ ਕਬਜ਼ੇ ਵਿੱਚੋਂ 13 ਬੋਤਲ ਨਜਾਇਜ਼ ਸ਼ਰਾਬ ਮਾਰਕਾ ਮਸਤੀ ਮਾਲਟਾ ਬਰਾਮਦ ਕੀਤੀ ਗਈ। ਦੋਸ਼ੀ ਖਿਲਾਫ ਥਾਣਾ ਘਰੌਂਡਾ ਵਿੱਚ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਦੂਜੇ ਮਾਮਲੇ ਵਿੱਚ ਥਾਣਾ ਸਦਰ ਕਰਨਾਲ ਦੀ ਟੀਮ ਨੇ ਥਾਣਾ ਇੰਚਾਰਜ ਇੰਸਪੈਕਟਰ ਤਰਸੇਮ ਚੰਦ ਦੀ ਅਗਵਾਈ ਵਿੱਚ ਮੁਨਕ ਰੋਡ, ਹਕੀਕਤ ਨਗਰ ਤੋਂ ਇੱਕ ਵਿਅਕਤੀ ਨੂੰ ਸ਼ੱਕੀ ਹਾਲਤ ਵਿੱਚ ਕਾਬੂ ਕੀਤਾ। ਪੁੱਛਗਿੱਛ ਵਿੱਚ ਦੋਸ਼ੀ ਦੀ ਪਛਾਣ ਪੰਕਜ ਭਾਟੀਆ ਪੁੱਤਰ ਵੇਦ ਪ੍ਰਕਾਸ਼ ਭਾਟੀਆ, ਵਾਸੀ ਸ਼ਿਵ ਕਾਲੋਨੀ, ਕਰਨਾਲ ਵਜੋਂ ਹੋਈ। ਪੁਲਿਸ ਨੇ ਦੋਸ਼ੀ ਦੇ ਕਬਜ਼ੇ ਵਿੱਚੋਂ 13 ਬੋਤਲ ਨਜਾਇਜ਼ ਸ਼ਰਾਬ ਮਾਰਕਾ 'ਮਸਤੀ ਮਾਲਟਾ' ਬਰਾਮਦ ਕੀਤੀ। ਦੋਸ਼ੀ ਵਿਰੁੱਧ ਥਾਣਾ ਸਦਰ ਕਰਨਾਲ ਵਿੱਚ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਗਈ।

ਤੀਜੇ ਮਾਮਲੇ ਵਿੱਚ ਥਾਣਾ ਸੈਕਟਰ 32-33 ਦੀ ਟੀਮ ਨੇ ਥਾਣਾ ਇੰਚਾਰਜ ਇੰਸਪੈਕਟਰ ਸੁਨੀਲ ਕੁਮਾਰ ਦੀ ਅਗਵਾਈ ਵਿੱਚ ਸਬ-ਇੰਸਪੈਕਟਰ ਕਰਮਬੀਰ ਸਿੰਘ ਦੀ ਮੌਜੂਦਗੀ ਵਿੱਚ ਗਊਸ਼ਾਲਾ ਫੁਸਗੜ੍ਹ ਦੇ ਨੇੜੇ ਤੋਂ ਦੋਸ਼ੀ ਆਕਾਸ਼ ਪੁੱਤਰ ਸਤੀਸ਼, ਵਾਸੀ ਵਿਕਾਸ ਨਗਰ, ਕਰਨਾਲ ਨੂੰ ਗ੍ਰਿਫਤਾਰ ਕੀਤਾ। ਦੋਸ਼ੀ ਦੇ ਕਬਜ਼ੇ ਵਿੱਚੋਂ 15 ਬੋਤਲ ਨਜਾਇਜ਼ ਸ਼ਰਾਬ ਮਾਰਕਾ 'ਮਸਤੀ ਮਾਲਟਾ' ਬਰਾਮਦ ਹੋਈ। ਪੁਲਿਸ ਨੇ ਦੋਸ਼ੀ ਨੂੰ ਨਿਯਮਾਂ ਅਨੁਸਾਰ ਹਿਰਾਸਤ ਵਿੱਚ ਲੈ ਕੇ ਕਾਨੂੰਨੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ।

ਗ੍ਰਿਫਤਾਰ ਕੀਤੇ ਗਏ ਤਿੰਨਾਂ ਦੋਸ਼ੀਆਂ ਤੋਂ ਨਜਾਇਜ਼ ਸ਼ਰਾਬ ਦੇ ਨੈੱਟਵਰਕ ਨਾਲ ਜੁੜੇ ਹੋਰ ਸਪਲਾਇਰਾਂ ਅਤੇ ਇਸ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਕਰਨਾਲ ਪੁਲਿਸ ਦਾ ਸਪੱਸ਼ਟ ਸੰਦੇਸ਼ ਹੈ ਕਿ ਜ਼ਿਲ੍ਹੇ ਵਿੱਚ ਨਸ਼ੇ ਅਤੇ ਨਜਾਇਜ਼ ਸ਼ਰਾਬ ਦੇ ਕਾਲੇ ਕਾਰੋਬਾਰ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਜਿਹੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਲਗਾਤਾਰ ਜਾਰੀ ਰਹੇਗੀ।

ਕਰਨਾਲ ਪੁਲਿਸ ਆਮ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਆਪਣੇ ਆਸ-ਪਾਸ ਨਜਾਇਜ਼ ਸ਼ਰਾਬ ਜਾਂ ਕਿਸੇ ਵੀ ਤਰ੍ਹਾਂ ਦੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਜਾਂ ਤਸਕਰੀ ਦੀ ਸੂਚਨਾ ਤੁਰੰਤ ਨੇੜਲੇ ਥਾਣੇ ਜਾਂ ਡਾਇਲ-112 'ਤੇ ਦੇਣ। ਸੂਚਨਾ ਦੇਣ ਵਾਲੇ ਨਾਗਰਿਕ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਅਨਾਜ ਮੰਡੀਆਂ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਦਿੱਤਾ ਭਰੋਸਾ : ਮਾਰਕੀਟ ਕਮੇਟੀ ਚੇਅਰਮੈਨ

- ਹਲਕਾ ਡੇਰਾਬੱਸੀ ਦੀਆਂ ਅਨਾਜ ਮੰਡੀਆਂ ਲਾਲੜੂ, ਟਿਵਾਣਾ, ਜੜੌਤ ਅਤੇ ਤਸਿੰਬਲੀ ਦਾ ਦੌਰਾ ਕਰਕੇ ਕਿਸਾਨ ਭਰਾਵਾਂ ਨਾਲ ਕੀਤੀ ਮੁਲਾਕਾਤ



ਪੈ.ਗਾਮ-ਏ-ਜਗਤ/ਮੋਹਾਲੀ, (ਸੰਜੀਵ ਸਿੰਘ ਸੈਣੀ)

ਇਸ ਮੌਕੇ ਸੰਗਠਨ ਇੰਚਾਰਜ ਹਲਕਾ ਡੇਰਾਬੱਸੀ ਅਤੇ ਮਾਰਕੀਟ ਕਮੇਟੀ ਚੇਅਰਮੈਨ ਲਾਲੜੂ ਗੁਰਸੇਵਕ ਸਿੰਘ ਪੁਆਧੀ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਨਾ ਆਵੇ, ਇਸ ਲਈ ਮੰਡੀ ਪ੍ਰਬੰਧਾਂ ਨੂੰ ਸੁਚਾਰੂ ਰੱਖਣਾ ਸਾਡੀ ਪਹਿਲ ਹੈ।


ਕਿਸਾਨ ਸਾਡੇ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਇਸ ਦੌਰਾਨ ਮੰਡੀਆਂ ਵਿੱਚ ਸਫ਼ਾਈ, ਬਿਜਲੀ ਅਤੇ ਪੀਣ ਵਾਲੇ ਪਾਣੀ ਸਮੇਤ ਹੋਰ ਜ਼ਰੂਰੀ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਅਤੇ ਮੌਕੇ 'ਤੇ ਕਿਸਾਨਾਂ ਨਾਲ ਗੱਲਬਾਤ ਕਰਕੇ ਮੰਡੀ ਪ੍ਰਬੰਧਾਂ ਸਬੰਧੀ ਉਨ੍ਹਾਂ ਦੀ ਰਾਏ ਵੀ ਲਈ ਗਈ।

ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਅਤੇ ਫ਼ਸਲ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਮੰਡੀ ਪ੍ਰਬੰਧਾਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇਗੀ। ਕਿਸਾਨ ਭਰਾਵਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਉਨ੍ਹਾਂ ਦੀ ਹਰ ਜਾਇਜ਼ ਸਮੱਸਿਆ ਨੂੰ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਵਾਉਣ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਕਿਸਾਨ ਵਿੰਗ ਦੇ ਸਾਥੀ ਵੀ ਮੌਜੂਦ ਰਹੇ।

ਬਾਬਾ ਸ੍ਰੀਚੰਦ ਜੀ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ 27 ਸਤੰਬਰ ਨੂੰ

ਪੈ.ਗਾਮ-ਏ-ਜਗਤ
ਅੰਬਾਲਾ, 25 ਸਤੰਬਰ (ਆਰ.ਸਿੰਘ)

ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀਚੰਦ ਜੀ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ 27 ਸਤੰਬਰ ਐਤਵਾਰ ਨੂੰ ਅੰਬਾਲਾ ਸ਼ਹਿਰ ਦੇ ਗੁਰਦੁਆਰਾ ਬੇਗਮਪੁਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਜਸਦੀਪ ਸਿੰਘ ਬੇਦੀ ਨੇ ਦੱਸਿਆ ਕਿ ਇਹ ਸਮਾਗਮ ਬਾਬਾ ਸ੍ਰੀਚੰਦ ਜੀ ਮਹਾਰਾਜ ਵੈੱਲਫੇਅਰ ਸੁਸਾਇਟੀ ਵੱਲੋਂ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਭਾਈ ਸਰਬਜੀਤ ਸਿੰਘ ਜੀ ਦਾ ਪ੍ਰਸਿੱਧ ਰਾਗੀ ਜਥਾ ਗੁਰਬਾਣੀ ਕੀਰਤਨ ਅਤੇ ਅਧਿਆਤਮਿਕ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕਰੇਗਾ।



ਸੁਸਾਇਟੀ ਦੇ ਬੁਲਾਰੇ ਗਗਨਜੋਤ ਸਿੰਘ ਬੇਦੀ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦਾ ਸਹਿਜ ਪਾਠ 1 ਸਤੰਬਰ ਨੂੰ ਗੁਰਦੁਆਰਾ ਬੇਗਮਪੁਰਾ ਸਾਹਿਬ ਵਿਖੇ ਆਰੰਭ ਹੋਇਆ ਸੀ ਜਿਸ ਦਾ ਭੋਗ 27 ਸਤੰਬਰ ਐਤਵਾਰ ਨੂੰ ਪਵੇਗਾ। ਭੋਗ ਤੋਂ ਬਾਅਦ ਭਾਈ ਸਰਬਜੀਤ ਸਿੰਘ ਜੀ ਦਾ ਰਾਗੀ ਜਥਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰੇਗਾ। ਇਸ ਤੋਂ ਪਹਿਲਾਂ ਗੁਰਦੁਆਰਾ ਬੇਗਮਪੁਰਾ ਸਾਹਿਬ ਦੀ ਮਹਿਲਾ ਸਤਿਸੰਗ ਸਮੂਹ ਵੀ ਕੀਰਤਨ ਵਿੱਚ ਸ਼ਾਮਲ ਹੋਵੇਗੀ। ਸਮਾਗਮ ਦੇ ਅੰਤ ਵਿੱਚ ਗੁਰੂ ਦਾ ਲੰਗਰ ਵਰਤਾਇਆ ਜਾਵੇਗਾ। ਗਗਨਜੋਤ ਸਿੰਘ ਬੇਦੀ ਨੇ ਕਿਹਾ ਕਿ ਬਾਬਾ ਸ਼੍ਰੀਚੰਦ ਜੀ ਮਹਾਰਾਜ ਦਾ ਜਨਮ ਦਿਨ ਹਰ ਸਾਲ ਬਾਬਾ ਸ਼੍ਰੀਚੰਦ ਜੀ ਮਹਾਰਾਜ ਵੈੱਲਫੇਅਰ ਸੁਸਾਇਟੀ ਵੱਲੋਂ ਬਹੁਤ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ।

ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ 19 ਸਤੰਬਰ ਨੂੰ ਬਾਬਾ ਸ਼੍ਰੀਚੰਦ ਜੀ ਮਹਾਰਾਜ ਦੇ ਜਨਮ ਦਿਨ ਮੌਕੇ ਸੁਸਾਇਟੀ ਅਤੇ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਸੇਵਾ ਸੋਸਾਇਟੀ ਨੇ ਸਿਹਤ ਵਿਭਾਗ ਅੰਬਾਲਾ ਦੇ ਸਹਿਯੋਗ ਨਾਲ ਮੈਡੀਕਲ ਕੈਂਪ ਵੀ ਲਾਇਆ ਸੀ ਜਿਸ ਵਿੱਚ 300 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।

ਸੇਵਾ ਸੰਕਲਪ ਅਭਿਆਨ ਤਹਿਤ 'ਨਮੋ ਸੇਵਾ-ਅਣਕਹੀਆਂ ਕਹਾਣੀਆਂ' ਪ੍ਰੋਗਰਾਮ ਵਿੱਚ ਸ਼ਾਮਲ ਹੋਏ ਸਾਬਕਾ ਵਿਧਾਇਕ ਲਕਸ਼ਮਣ ਨਾਪਾ

ਪੈਗਾਮ-ਏ-ਜਗਤ
ਰਤੀਆ/25 ਸਤੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਸੇਵਾ ਸੰਕਲਪ ਅਭਿਆਨ ਤਹਿਤ ਪੀਐਮ ਸ਼੍ਰੀ ਸੀਨੀਅਰ ਸੈਕੰਡਰੀ ਸਕੂਲ, ਲਾਂਬਾ ਵਿਖੇ ਕਲਾ ਅਤੇ ਸੱਭਿਆਚਾਰਕ ਕਾਰਜ ਵਿਭਾਗ, ਹਰਿਆਣਾ ਵੱਲੋਂ ਜ਼ਿਲ੍ਹਾ ਪੱਧਰੀ ਨਾਟਕ 'ਨਮੋ ਸੇਵਾ-ਅਣਕਹੀਆਂ ਕਹਾਣੀਆਂ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਸਾਬਕਾ ਵਿਧਾਇਕ ਲਕਸ਼ਮਣ ਨਾਪਾ ਨੇ ਭਾਗੀਦਾਰੀ ਕੀਤੀ ਅਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਸੱਭਿਆਚਾਰਕ ਅਤੇ ਨਾਟਕੀ ਪੇਸ਼ਕਾਰੀਆਂ ਦਾ ਅਵਲੋਕਨ ਕੀਤਾ।

ਪ੍ਰੋਗਰਾਮ ਦੌਰਾਨ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਆਪਣੀ ਕਲਾ, ਰਚਨਾਤਮਕਤਾ ਅਤੇ ਪ੍ਰਭਾਵਸ਼ਾਲੀ ਅਦਾਕਾਰੀ ਰਾਹੀਂ ਸੇਵਾ, ਸੰਸਕਾਰ, ਸਮਾਜਿਕ ਜ਼ਿੰਮੇਵਾਰੀ ਅਤੇ ਰਾਸ਼ਟਰ ਭਾਵਨਾ ਦਾ ਸੰਦੇਸ਼ ਪੇਸ਼ ਕੀਤਾ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਹਾਜ਼ਰ ਲੋਕਾਂ ਨੂੰ ਸਮਾਜਿਕ ਸਰੋਕਾਰਾਂ ਨਾਲ ਜੁੜਨ ਅਤੇ ਸਮਾਜ ਅਤੇ ਰਾਸ਼ਟਰ ਦੇ ਨਿਰਮਾਣ ਵਿੱਚ ਆਪਣੀ ਸਕਾਰਾਤਮਕ ਭੂਮਿਕਾ ਨਿਭਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਾਬਕਾ ਵਿਧਾਇਕ ਲਕਸ਼ਮਣ ਨਾਪਾ ਨੇ ਕਿਹਾ ਕਿ ਬੱਚਿਆਂ ਅਤੇ ਨੌਜਵਾਨਾਂ ਵਿੱਚ ਲੁਕੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਸਮਾਜ ਦੇ ਭਵਿੱਖ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹੈ। ਕਲਾ ਅਤੇ ਸੱਭਿਆਚਾਰ ਸਿਰਫ ਮਨੋਰੰਜਨ ਦਾ ਮਾਧਿਅਮ ਨਹੀਂ, ਸਗੋਂ ਸੰਸਕਾਰ, ਸਮਾਜਿਕ ਚੇਤਨਾ ਅਤੇ ਰਾਸ਼ਟਰ ਭਾਵਨਾ ਨੂੰ ਮਜ਼ਬੂਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਵੀ ਹਨ। ਵਿਦਿਆਰਥੀਆਂ ਦੀ ਰਚਨਾਤਮਕਤਾ, ਸਕਾਰਾਤਮਕ ਸੋਚ ਅਤੇ ਪ੍ਰਤਿਭਾ ਹੀ ਆਉਣ ਵਾਲੇ ਸਮੇਂ ਵਿੱਚ ਵਿਕਸਤ ਭਾਰਤ ਦੀ ਮਜ਼ਬੂਤ ਨੀਂਹ ਤਿਆਰ ਕਰੇਗੀ।

ਉਨ੍ਹਾਂ ਕਿਹਾ ਕਿ ਸੇਵਾ ਦਾ ਭਾਵ ਵਿਅਕਤੀ ਦੇ ਸੰਸਕਾਰਾਂ ਨਾਲ ਜੁੜਿਆ ਹੁੰਦਾ ਹੈ ਅਤੇ ਜਦੋਂ ਨੌਜਵਾਨ ਪੀੜ੍ਹੀ ਸੇਵਾ, ਸੰਸਕਾਰ ਅਤੇ ਰਾਸ਼ਟਰ ਹਿੱਤ ਦੀ ਭਾਵਨਾ ਨਾਲ ਅੱਗੇ ਵਧਦੀ ਹੈ, ਤਾਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਦੀ ਦਿਸ਼ਾ ਮਜ਼ਬੂਤ ਹੁੰਦੀ ਹੈ। ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਨੂੰ ਸਮਝਣ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ। ਪ੍ਰੋਗਰਾਮ ਵਿੱਚ ਨਿਰਮਲ ਧਾਲੀਵਾਲ, ਲਖਵਿੰਦਰ ਸਿੰਘ, ਸਰਪੰਚ ਗੁਰਦੇਵ ਸਿੰਘ, ਪ੍ਰਿੰਸੀਪਲ ਪ੍ਰਦੀਪ ਸਿੰਘ, ਪ੍ਰਵੀਨ ਚੰਦੇਲ, ਸ਼੍ਰੀ ਰੂਪ ਸਿੰਘ, ਅਮਨ ਬਾਦਲਗੜ੍ਹ, ਇੰਦਰਜੀਤ, ਸਤਬੀਰ ਸ਼ਰਮਾ, ਰਾਂਝਾ ਰਾਮ ਅਤੇ ਜਗਤਾਰ ਸਿੰਘ ਸਮੇਤ ਸਕੂਲ ਸਟਾਫ, ਵਿਦਿਆਰਥੀ ਅਤੇ ਹੋਰ ਪਤਵੰਤੇ ਮੌਜੂਦ ਰਹੇ।

ਪੰਜਾਬ ਸਰਕਾਰ ਨੇ ਸੂਬੇ ਦੀਆਂ 518 ਗਊਸ਼ਾਲਾਵਾਂ ਦਾ 100 ਕਰੋੜ ਰੁਪਏ ਤੋਂ ਵੱਧ ਦਾ ਬਿਜਲੀ ਬਿੱਲ ਮੁਆਫ਼ ਕੀਤਾ : ਕੀਮਤੀ ਭਗਤ

ਸੰਗਰੂਰ, 25 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਗਊ ਸੇਵਾ ਕਮਿਸ਼ਨ ਦੇ ਉੱਪ ਚੇਅਰਮੈਨ ਸ੍ਰੀ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਵਾਰਿਸ ਅਤੇ ਬੇਸਹਾਰਾ ਗਊਧਨ ਦੀ ਸਾਂਭ-ਸੰਭਾਲ, ਸੁਰੱਖਿਆ ਅਤੇ ਗਊਸ਼ਾਲਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕਾਂ 'ਤੇ ਘੁੰਮ ਰਹੇ ਲਾਵਾਰਿਸ ਗਊਧਨ ਦੀ ਸਮੱਸਿਆ ਦੇ ਸਥਾਈ ਹੱਲ ਲਈ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਗਊਸ਼ਾਲਾ ਪ੍ਰਬੰਧਕਾਂ ਵੱਲੋਂ ਸਾਂਝੇ ਤੌਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਪਿਛਲੇ ਤਿੰਨ ਮਹੀਨਿਆਂ ਅੰਦਰ 600 ਲਾਵਾਰਿਸ ਗਊਧਨ ਨੂੰ ਸਾਂਭ ਸੰਭਾਲ ਲਈ ਗਊਸ਼ਾਲਾਵਾਂ ਵਿੱਚ ਭੇਜਿਆ ਗਿਆ ਹੈ।

ਕੀਮਤੀ ਭਗਤ ਅੱਜ ਸੰਗਰੂਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗਊਧਨ ਦੀ ਸਾਂਭ-ਸੰਭਾਲ ਸਬੰਧੀ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਝਨੇੜੀ ਗਊਸ਼ਾਲਾ ਵਿਖੇ ਚਾਰ ਮਹੀਨੇ ਪਹਿਲਾਂ 190 ਗਊਧਨ ਸੀ, ਜੋ ਹੁਣ ਵੱਧ ਕੇ 510 ਗਊਧਨ ਹੋ ਗਏ ਹਨ। ਉਹਨਾਂ ਦੱਸਿਆ ਕਿ ਸੁਨਾਮ, ਸੰਗਰੂਰ ਅਤੇ ਧੂਰੀ ਵਿੱਚੋਂ 250 ਲਾਵਾਰਿਸ

- ਕਿਹਾ, ਮਾਨ ਸਰਕਾਰ ਨੇ ਗਊਸ਼ਾਲਾਵਾਂ ਨੂੰ 3.06 ਕਰੋੜ ਰੁਪਏ ਦੀ ਲਾਗਤ ਨਾਲ ਕਾਓ ਲਿਫਟਰ ਮੁਹੱਈਆ ਕਰਵਾਏ



ਗਊਧਨ ਨੂੰ ਗਊਸ਼ਾਲਾ ਵਿੱਚ ਭੇਜਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸੂਬੇ ਦੀਆਂ 518 ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਦੇ 100 ਕਰੋੜ ਰੁਪਏ ਤੋਂ ਵੱਧ ਦੇ ਬਿਜਲੀ ਬਿੱਲ ਮੁਆਫ਼ ਕੀਤੇ ਗਏ ਹਨ। ਉਨ੍ਹਾਂ ਇਸ ਉਪਰਾਲੇ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਗਊਸ਼ਾਲਾਵਾਂ 'ਤੇ ਵਿੱਤੀ ਬੋਝ ਘਟਿਆ ਹੈ ਅਤੇ ਉਹ ਆਪਣੇ ਸਰੋਤ ਗਊਧਨ ਦੀ ਬਿਹਤਰ ਸਾਂਭ-ਸੰਭਾਲ ਲਈ ਵਰਤ ਸਕਣਗੀਆਂ।

ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਕਰੀਬ 500 ਗਊਸ਼ਾਲਾਵਾਂ ਨੂੰ 3 ਕਰੋੜ 6 ਲੱਖ ਰੁਪਏ ਦੀ ਲਾਗਤ ਨਾਲ ਕਾਓ ਲਿਫਟਰ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਇਹ ਕਾਓ ਲਿਫਟਰ ਜ਼ਖ਼ਮੀ, ਬਿਮਾਰ ਜਾਂ ਸੜਕਾਂ 'ਤੇ ਬੇਸਹਾਰਾ ਹਾਲਤ ਵਿੱਚ ਪਏ ਗਊਧਨ ਨੂੰ ਸੁਰੱਖਿਅਤ ਢੰਗ ਨਾਲ ਗਊਸ਼ਾਲਾਵਾਂ ਤੱਕ ਪਹੁੰਚਾਉਣ ਅਤੇ ਇਲਾਜ ਲਈ ਲਿਜਾਣ ਵਿੱਚ ਸਹਾਇਕ ਹੋਣਗੇ। ਮੀਟਿੰਗ ਦੌਰਾਨ ਉਨ੍ਹਾਂ ਪ੍ਰਾਈਵੇਟ ਗਊਸ਼ਾਲਾਵਾਂ ਵੱਲੋਂ ਕੀਤੇ ਜਾ ਰਹੇ ਗਊਧਨ ਦੀ ਸਾਂਭ ਸੰਭਾਲ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰਾਈਵੇਟ ਗਊਸ਼ਾਲਾਵਾਂ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਲਾਵਾਰਸ ਗਊਧਨ ਦੀ ਸਾਂਭ ਸੰਭਾਲ ਲਈ ਹੋਰ ਵੱਡੇ ਪੱਧਰ ਉੱਤੇ ਕੰਮ ਕਰਨ।

ਉਨ੍ਹਾਂ ਅੱਗੇ ਦੱਸਿਆ ਕਿ ਗਊਸ਼ਾਲਾਵਾਂ ਵਿੱਚ ਰੱਖੇ ਹਰੇਕ ਗਊਧਨ ਦੀ ਸਾਂਭ-ਸੰਭਾਲ ਲਈ 61 ਰੁਪਏ ਪ੍ਰਤੀ ਗਊਧਨ ਪ੍ਰਤੀ ਦਿਨ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਇਸ ਨੂੰ ਲਾਗੂ ਕਰਨ ਲਈ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗਾਂ ਜਾਰੀ ਹਨ। ਉਨ੍ਹਾਂ ਕਿਹਾ ਕਿ ਗਊਧਨ ਦੀ ਸਾਂਭ-ਸੰਭਾਲ ਨੂੰ ਹੋਰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਲੋੜੀਂਦੇ ਵਿੱਤੀ ਸਰੋਤ ਮੁਹੱਈਆ ਕਰਵਾਏ ਜਾ ਰਹੇ ਹਨ।

ਸੰਗਰੂਰ ਜ਼ਿਲ੍ਹੇ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਕੀਮਤੀ ਭਗਤ ਨੇ ਦੱਸਿਆ ਕਿ ਪਿੰਡ ਝਨੇੜੀ ਵਿਖੇ ਗਊਸ਼ਾਲਾ ਵਿੱਚ 65 ਲੱਖ ਰੁਪਏ ਦੀ ਲਾਗਤ ਨਾਲ ਲਾਵਾਰਿਸ ਗਊਧਨ ਲਈ ਵੱਖਰਾ ਸ਼ੈੱਡ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗਊਸ਼ਾਲਾਵਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲੋੜੀਂਦੇ ਫੰਡਾਂ ਦਾ ਪ੍ਰਬੰਧ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਸਮੇਂ ਦੌਰਾਨ ਇਕੱਠੇ ਹੋਏ ਗਊ ਸੇਵਾ ਸੈੱਸ ਦੀ ਸਾਰੀ ਰਾਸ਼ੀ ਗਊਧਨ ਦੀ ਸੇਵਾ, ਸਾਂਭ-ਸੰਭਾਲ ਅਤੇ ਸੁਰੱਖਿਆ 'ਤੇ ਹੀ ਖਰਚਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸੜਕਾਂ 'ਤੇ ਘੁੰਮ ਰਹੇ ਲਾਵਾਰਿਸ ਅਤੇ ਬੇਸਹਾਰਾ ਗਊਧਨ ਨੂੰ ਜਲਦ ਤੋਂ ਜਲਦ ਗਊਸ਼ਾਲਾਵਾਂ ਵਿੱਚ ਪਹੁੰਚਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ। ਇਸ ਮੌਕੇ ਸੰਗਰੂਰ ਜ਼ਿਲ੍ਹੇ ਦੀਆਂ ਕੁੱਲ 40 ਗਊਸ਼ਾਲਾਵਾਂ ਵਿੱਚੋਂ 35 ਗਊਸ਼ਾਲਾਵਾਂ ਨੂੰ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਰਜਿਸਟਰੇਸ਼ਨ ਸਰਟੀਫਿਕੇਟ ਵੀ ਵੰਡੇ ਗਏ।

ਭਗਤ ਨੇ ਦੱਸਿਆ ਕਿ ਗਊਸ਼ਾਲਾਵਾਂ ਵਿੱਚ ਗਊਧਨ ਦੀ ਸਿਹਤ ਸੰਭਾਲ, ਟੀਕਾਕਰਨ ਅਤੇ ਬਿਮਾਰੀਆਂ ਦੀ ਰੋਕਥਾਮ ਲਈ ਗਡਵਾਸੂ, ਲੁਧਿਆਣਾ ਅਤੇ ਮਾਹਰ ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ, ਗਊਸ਼ਾਲਾ ਪ੍ਰਬੰਧਕਾਂ, ਮੀਡੀਆ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਲਾਵਾਰਿਸ ਅਤੇ ਬੇਸਹਾਰਾ ਗਊਧਨ ਦੀ ਸਮੱਸਿਆ ਦੇ ਸਥਾਈ ਹੱਲ ਲਈ ਸਾਂਝੇ ਤੌਰ 'ਤੇ ਸਹਿਯੋਗ ਕਰਨ। ਮੀਟਿੰਗ ਵਿੱਚ ਐਮ.ਐਲ.ਏ. ਸੰਗਰੂਰ ਨਰਿੰਦਰ ਕੌਰ ਭਰਾਜ, ਏ.ਡੀ.ਸੀ ਸੁਖਚੈਨ ਸਿੰਘ, ਐਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਪ੍ਰੋ. ਸਤੀਸ਼ ਧਵਨ ਦੇ ਜਨਮ ਦਿਵਸ ਮੌਕੇ ਪੀਈਸੀ ਵੱਲੋਂ ਸ਼ਰਧਾਂਜਲੀ ਸਮਾਗਮ

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਵੱਲੋਂ ਸੰਸਥਾ ਦੇ ਸਭ ਤੋਂ ਪ੍ਰਸਿੱਧ ਸਾਬਕਾ ਵਿਦਿਆਰਥੀਆਂ ਵਿੱਚੋਂ ਇੱਕ ਅਤੇ ਭਾਰਤੀ ਵਿਗਿਆਨ ਤੇ ਤਕਨਾਲੋਜੀ ਦੇ ਪ੍ਰਮੁੱਖ ਵਿਗਿਆਨੀ ਪ੍ਰੋ. ਸਤੀਸ਼ ਧਵਨ ਦੇ ਜੀਵਨ, ਯੋਗਦਾਨ ਅਤੇ ਅਮਿੱਟ ਵਿਰਾਸਤ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਜਨਮ ਦਿਵਸ ਮੌਕੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਪ੍ਰੋ. ਰਾਜੇਸ਼ ਭਾਟੀਆ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਫੈਕਲਟੀ ਮੈਂਬਰਾਂ, ਮਹਿਮਾਨਾਂ, ਵਿਦਿਆਰਥੀਆਂ ਅਤੇ ਪੀਈਸੀ ਭਾਈਚਾਰੇ ਦੇ ਮੈਂਬਰਾਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਪ੍ਰੋ. ਸਤੀਸ਼ ਧਵਨ ਦੀਆਂ ਸ਼ਾਨਦਾਰ ਪ੍ਰਾਪਤੀਆਂ ਅਤੇ ਉਨ੍ਹਾਂ ਦੀ ਵਿਰਾਸਤ ਬਾਰੇ ਸੰਖੇਪ ਜਾਣਕਾਰੀ ਦਿੱਤੀ ਗਈ। ਸਾਲ 1945 ਵਿੱਚ ਪੰਜਾਬ ਇੰਜੀਨੀਅਰਿੰਗ ਕਾਲਜ ਤੋਂ ਮਕੈਨੀਕਲ ਇੰਜੀਨੀਅਰਿੰਗ ਵਿੱਚ ਬੈਚਲਰ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਪ੍ਰੋ. ਧਵਨ ਆਧੁਨਿਕ ਭਾਰਤ ਦੇ ਪ੍ਰਮੁੱਖ ਵਿਗਿਆਨੀਆਂ ਵਿੱਚ ਸ਼ਾਮਲ ਹੋਏ।

ਉਨ੍ਹਾਂ ਨੂੰ ਵਿਆਪਕ ਤੌਰ 'ਤੇ "ਭਾਰਤ ਵਿੱਚ ਪ੍ਰਯੋਗਾਤਮਕ ਦ੍ਰਵ ਗਤੀ ਵਿਗਿਆਨ ਦੇ ਜਨਕ" ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਨੇ 1972 ਤੋਂ 1984 ਤੱਕ ਭਾਰਤੀ ਅੰਤਰਿਕਸ਼ ਖੋਜ ਸੰਗਠਨ ਦੇ ਚੇਅਰਮੈਨ ਵਜੋਂ ਸੇਵਾ ਨਿਭਾਈ ਅਤੇ ਭਾਰਤੀ ਅੰਤਰਿਕਸ਼ ਪ੍ਰੋਗਰਾਮ ਦੇ ਇੱਕ ਮਹੱਤਵਪੂਰਨ ਬਦਲਾਅ ਦੇ ਦੌਰ ਵਿੱਚ ਦੂਰਦਰਸ਼ੀ ਅਗਵਾਈ ਪ੍ਰਦਾਨ ਕੀਤੀ।

ਸਮਾਗਮ ਦੌਰਾਨ ਉਨ੍ਹਾਂ ਦੀ ਅਗਵਾਈ ਹੇਠ ਕੀਤੇ ਗਏ ਕਈ ਮਹੱਤਵਪੂਰਨ ਯੋਗਦਾਨਾਂ ਨੂੰ ਉਜਾਗਰ ਕੀਤਾ ਗਿਆ, ਜਿਨ੍ਹਾਂ ਵਿੱਚ 1975 ਵਿੱਚ ਭਾਰਤ ਦੇ ਪਹਿਲੇ ਉਪਗ੍ਰਹਿ ਆਰਯਭੱਟ ਦਾ ਪ੍ਰਸ਼ੇਪਣ ਅਤੇ SLV-C ਰਾਕੇਟ ਦਾ ਵਿਕਾਸ ਵਿਸ਼ੇਸ਼ ਤੌਰ 'ਤੇ ਸ਼ਾਮਲ ਹਨ। ਇਨ੍ਹਾਂ ਉਪਲਬਧੀਆਂ ਨੇ ਅੱਗੇ ਚੱਲ ਕੇ INSAT ਅਤੇ PSLV ਵਰਗੇ ਅੰਤਰਿਕਸ਼ ਪ੍ਰੋਗਰਾਮਾਂ ਲਈ ਮਜ਼ਬੂਤ ਨੀਂਹ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਬਾਊਂਡਰੀ-ਲੇਅਰ ਖੋਜ ਦੇ ਖੇਤਰ ਵਿੱਚ ਉਨ੍ਹਾਂ ਦੇ ਅਗਾਂਹਵਧੂ ਕੰਮ ਅਤੇ ਪ੍ਰਯੋਗਾਤਮਕ ਦ੍ਰਵ ਗਤੀ ਵਿਗਿਆਨ ਵਿੱਚ ਉਨ੍ਹਾਂ ਦੇ ਯੋਗਦਾਨ ਨੇ ਵਿਗਿਆਨਕ ਖੋਜ ਦੇ ਖੇਤਰ ਵਿੱਚ ਉਨ੍ਹਾਂ ਦੀ ਵਿਲੱਖਣ ਵਿਰਾਸਤ ਨੂੰ ਹੋਰ ਮਜ਼ਬੂਤ ਕੀਤਾ। ਸ਼੍ਰੀਹਰੀਕੋਟਾ ਵਿਖੇ ਸਥਿਤ ਸਤੀਸ਼ ਧਵਨ ਸਪੇਸ ਸੈਂਟਰ ਭਾਰਤ ਦੇ ਅੰਤਰਿਕਸ਼ ਪ੍ਰੋਗਰਾਮ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਇੱਕ ਸਥਾਈ ਸ਼ਰਧਾਂਜਲੀ ਵਜੋਂ ਕਾਇਮ ਹੈ।



ਦਰਸ਼ਕਾਂ ਲਈ ਪ੍ਰੋ. ਸਤੀਸ਼ ਧਵਨ ਦੇ ਜੀਵਨ, ਉਪਲਬਧੀਆਂ ਅਤੇ ਉਨ੍ਹਾਂ ਦੇ ਸਫ਼ਰ ਨੂੰ ਦਰਸਾਉਂਦੀ ਇੱਕ ਡਾਕੂਮੈਂਟਰੀ ਵੀ ਪ੍ਰਦਰਸ਼ਿਤ ਕੀਤੀ ਗਈ। ਇਸ ਪ੍ਰਦਰਸ਼ਨ ਰਾਹੀਂ ਭਾਗੀਦਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਕਰੀਅਰ, ਵਿਗਿਆਨਕ ਯੋਗਦਾਨ, ਅਗਵਾਈ ਅਤੇ ਪੰਜਾਬ ਇੰਜੀਨੀਅਰਿੰਗ ਕਾਲਜ ਨਾਲ ਉਨ੍ਹਾਂ ਦੇ ਸਬੰਧਾਂ ਬਾਰੇ ਡੂੰਘੀ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਡਾਕੂਮੈਂਟਰੀ ਦੀ ਸਕ੍ਰੀਨਿੰਗ ਤੋਂ ਬਾਅਦ ਇੱਕ ਖੁੱਲ੍ਹਾ ਸੰਵਾਦ ਸੈਸ਼ਨ ਕਰਵਾਇਆ ਗਿਆ, ਜਿਸ ਵਿੱਚ ਫੈਕਲਟੀ ਮੈਂਬਰਾਂ, ਵਿਦਿਆਰਥੀਆਂ, ਮਹਿਮਾਨਾਂ ਅਤੇ ਹਾਜ਼ਰੀਨ ਨੂੰ ਪ੍ਰੋ. ਸਤੀਸ਼ ਧਵਨ ਅਤੇ ਭਾਰਤੀ ਵਿਗਿਆਨ ਤੇ ਤਕਨਾਲੋਜੀ ਵਿੱਚ ਉਨ੍ਹਾਂ ਦੇ ਸਥਾਈ ਯੋਗਦਾਨ ਨਾਲ ਜੁੜੇ ਆਪਣੇ ਵਿਚਾਰ, ਯਾਦਾਂ ਅਤੇ ਅਨੁਭਵ ਸਾਂਝੇ ਕਰਨ ਲਈ ਸੱਦਾ ਦਿੱਤਾ ਗਿਆ। ਇਸ ਸੰਵਾਦਾਤਮਕ ਸੈਸ਼ਨ ਨੇ ਪੀਈਸੀ ਭਾਈਚਾਰੇ ਨੂੰ ਉਨ੍ਹਾਂ ਦੀ ਵਿਗਿਆਨਕ ਉੱਤਮਤਾ, ਅਗਵਾਈ, ਨਿਮਰਤਾ ਅਤੇ ਸਥਾਈ ਵਿਰਾਸਤ 'ਤੇ ਵਿਚਾਰ ਕਰਨ ਦਾ ਮੌਕਾ ਪ੍ਰਦਾਨ ਕੀਤਾ। ਸਮਾਗਮ ਦੇ ਅੰਤ ਵਿੱਚ ਪਤਵੰਤੇ ਮਹਿਮਾਨਾਂ, ਫੈਕਲਟੀ ਮੈਂਬਰਾਂ, ਮਹਿਮਾਨਾਂ, ਵਿਦਿਆਰਥੀਆਂ, ਆਯੋਜਕਾਂ ਅਤੇ ਸਾਰੇ ਭਾਗੀਦਾਰਾਂ ਦੀ ਹਾਜ਼ਰੀ ਅਤੇ ਯੋਗਦਾਨ ਲਈ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਮੌਕੇ ਸਾਰਿਆਂ ਨੂੰ ਇਸ ਮਹਾਨ ਵਿਗਿਆਨੀ ਨੂੰ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਅਤੇ ਅਮਿੱਟ ਵਿਰਾਸਤ ਲਈ ਸਤਿਕਾਰ ਅਤੇ ਕ੍ਰਿਤਜਤਾ ਪ੍ਰਗਟ ਕਰਨ ਲਈ ਵੀ ਸੱਦਾ ਦਿੱਤਾ ਗਿਆ।

ਇਹ ਸਮਾਗਮ ਪ੍ਰੋ. ਸਤੀਸ਼ ਧਵਨ ਨੂੰ ਇੱਕ ਸਾਰਥਕ ਸ਼ਰਧਾਂਜਲੀ ਵਜੋਂ ਆਯੋਜਿਤ ਕੀਤਾ ਗਿਆ ਅਤੇ ਪੰਜਾਬ ਇੰਜੀਨੀਅਰਿੰਗ ਕਾਲਜ ਦੇ ਆਪਣੇ ਇਸ ਪ੍ਰਸਿੱਧ ਸਾਬਕਾ ਵਿਦਿਆਰਥੀ ਨਾਲ ਸਥਾਈ ਸਬੰਧ ਨੂੰ ਮੁੜ ਉਜਾਗਰ ਕੀਤਾ। ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਅੱਜ ਵੀ ਵਿਗਿਆਨੀਆਂ, ਇੰਜੀਨੀਅਰਾਂ ਅਤੇ ਵਿਦਿਆਰਥੀਆਂ ਦੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰ ਰਹੇ ਹਨ।

ਆਰ.ਬੀ.ਆਈ. ਨੇ ਭਬਾਤ ਸਕੂਲ ਵਿਖੇ ਈ-ਬਾਤ ਪ੍ਰੋਗਰਾਮ ਕਰਵਾਇਆ

ਜ਼ੀਰਕਪੁਰ, 25 ਸਤੰਬਰ (ਪੈ.ਗਾਮ-ਏ-ਜਗਤ)

ਅੱਜ ਭਾਰਤੀ ਰਿਜ਼ਰਵ ਬੈਂਕ ਚੰਡੀਗੜ੍ਹ ਦੇ ਅਧਿਕਾਰੀਆਂ ਨੇ ਈ-ਬਾਤ ਦੀ ਪਹਿਲਕਦਮੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਬਾਤ (ਦੌਲਤ ਸਿੰਘ ਵਾਲਾ) ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੁਨੀਲ ਬਹਿਲ ਨੇ ਆਰ ਬੀ ਆਈ ਤੋਂ ਸ਼੍ਰੀ ਮਨੀਸ਼ ਅਤੇ ਮੈਡਮ ਨਮਰਤਾ, ਸ਼੍ਰੀ ਐਮ ਕੇ ਭਾਰਦਵਾਜ, ਐਲ ਡੀ ਐਮ ਮੋਹਾਲੀ, ਸ਼੍ਰੀ ਰੋਹਤਾਸ਼ ਕੁਮਾਰ ਬ੍ਰਾਂਚ ਮੈਨੇਜਰ ਪੀ ਐਨ ਬੀ ਭਬਾਤ ਬ੍ਰਾਂਚ ਸਮੇਤ ਅਧਿਕਾਰੀਆਂ ਦਾ ਸਵਾਗਤ ਕੀਤਾ।

ਐਲ ਡੀ ਐਮ ਮੋਹਾਲੀ ਸ਼੍ਰੀ ਐਮ ਕੇ ਭਾਰਦਵਾਜ ਨੇ ਸਕੂਲ ਦੇ ਵਿਦਿਆਰਥੀਆਂ ਨਾਲ ਨਵੀਨਤਮ ਬੈਂਕਿੰਗ ਜਾਗਰੂਕਤਾ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਸਮਾਰਟਫੋਨ ਤੋਂ ਕੋਈ ਵੀ ਵਿੱਤੀ ਲੈਣ-ਦੇਣ ਕਰਦੇ ਸਮੇਂ ਸੁਚੇਤ ਅਤੇ ਜਾਗਰੂਕ ਰਹਿਣ ਦੀ ਸਲਾਹ ਵੀ ਦਿੱਤੀ। ਆਰਬੀਆਈ ਤੋਂ ਮਨੀਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿੱਤੀ ਜਾਗਰੂਕਤਾ ਸੰਕਲਪਾਂ ਬਾਰੇ ਵਿਸਥਾਰ ਨਾਲ ਦੱਸਿਆ।





ਉਨ੍ਹਾਂ ਨੇ ਸਾਈਬਰ ਧੋਖਾਧੜੀ ਤੋਂ ਆਪਣੇ ਆਪ ਨੂੰ ਕਿਵੇਂ ਸੁਰੱਖਿਅਤ ਰੱਖਣਾ ਹੈ, ਸਮੇਤ ਨਵੀਨਤਮ ਵਿੱਤੀ ਸ਼ਬਦਾਂ ਨੂੰ ਵੀ ਸ਼ਾਮਲ ਕੀਤਾ। ਉਨ੍ਹਾਂ ਨੇ ਅੱਜਕੱਲ੍ਹ ਸਾਈਬਰ ਧੋਖਾਧੜੀਆਂ ਦੁਆਰਾ ਵਰਤੇ ਜਾਂਦੇ ਵੱਖ-ਵੱਖ ਢੰਗ-ਤਰੀਕਿਆਂ 'ਤੇ ਵੀ ਚਰਚਾ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹੀਆਂ ਘਟਨਾਵਾਂ ਤੋਂ ਸੁਚੇਤ ਰਹਿਣ ਲਈ ਕਿਹਾ। ਆਰ ਬੀ ਆਈ ਨੇ ਵਿਦਿਆਰਥੀਆਂ ਵਿੱਚ ਵਿੱਤੀ ਜਾਗਰੂਕਤਾ ਨਾਲ ਸਬੰਧਤ ਸਾਹਿਤ ਵੀ ਵੰਡਿਆ। ਸ਼੍ਰੀ ਮਨੀਸ਼ ਨੇ ਵਿਦਿਆਰਥੀਆਂ ਨਾਲ ਇੱਕ ਕੁਇਜ਼ ਵੀ ਕਰਵਾਈ ਅਤੇ ਸਹੀ ਉੱਤਰ ਦੇਣ ਵਾਲੇ ਵਿਦਿਆਰਥੀਆਂ ਨੂੰ ਤੋਹਫ਼ਿਆਂ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਲਗਭਗ 60 ਵਿਦਿਆਰਥੀਆਂ ਅਤੇ 10 ਸਟਾਫ਼ ਮੈਂਬਰਾਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਕੁੱਲ ਮਿਲਾ ਕੇ ਇਹ ਇੱਕ ਬਹੁਤ ਹੀ ਜਾਣਕਾਰੀ ਭਰਪੂਰ ਪ੍ਰੋਗਰਾਮ ਸੀ। ਸਕੂਲ ਅਧਿਕਾਰੀਆਂ ਨੇ ਇਸ ਪਹਿਲਕਦਮੀ ਲਈ ਆਰ ਬੀ ਆਈ ਅਤੇ ਪੀ ਐਨ ਬੀ ਦੀ ਪ੍ਰਸ਼ੰਸਾ ਕੀਤੀ ਜੋ ਕਿ ਅੱਜ ਦੇ ਸਮੇਂ ਦੀ ਲੋੜ ਹੈ।

ਪੀਜੀਆਈਐਮਈਆਰ ਨੇ GeM-ਨਵੀਆਂ ਵਿਸ਼ੇਸ਼ਤਾਵਾਂ ਅਤੇ ਕਾਰਜਕੁਸ਼ਲਤਾਵਾਂ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ

ਚੰਡੀਗੜ੍ਹ, 25 ਸਤੰਬਰ (ਪੈ.ਗਾਮ-ਏ-ਜਗਤ)

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਨੇ ਵਿਜੀਲੈਂਸ ਜਾਗਰੂਕਤਾ ਹਫ਼ਤਾ 2026 ਦੇ ਪੂਰਵਗਾਮੀ ਵਜੋਂ 24 ਸਤੰਬਰ, 2026 ਨੂੰ "GeM-ਨਵੀਆਂ ਵਿਸ਼ੇਸ਼ਤਾਵਾਂ ਅਤੇ ਕਾਰਜਕੁਸ਼ਲਤਾਵਾਂ" 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ।

ਇਹ ਪਹਿਲਕਦਮੀ ਕੇਂਦਰੀ ਵਿਜੀਲੈਂਸ ਕਮਿਸ਼ਨ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤੀ ਗਈ ਸੀ, ਜਿਸ ਨੇ ਸੰਗਠਨਾਂ ਨੂੰ 17 ਅਗਸਤ, 2026 ਤੋਂ 16 ਨਵੰਬਰ, 2026 ਤੱਕ ਤਿੰਨ ਮਹੀਨਿਆਂ ਦੀ ਵਿਜੀਲੈਂਸ ਜਾਗਰੂਕਤਾ ਮੁਹਿੰਮ ਚਲਾਉਣ ਦੀ ਸਲਾਹ ਦਿੱਤੀ ਹੈ। ਵਰਕਸ਼ਾਪ ਦੌਰਾਨ, ਸ਼੍ਰੀ ਯੋਗੇਸ਼ ਸ਼ਰਮਾ, ਖਰੀਦ ਅਧਿਕਾਰੀ, ਪੀਜੀਆਈਐਮਈਆਰ ਨੇ ਗਵਰਨਮੈਂਟ ਈ-ਮਾਰਕੀਟਪਲੇਸ (GeM) ਦੇ ਵੱਖ-ਵੱਖ ਪਹਿਲੂਆਂ 'ਤੇ ਇੱਕ ਵਿਆਪਕ ਪੇਸ਼ਕਾਰੀ ਦਿੱਤੀ। ਸੈਸ਼ਨ ਵਿੱਚ GeM ਪੋਰਟਲ ਦੀਆਂ ਨਵੀਨਤਮ ਵਿਸ਼ੇਸ਼ਤਾਵਾਂ ਅਤੇ ਕਾਰਜਕੁਸ਼ਲਤਾਵਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ, ਜਿਸ ਵਿੱਚ ਔਨਲਾਈਨ ਖਰੀਦ, ਬੋਲੀ, ਰਿਵਰਸ ਨਿਲਾਮੀ, ਉਤਪਾਦਾਂ ਅਤੇ ਸੇਵਾਵਾਂ ਦੀ ਚੋਣ, ਆਰਡਰ ਪਲੇਸਮੈਂਟ ਅਤੇ ਹੋਰ ਮਹੱਤਵਪੂਰਨ ਖਰੀਦ ਪ੍ਰਕਿਰਿਆਵਾਂ ਸ਼ਾਮਲ ਹਨ। GeM ਲੈਣ-ਦੇਣ ਦੌਰਾਨ ਆਉਣ ਵਾਲੇ ਵਿਹਾਰਕ ਮੁੱਦਿਆਂ ਅਤੇ ਆਮ ਚੁਣੌਤੀਆਂ 'ਤੇ ਵੀ ਇੱਕ ਇੰਟਰਐਕਟਿਵ ਸੈਸ਼ਨ ਰਾਹੀਂ ਚਰਚਾ ਕੀਤੀ ਗਈ। ਪੇਸ਼ਕਾਰੀ ਦਾ ਉਦੇਸ਼ ਕਰਮਚਾਰੀਆਂ ਵਿੱਚ ਜਾਗਰੂਕਤਾ ਵਧਾਉਣਾ ਅਤੇ ਸੰਸਥਾ ਦੇ ਚੱਲ ਰਹੇ ਸਮਰੱਥਾ-ਨਿਰਮਾਣ ਯਤਨਾਂ ਵਿੱਚ ਯੋਗਦਾਨ ਪਾਉਣਾ ਸੀ।

ਲਗਭਗ 100 ਭਾਗੀਦਾਰਾਂ, ਜਿਨ੍ਹਾਂ ਵਿੱਚ ਡਾਕਟਰ, ਨਰਸਿੰਗ ਸਟਾਫ, ਪੈਰਾਮੈਡੀਕਲ ਕਰਮਚਾਰੀ ਅਤੇ ਪ੍ਰਸ਼ਾਸਕੀ ਕਰਮਚਾਰੀ ਸ਼ਾਮਲ ਸਨ, ਨੇ ਵਰਕਸ਼ਾਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਵਰਕਸ਼ਾਪ ਪੀਜੀਆਈਐਮਈਆਰ ਦੀ ਚੱਲ ਰਹੀ ਵਿਜੀਲੈਂਸ ਜਾਗਰੂਕਤਾ ਮੁਹਿੰਮ 2026 ਦੇ ਹਿੱਸੇ ਵਜੋਂ ਆਯੋਜਿਤ ਕੀਤੀ ਗਈ ਸੀ, ਜਿਸ ਦਾ ਉਦੇਸ਼ ਜਾਗਰੂਕਤਾ ਅਤੇ ਸਮਰੱਥਾ ਨਿਰਮਾਣ ਰਾਹੀਂ ਇਮਾਨਦਾਰੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਅਤੇ ਰੋਕਥਾਮ ਸੰਬੰਧੀ ਚੌਕਸੀ ਨੂੰ ਮਜ਼ਬੂਤ ਕਰਨਾ ਸੀ।

ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਾਕੂਮੈਂਟਰੀ ਦਿਖਾਈ

ਖਰੜ, 25 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ 30 ਮਿੰਟ ਦੀ ਡਾਕੂਮੈਂਟਰੀ ਫਿਲਮ ਲੋਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਖਰੜ ਬਲਾਕ ਦੇ ਪਿੰਡ ਚੜਿਆਲਾ ਸੂਦਾਂ, ਮੱਛਲੀ ਕਲਾਂ ਅਤੇ ਮੱਛਲੀ ਖੁਰਦ ਵਿਖੇ ਐਲ.ਈ.ਡੀ. ਸਕਰੀਨ ਰਾਹੀਂ ਇਹ ਦਸਤਾਵੇਜ਼ੀ ਫਿਲਮ ਦਿਖਾਈ ਗਈ। ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ

- ਪਿੰਡ ਚੜਿਆਲਾ ਸੂਦਾਂ, ਮੱਛਲੀ ਕਲਾਂ ਤੇ ਮੱਛਲੀ ਖੁਰਦ ਵਿਖੇ ਐਲ.ਈ.ਡੀ. ਸਕਰੀਨ ਰਾਹੀਂ ਪਿੰਡ ਵਾਸੀਆਂ ਨੇ ਦੇਖੀ ਵਿਸ਼ੇਸ਼ ਦਸਤਾਵੇਜ਼ੀ ਫਿਲਮ



ਸੰਦੇਸ਼ ਨੂੰ ਆਮ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਸਮਾਜ ਵਿੱਚ ਬਰਾਬਰੀ, ਭਾਈਚਾਰੇ, ਸਾਂਝੀਵਾਲਤਾ ਅਤੇ ਆਪਸੀ ਸਦਭਾਵਨਾ ਦਾ ਸੰਦੇਸ਼ ਦਿੱਤਾ।

ਉਨ੍ਹਾਂ ਕਿਹਾ ਕਿ ਡਾਕੂਮੈਂਟਰੀ ਦਾ ਉਦੇਸ਼ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀ ਵਿਚਾਰਧਾਰਾ ਅਤੇ ਉਨ੍ਹਾਂ ਵੱਲੋਂ ਦਰਸਾਏ ਮਨੁੱਖਤਾ ਦੇ ਮਾਰਗ ਨਾਲ ਜੋੜਨਾ ਹੈ। ਡਾਕੂਮੈਂਟਰੀ ਵਿੱਚ ਉਨ੍ਹਾਂ ਦੇ ਜੀਵਨ ਅਤੇ ਸਮਾਜ ਨੂੰ ਦਿੱਤੇ ਸੰਦੇਸ਼ ਨੂੰ ਦ੍ਰਿਸ਼ਾਂ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਐਲ.ਈ.ਡੀ. ਸਕਰੀਨ 'ਤੇ ਡਾਕੂਮੈਂਟਰੀ ਦੇਖੀ। ਲੋਕਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਦਸਤਾਵੇਜ਼ੀ ਫਿਲਮਾਂ ਰਾਹੀਂ ਨਵੀਂ ਪੀੜ੍ਹੀ ਨੂੰ ਮਹਾਨ ਸੰਤਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ, ਬਰਾਬਰੀ ਤੇ ਸਦਭਾਵਨਾ ਦੇ ਸੰਦੇਸ਼ ਨਾਲ ਜੋੜਨ ਵਿੱਚ ਮਦਦ ਮਿਲਦੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨਾਲ ਸਬੰਧਤ ਗਤੀਵਿਧੀਆਂ ਨੂੰ ਪਿੰਡ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਲਾਲੜੂ ਵਾਸੀਆਂ ਨੂੰ ਮਿਲੀ ਵੱਡੀ ਸਹੂਲਤ

ਵਿਧਾਇਕ ਰੰਧਾਵਾ ਵੱਲੋਂ 3.20 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਨਵਾਂ ਬੱਸ ਸਟੈਂਡ ਲੋਕਾਂ ਨੂੰ ਸਮਰਪਿਤ

ਲਾਲੜੂ, 25 ਸਤੰਬਰ (ਪੈ.ਗਾਮ-ਏ-ਜਗਤ)

ਲਾਲੜੂ ਵਾਸੀਆਂ ਨੂੰ ਬਿਹਤਰ ਜਨਤਕ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ 3.20 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਬੱਸ ਸਟੈਂਡ ਦਾ ਉਦਘਾਟਨ ਕਰਕੇ ਇਸ ਨੂੰ ਲੋਕਾਂ ਨੂੰ ਸਮਰਪਿਤ ਕੀਤਾ।



ਨਵੇਂ ਬੱਸ ਸਟੈਂਡ ਦੇ ਉਦਘਾਟਨ ਮੌਕੇ ਧਾਰਮਿਕ ਰੀਤਾਂ ਅਨੁਸਾਰ ਅਰਦਾਸ ਕਰਵਾਈ ਗਈ। ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਨਵੇਂ ਬੱਸ ਸਟੈਂਡ ਦੇ ਚਾਲੂ ਹੋਣ ਨਾਲ ਲਾਲੜੂ ਵਾਸੀਆਂ ਨੂੰ ਬਿਹਤਰ ਆਵਾਜਾਈ, ਸੁਵਿਧਾਜਨਕ ਸਫ਼ਰ ਅਤੇ ਆਧੁਨਿਕ ਸਹੂਲਤਾਂ ਉਪਲਬਧ ਹੋਣਗੀਆਂ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਰੋਜ਼ਾਨਾ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਬੁਨਿਆਦੀ ਢਾਂਚੇ ਅਤੇ ਜਨਤਕ ਸਹੂਲਤਾਂ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਸਰਕਾਰ ਦਾ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਆਮ ਲੋਕਾਂ ਦਾ ਜੀਵਨ ਹੋਰ ਸੁਖਾਲਾ ਬਣਾਉਣਾ ਹੈ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਨਵਾਂ ਬੱਸ ਸਟੈਂਡ ਲਾਲੜੂ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਲੋੜ ਨੂੰ ਪੂਰਾ ਕਰਨ ਦੇ ਨਾਲ-ਨਾਲ ਸ਼ਹਿਰ ਦੇ ਆਵਾਜਾਈ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਵਿੱਚ ਸਹਾਇਕ ਹੋਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਕੇਂਦਰ ਵਿੱਚ ਰੱਖਦਿਆਂ ਲਾਲੜੂ ਸਮੇਤ ਪੂਰੇ ਵਿਧਾਨ ਸਭਾ ਹਲਕੇ ਵਿੱਚ ਲੋੜ ਅਨੁਸਾਰ ਵਿਕਾਸ ਕਾਰਜਾਂ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਪੀ.ਆਰ.ਟੀ.ਸੀ. ਦੇ ਡਾਇਰੈਕਟਰ ਸ. ਗੁਰਪ੍ਰੀਤ ਸਿੰਘ ਵਿਰਕ ਨੇ ਦੱਸਿਆ ਕਿ ਵਿਧਾਇਕ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਾਲੜੂ ਵਾਸੀਆਂ ਦੀ ਆਵਾਜਾਈ ਸਹੂਲਤ ਨੂੰ ਹੋਰ ਬਿਹਤਰ ਬਣਾਉਣ ਲਈ ਤਿੰਨ ਨਵੇਂ ਬੱਸ ਰੂਟਾਂ ਦਾ ਪ੍ਰਸਤਾਵ ਤਿਆਰ ਕੀਤਾ ਗਿਆ ਹੈ। ਇਨ੍ਹਾਂ ਵਿੱਚ ਲਾਲੜੂ ਤੋਂ ਪਟਿਆਲਾ, ਲਾਲੜੂ ਤੋਂ ਪੀ.ਜੀ.ਆਈ. ਚੰਡੀਗੜ੍ਹ ਅਤੇ ਲਾਲੜੂ ਤੋਂ ਹਾਂਡੇਸਰਾ ਤੱਕ ਬੱਸ ਸੇਵਾ ਸ਼ੁਰੂ ਕਰਨ ਦੇ ਪ੍ਰਸਤਾਵ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਰੂਟਾਂ ਦੇ ਸ਼ੁਰੂ ਹੋਣ ਨਾਲ ਲਾਲੜੂ ਅਤੇ ਆਸ-ਪਾਸ ਦੇ ਲੋਕਾਂ ਨੂੰ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਨਤਕ ਆਵਾਜਾਈ ਨੂੰ ਹੋਰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਲਾਲੜੂ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਯਤਨ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਜ਼ੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ, ਮੀਤ ਪ੍ਰਧਾਨ ਅਮਨ ਰਾਣਾ, ਕੌਂਸਲਰ ਅਤੇ ਵਾਰਡ ਇੰਚਾਰਜ, ਪਿੰਡਾਂ ਦੇ ਪੰਚ-ਸਰਪੰਚ, ਪਾਰਟੀ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

ਪੰਜਾਬ ਰਾਜ ਸ.ਫ਼ਾਈ ਕਰਮਚਾਰੀ ਕਮਿਸ਼ਨ ਸ.ਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਦੇ ਰਹਿੰਦੇ ਮਸਲਿਆਂ ਦੇ ਹੱਲ ਲਈ ਜਲਦ ਚਾਰਾਜੋਈ ਕਰੇਗਾ : ਚੰਦਨ ਗਰੇਵਾਲ

**ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਅੱਜ ਇਥੇ ਕਿਹਾ ਕਿ ਪੰਜਾਬ ਸਰਕਾਰ ਨੇ ਸਫ਼ਾਈ ਕਰਮੀਆਂ, ਸੀਵਰਮੈਨਾਂ ਅਤੇ ਵੱਖ-ਵੱਖ ਨਿਗਮਾਂ ਵਿਚ ਕੰਮ ਕਰ ਰਹੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਵਾਨ ਕਰਕੇ ਲੋਕ ਹਿੱਤ ਵਿਚ ਵੱਡਾ ਫੈਸਲਾ ਲਿਆ ਹੈ ਅਤੇ ਇਨ੍ਹਾਂ ਦੀਆਂ ਰਹਿੰਦੀਆਂ ਮੰਗਾਂ ਵੀ ਜਲਦ ਪੂਰੀਆਂ ਕਰਵਾਉਣ ਲਈ ਕਮਿਸ਼ਨ ਵਲੋਂ ਚਾਰਾਜੋਈ ਕੀਤੀ ਜਾਵੇਗੀ।

ਸਥਾਨਕ ਨਗਰ ਨਿਗਮ ਕੰਪਲੈਕਸ ਵਿਖੇ ਅਸਿਸਟੈਂਟ ਐਡਵੋਕੇਟ ਜਨਰਲ ਰਾਹੁਲ ਆਦੀਆ, ਦਲਿੱਤ ਡਿਵੈਲਪਮੈਂਟ ਬੋਰਡ ਦੇ ਵਾਈਸ ਚੇਅਰਮੈਨ ਅਜੇ ਪਾਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਜ਼ਿਲ੍ਹੇ ਦੇ ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਦੀਆਂ ਮੁਸ਼ਕਲਾਂ ਸੁਣਦਿਆਂ ਕਿਹਾ ਕਿ ਇਹ ਮੁਸ਼ਕਲਾਂ ਜਲਦ ਹੱਲ ਹੋਣਗੀਆਂ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ

- ਚੇਅਰਮੈਨ ਚੰਦਨ ਗਰੇਵਾਲ ਨੇ ਸੁਣੀਆਂ ਸਫ਼ਾਈ ਕਰਮਚਾਰੀਆਂ ਦੀਆਂ ਮੰਗਾਂ, ਕਿਹਾ ਜਲਦ ਸਥਾਨਕ ਸਰਕਾਰਾਂ ਮੰਤਰੀ ਕੋਲ ਰੱਖੇ ਜਾਣਗੇ ਸਾਰੇ ਮਸਲੇ



ਜ਼ਿਲ੍ਹਾ ਹੁਸ਼ਿਆਰਪੁਰ ਦੇ ਨਗਰ ਨਿਗਮ ਦੇ ਮੁਲਾਜ਼ਮਾਂ ਦੀਆਂ ਵੱਖ-ਵੱਖ ਮੰਗਾਂ ਅਤੇ ਮਸਲਿਆਂ ਦਾ ਨੋਟਿਸ ਲੈਂਦਿਆਂ ਕਮਿਸ਼ਨ ਨੇ ਇਥੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਮੰਗਾਂ ਦਾ ਜਲਦ ਤੋਂ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇ। ਸਫ਼ਾਈ ਸੇਵਕਾਂ ਵਲੋਂ ਰੱਖੇ ਮੁੱਦਿਆਂ ਨੂੰ ਗਹੁ ਨਾਲ ਸੁਣਦਿਆਂ ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਉਹ ਜਲਦ ਹੀ ਇਨ੍ਹਾਂ ਮੁਲਾਜ਼ਮਾਂ ਦਾ ਇਕ ਵਫਦ ਲੈ ਕੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਿਲਣਗੇ ਤਾਂ ਜੋ ਇਨ੍ਹਾਂ ਸਾਰੀਆਂ ਸ਼ਿਕਾਇਤਾਂ ਅਤੇ ਮਸਲਿਆਂ ਦਾ ਤੁਰੰਤ ਹੱਲ ਕਰਵਾਇਆ ਜਾ ਸਕੇ।

ਪੱਤਰਕਾਰਾਂ ਨੇ ਗੱਲਬਾਤ ਕਰਦਿਆਂ ਚੇਅਰਮੈਨ ਚੰਦਨ ਗਰੇਵਾਲ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਰਿਸ਼ਵਤਖੋਰੀ ਦੇ ਸਖਤ ਖਿਲਾਫ਼ ਹੈ ਅਤੇ ਰਿਸ਼ਵਤ ਦੇ ਮਾਮਲੇ ਵਿਚ ਬਣਦੀ ਕਾਰਵਾਈ ਅਵੱਸ਼ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰਾਂ ਮੰਤਰੀ ਡਾ. ਹਰਜੋਤ ਸਿੰਘ ਦੀ ਦੂਰਅੰਦੇਸ਼ੀ ਸਦਕਾ ਪੰਜਾਬ ਸਰਕਾਰ ਸਫ਼ਾਈ ਕਰਮਚਾਰੀਆਂ ਆਦਿ ਦੀ ਚਹੁੰਮੁਖੀ ਤਰੱਕੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਰਿਸ਼ਵਤਖੋਰੀ ਖਿਲਾਫ਼ ਪੰਜਾਬ ਸਰਕਾਰ ਦੀ 'ਜ਼ੀਰੋ ਟਾਲਰੈਂਸ' ਨੀਤੀ ਪੂਰੀ ਕਾਰਗਰ ਸਾਬਤ ਹੋਈ ਹੈ ਅਤੇ ਰਿਸ਼ਵਤਖੋਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਹੈ। ਉਨ੍ਹਾਂ ਦੱਸਿਆ ਕਿ ਕਮਿਸ਼ਨ ਸਫ਼ਾਈ ਕਾਮਿਆਂ ਦੀ ਹਰ ਪੱਖੋਂ ਭਲਾਈ ਲਈ ਲਗਾਤਾਰ ਉਪਰਾਲੇ ਕਰ ਰਿਹਾ ਹੈ ਜਿਸ ਦੇ ਸਾਰਥਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਚੇਅਰਮੈਨ ਚੰਦਨ ਗਰੇਵਾਲ ਨੇ ਸਫ਼ਾਈ ਸੇਵਕਾਂ ਅਤੇ ਨਗਰ ਨਿਗਮ ਦੇ ਹੋਰਨਾਂ ਮੁਲਾਜ਼ਮਾਂ ਨਾਲ ਨਿੱਜੀ ਤੌਰ 'ਤੇ ਮਸਲਿਆਂ ਦੀ ਸੁਣਵਾਈ ਕਰਦਿਆਂ ਕਿਹਾ ਕਿ ਕਮਿਸ਼ਨ ਹਰ ਮੁਲਾਜ਼ਮ ਦੀ ਜਾਇਜ਼ ਮੰਗ ਲਈ ਬਣਦੀ ਕਾਰਵਾਈ ਅਮਲ ਵਿਚ ਲਿਆਵੇਗਾ ਤਾਂ ਜੋ ਇਨ੍ਹਾਂ ਮੁਲਾਜ਼ਮਾਂ ਦੇ ਹੱਕ ਸੁਰੱਖਿਅਤ ਰਹਿ ਸਕਣ। ਉਨ੍ਹਾਂ ਨੇ ਮੌਕੇ 'ਤੇ ਹੀ ਨਗਰ ਨਿਗਮ ਦੇ ਕਮਿਸ਼ਨਰ ਨੂੰ ਵੱਖ-ਵੱਖ ਮਾਮਲਿਆਂ ਵਿਚ ਲੋੜੀਂਦੀ ਕਾਰਵਾਈ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਮਾਮਲਿਆਂ ਦਾ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਇਸ ਮੌਕੇ ਨਗਰ ਨਿਗਮ ਦੇ ਕਮਿਸ਼ਨਰ ਜੋਤੀ ਬਾਲਾ ਮੱਟੂ, ਐਸ.ਡੀ.ਐਮ ਪਰਮਪ੍ਰੀਤ ਸਿੰਘ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਫ਼ਾਈ ਸੇਵਕ ਮੌਜੂਦ ਸਨ।

ਕੈਂਟ ਦੀਆਂ ਤਿੰਨ ਰੋਟਰੀ ਕਲੱਬਾਂ ਨੇ ਐਸ.ਡੀ ਕਾਲਜ ਦੇ ਸਹਿਯੋਗ ਨਾਲ ਲਾਇਆ ਖ਼ੂਨਦਾਨ ਕੈਂਪ

**ਪੈ.ਗਾਮ-ਏ-ਜਗਤ
ਅੰਬਾਲਾ, 25 ਸਤੰਬਰ (ਆਰ.ਸਿੰਘ)**

ਰੋਟਰੀ ਡਿਸਟ੍ਰਿਕਟ 3080 ਦੀ ਗਵਰਨਰ ਡਾ. ਰੀਟਾ ਕਾਲੜਾ ਦੇ ਨਿਰਦੇਸ਼ਾਂ ਅਨੁਸਾਰ ਅੱਜ ਅੰਬਾਲਾ ਕੈਂਟ ਦੀਆਂ ਤਿੰਨ ਰੋਟਰੀ ਕਲੱਬਾਂ, ਰੋਟਰੀ ਕਲੱਬ ਆਫ਼ ਅੰਬਾਲਾ, ਇੰਡਸਟਰੀਅਲ ਏਰੀਆ ਅਤੇ ਆਰਸੀ ਅੰਬਾਲਾ ਕੈਂਟ ਨੇ ਐਸ.ਡੀ ਕਾਲਜ ਦੇ ਸਹਿਯੋਗ ਨਾਲ ਕਾਲਜ ਹਾਲ ਵਿਚ ਸਾਂਝੇ ਤੌਰ 'ਤੇ 'ਖ਼ੂਨਦਾਨ ਮਹਾ ਕੁੰਭ' ਦਾ ਆਯੋਜਨ ਕੀਤਾ। ਇਸ ਕੈਂਪ ਵਿਚ ਐਸ.ਡੀ ਕਾਲਜ ਦੀ ਐਨਐਸਐਸ ਇਕਾਈ, ਐਨਸੀਸੀ, ਰੈੱਡ ਕਰਾਸ ਇਕਾਈ ਆਦਿ ਦੇ ਵਲੰਟੀਅਰਾਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਰੋਟਰੀ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਰੋਟਰੀ ਹਸਪਤਾਲ ਤੋਂ ਆਈ ਡਾਕਟਰਾਂ ਦੀ ਟੀਮ ਨੇ 95 ਯੂਨਿਟ ਖ਼ੂਨ ਇਕੱਠਾ ਕੀਤਾ।

ਕੈਂਪ ਦੀ ਸ਼ੁਰੂਆਤ ਰੋਟਰੀ ਕਲੱਬ ਆਫ਼ ਅੰਬਾਲਾ ਦੇ ਪ੍ਰਧਾਨ ਰੋਟੇਰੀਅਨ ਡਾ. ਵਿਵੇਕ ਮਲਹੋਤਰਾ ਦੇ ਸਵਾਗਤੀ ਭਾਸ਼ਣ ਨਾਲ ਹੋਈ। ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਆਸ਼ਾਵੰਤ ਗੁਪਤਾ ਨੇ ਰੋਟਰੀ ਬਲੱਡ ਬੈਂਕ ਦੇ ਪਿਛੋਕੜ ਅਤੇ ਉਦੇਸ਼ਾਂ 'ਤੇ ਚਾਨਣਾ ਪਾਇਆ। ਰੋਟਰੀ ਕਲੱਬ ਆਫ਼ ਇੰਡਸਟਰੀਅਲ ਏਰੀਆ ਦੇ ਪ੍ਰਧਾਨ ਦੀਕਸ਼ਿਤ ਕਪੂਰ ਅਤੇ ਕਲੱਬ ਸਕੱਤਰ ਅਨਿਲ ਸਹਿਗਲ, ਰੋਟਰੀ ਕਲੱਬ ਆਫ਼ ਅੰਬਾਲਾ ਕੈਂਟ ਦੇ ਪ੍ਰਧਾਨ ਦਲੀਪ ਮਹਿਤਾ ਅਤੇ ਸਕੱਤਰ ਰਵਿੰਦਰ ਸ਼ਰਮਾ ਨੇ ਰੋਟਰੀ ਅੰਬਾਲਾ ਨਾਲ ਮਿਲ ਕੇ ਇਸ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਖ਼ੂਨਦਾਨੀਆਂ ਨੂੰ ਉਤਸ਼ਾਹਿਤ ਕੀਤਾ। ਇਸ ਮੌਕੇ ਤੇ ਮੁੱਖ ਮਹਿਮਾਨ ਡਾ. ਪੂਜਾ ਸੋਫਤ, ਪੀ.ਐਮ.ਓ., ਸਿਵਲ ਹਸਪਤਾਲ, ਅੰਬਾਲਾ ਕੈਂਟ ਨੇ ਨੌਜਵਾਨਾਂ ਨੂੰ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨ ਲਈ ਉਤਸ਼ਾਹਿਤ ਕੀਤਾ। ਵਿਸ਼ੇਸ਼ ਮਹਿਮਾਨ ਡਾ. ਅਲਕਾ ਸ਼ਰਮਾ, ਪ੍ਰਿੰਸੀਪਲ, ਐਸ.ਡੀ. ਕਾਲਜ, ਨੇ ਸਵੈ-ਇੱਛਿਤ ਖ਼ੂਨਦਾਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਦਾਨ ਕਰਨ ਲਈ ਅੱਗੇ ਆਉਣ ਲਈ ਪ੍ਰਸ਼ੰਸਾ ਕੀਤੀ। ਰੋਟਰੀ ਜ਼ਿਲ੍ਹਾ 3080 ਤੋਂ ਡਾ. ਸੰਜੈ ਕਾਲੜਾ ਅਤੇ ਦੀਪਕ ਗੁਪਤਾ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਰੈੱਡ ਕਰਾਸ ਕਮਾਂਡਰ ਕੁਮਦ, ਐਨਐਸਐਸ ਕੋਆਰਡੀਨੇਟਰ ਸ੍ਰੀਮਤੀ ਸਿਮਰਨ, ਪੰਜਾਬੀ ਵਿਭਾਗ ਦੇ ਮੁਖੀ ਡਾ. ਨਿਰਵੈਰ ਸਿੰਘ ਮੱਲ੍ਹੀ, ਪ੍ਰੋ. ਲਲਿਤ ਸ਼ਰਮਾ ਲਾਡੀ ਆਦਿ ਨੇ ਕੈਂਪ ਦੇ ਸਫਲ ਆਯੋਜਨ ਲਈ ਵਿਦਿਆਰਥੀਆਂ ਅਤੇ ਵਲੰਟੀਅਰਾਂ ਨੂੰ ਸੰਗਠਿਤ ਕਰਨ, ਖ਼ੂਨਦਾਨੀਆਂ ਨੂੰ ਪ੍ਰੇਰਿਤ ਕਰਨ ਅਤੇ ਸਮਾਗਮ ਲਈ ਵੱਖ-ਵੱਖ ਪ੍ਰਬੰਧਾਂ ਦੇ ਤਾਲਮੇਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਵਿਜੇ ਗੁਪਤਾ, ਕੇ.ਕੇ. ਜੈਨ, ਇੰਦਰਜੀਤ ਗੁਗਲਾਨੀ, ਸੰਦੀਪ ਚੋਪੜਾ, ਵਿਸ਼ਾਲ ਜੈਨ, ਆਰ.ਸੀ. ਜੈਨ, ਸੁਭਾਸ਼ ਬੰਸਲ, ਅਨੀਤਾ ਕਪੂਰ, ਪ੍ਰੋ. ਗੁਰਦੇਵ ਸਿੰਘ ਦੇਵ, ਧਰਮ ਪਾਲ ਗੁਲਾਟੀ, ਜ਼ੋਨ ਟਰੇਨਰ ਸ਼ਸ਼ੀ ਗੁਲਾਟੀ, ਚਾਂਦ ਚਾਵਲਾ, ਆਦਿ ਮੌਜੂਦ ਸਨ। ਰੋਟਰੀ ਕਲੱਬ ਇੰਡਸਟਰੀਅਲ ਏਰੀਆ ਦੇ ਸਕੱਤਰ ਅਜੈ ਸਿੰਘ ਰਾਠੌਰ ਅਤੇ ਬੌਬੀ ਅਗਰਵਾਲ ਨੇ ਵੀ ਖ਼ੂਨ ਦਾਨ ਕੀਤਾ। ਸਾਰੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ, ਵਿਸ਼ੇਸ਼ ਤੋਹਫ਼ੇ ਅਤੇ ਰਿਫਰੈਸ਼ਮੈਂਟ ਦੇ ਕੇ ਸਨਮਾਨਿਤ ਕੀਤਾ ਗਿਆ।



ਵਿਗੜੇ ਸਿਸਟਮ

ਲਈ ਅਸੀਂ ਆਪ ਹੀ ਜਿੰਮੇਵਾਰ



ਅੱਜ ਦੇਸ਼ ਨੂੰ ਆਜ਼ਾਦ ਹੋਏ 75 ਵਰ੍ਹਿਆਂ ਤੋਂ ਵੱਧ ਸਮਾਂ ਹੋ ਗਿਆ ਹੈ। ਅੱਜ ਦੇਸ਼ ਦੇ ਹਾਲਾਤ ਦਿਨੋ ਦਿਨ ਹੀ ਵਿਗੜ ਰਹੇ ਹਨ। ਸਿਸਟਮ ਨਿਘਾਰ ਵੱਲ ਵੱਧ ਰਿਹਾ ਹੈ । ਜਿਸ ਨੂੰ ਸੁਧਾਰਨ ਦੀ ਕਿਸੇ ਨੂੰ ਵੀ ਚਿੰਤਾ ਨਹੀਂ ਹੈ ।ਹਰ ਪੰਜ ਸਾਲਾਂ ਬਾਅਦ ਚੋਣਾਂ ਹੁੰਦੀਆਂ ਹਨ। ਅਸੀਂ ਨੁਮਾਇੰਦੇ ਚੁਣ ਕੇ ਵਿਧਾਨ ਸਭਾ ਜਾਂ ਲੋਕ ਸਭਾ ਵਿੱਚ ਭੇਜਦੇ ਹਨ । ਪੰਚਾਇਤੀ ਮੈਂਬਰਾਂ ,ਐਮ ਸੀ ਦੀ ਵੀ ਅਸੀਂ ਚੋਣ ਕਰਦੇ ਹਾਂ। ਜਦੋਂ ਨੁਮਾਇੰਦੇ ਸਾਡੀ ਉਮੀਦਾਂ ਤੇ ਖ਼ਰਾ ਨਹੀਂ ਉਤਰਦੇ ਤਾਂ ਅਸੀਂ ਉਹਨਾਂ ਨੂੰ ਭੰਡਣਾ ਸ਼ੁਰੂ ਕਰ ਦਿੰਦੇ ਹਨ।

ਵਿਚਾਰ ਕਰਨ ਵਾਲੀ ਗੱਲ ਹੈ ਜੋ ਨੁਮਾਇੰਦੇ ਅਸੀਂ ਚੁਣਦੇ ਹਾਂ, ਅਸੀਂ ਵੋਟ ਪਾਉਣ ਲੱਗੇ ਕਿਉਂ ਨਹੀਂ ਸੋਚਦੇ। ਸਿਸਟਮ ਨੂੰ ਖ਼ਰਾਬ ਕਰਨ ਲਈ ਅਸੀਂ ਖ਼ੁਦ ਜਿੰਮੇਵਾਰ ਹਾਂ। ਜਦੋਂ ਨੇਤਾਵਾਂ ਨੂੰ ਆਪਣੀ ਕੁਰਸੀ ਮਿਲ ਜਾਂਦੀ ਹੈ , ਉਹਨਾਂ ਨੂੰ ਫ਼ੇਰ ਕਿਸੇ ਦੀ ਪ੍ਰਵਾਹ ਨਹੀਂ ਹੁੰਦੀ। ਇੰਨੇ ਸ਼ਾਤਿਰ ਦਿਮਾਗ ਨੇਤਾ ਹਨ ਕਿ ਜਦੋਂ ਵੋਟਾਂ ਦਾ ਸਮਾਂ ਆਉਂਦਾ ਹੈ ਤਾਂ ਝੂਠ ਬੋਲ ਕੇ ਲੋਕਾਂ ਨੂੰ ਭਰਮਾ ਲੈਂਦੇ ਹਨ । ਪਤਾ ਨਹੀਂ ਚੋਣਾਂ ਵੇਲੇ ਕਿੰਨੇ ਕੁ ਤਰ੍ਹਾਂ ਦੇ ਝੂਠ ਬੋਲੇ ਜਾਂਦੇ ਹਨ? ਮੌਜੂਦਾ ਸਿਸਟਮ ਤੋਂ ਬਹੁਤ ਲੋਕ ਤੰਗ ਹਨ। ਜੇ ਤਹਿਸੀਲ ਪੱਧਰ ਦੀ ਗੱਲ ਕਰੀਏ ਤਾਂ ਉੱਥੇ ਇੰਨਾ ਭ੍ਰਿਸ਼ਟਾਚਾਰ ਹੈ ਕਿ ਕਲਰਕ ਤੋਂ ਲੈ ਕੇ ਉੱਪਰਲੇ ਅਧਿਕਾਰੀਆਂ ਤੱਕ ਕੰਮ ਕਰਾਉਣ ਲਈ ਪੈਸਾ ਚਲਦਾ ਹੈ। ਪਟਵਾਰੀਆਂ ਦੀ ਤਾਂ ਗੱਲ ਹੀ ਛੱਡ ਦਿਓ ,ਇੰਤਕਾਲ ਜਾਂ ਫ਼ਰਦ ਲੈਣ ਲਈ ਚੰਗੀ ਦਿਹਾੜੀ ਬਣਾ ਕੇ ਜਾਂਦੇ ਹਨ। ਇਹ ਗੱਲ ਸਿਰਫ਼ ਮੈਂ ਮਾਲ ਵਿਭਾਗ ਦੀ ਕੀਤੀ ਹੈ।

ਹੋਰ ਵੀ ਅਦਾਰਿਆਂ ਵਿੱਚ ਚਪੜਾਸੀਆਂ ਤੱਕ ਦੀ ਮੁੱਠੀ ਗਰਮ ਕਰਨੀ ਪੈ ਰਹੀ ਹੈ। ਸਾਨੂੰ ਸਿਸਟਮ ਨੂੰ ਖ਼ਰਾਬ ਕਰਨ ਤੱਕ ਸੀਮਿਤ ਹੀ ਨਹੀਂ ਰਹਿਣਾ ਚਾਹੀਦਾ, ਸਗੋਂ ਇਸ ਨੂੰ ਸੁਧਾਰਨ ਲਈ ਵੀ ਠੋਸ ਯਤਨ ਕਰਨੇ ਵੀ ਚਾਹੀਦੇ ਹਨ। ਵਾਰ ਵਾਰ ਅਸੀਂ ਨੇਤਾਵਾਂ ਨੂੰ ਚੁਣ ਕੇ ਭੇਜਦੇ ਹਾਂ ,ਫਿਰ ਗਲਤ ਸ਼ਬਦਾਂਵਲੀ ਦੀ ਵਰਤੋਂ ਅਸੀਂ ਕਿਉਂ ਕਰਦੇ ਹਨ? ਲੋਕਤੰਤਰ ਪ੍ਰਣਾਲੀ ਵਿੱਚ ਲੋਕਾਂ ਹੱਥ ਬਹੁਤ ਤਾਕਤ ਹੁੰਦੀ ਹੈ। ਹੁਣ ਗਲਤ ਆਗੂਆਂ ਨੂੰ ਚੁਣ ਕੇ ਜੇ ਅਸੀਂ ਭੇਜ ਰਹੇ ਹਨ ਤਾਂ ਕਸੂਰ ਸਾਡਾ ਹੀ ਹੈ। ਹਾਲ ਹੀ ਵਿੱਚ ਨਸ਼ਰ ਹੋਈ ਰਿਪੋਰਟ ਮੁਤਾਬਕ ਕਈ ਸੰਗੀਨ ਅਪਰਾਧਾਂ , ਭ੍ਰਿਸ਼ਟ ਰਸੂਖ਼ ਵਾਲੇ ਆਗੂ ਸੰਸਦ ਵਿੱਚ ਬੈਠੇ ਹਨ। ਅਜਿਹੇ ਭ੍ਰਿਸ਼ਟ ਨੇਤਾ ਜਿਨਾਂ ਨੂੰ ਅਸੀਂ ਚੁੱਣਦੇ ਹਨ ,ਕਰੋੜਾਂ ਦੀਆਂ ਜਾਇਦਾਦਾਂ ਇਕੱਠੀ ਕਰਨ ਤੇ ਲੱਗੇ ਹੋਏ ਹਨ। ਆਉਣ ਵਾਲੀ ਆਪਣੀ ਪੀੜੀਆਂ ਲਈ ਮਹਿਲ ਬਣਾ ਰਹੇ ਹਨ। ਬਾਅਦ ਵਿੱਚ ਚੰਗੀ ਪੈਨਸ਼ਨਾਂ ਲੈਂਦੇ ਹਨ।ਅਸੀਂ ਚੰਗੇ ਆਗੂਆਂ ਦੀ ਚੋਣ ਕਿਉਂ ਨਹੀਂ ਕਰਦੇ?

ਕਿਉਂ ਥੋੜੇ ਬਹੁਤ ਪੈਸੇ ਜਾਂ ਕਿਸੇ ਹੋਰ ਤਰ੍ਹਾਂ ਦੇ ਲਾਲਚ ਵਿੱਚ ਆ ਕੇ ਆਪਣੀ ਵੋਟ ਵੇਚ ਦਿੰਦੇ ਹਾਂ? ਜੇ ਇਸੇ ਤਰ੍ਹਾਂ ਹੁੰਦਾ ਰਿਹਾ ਤਾਂ ਹਾਲਾਤਾਂ ਨੂੰ ਕਿਸ ਤਰ੍ਹਾਂ ਸੁਧਾਰਿਆ ਜਾ ਸਕਦਾ ਹੈ।

ਅਸੀਂ ਲੋਕ ਖ਼ੁਦ ਹੀ ਇਮਾਨਦਾਰ, ਸੂਝਵਾਨ ਨਹੀਂ ਰਹੇ ਹਨ। ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਚੰਗੇ ਰਸੂਖ਼ ਵਾਲੇ ਇਮਾਨਦਾਰ ਲੋਕਾਂ ਨੂੰ ਅੱਗੇ ਲੈ ਕੇ ਆਉਣਾ ਚਾਹੀਦਾ ਹੈ। ਸੁਣਨ ਵਿੱਚ ਵੀ ਆਉਂਦਾ ਹੈ ਕਿ ਟਿਕਟ ਲੈਣ ਲਈ ਕਈ ਉਮੀਦਵਾਰ ਕਰੋੜਾਂ ਰੁਪਏ ਦਿੰਦੇ ਹਨ। ਚੋਣ ਲੜਨੀ ਹੁਣ ਅਮੀਰਾਂ ਦੀ ਗੱਲ ਰਹਿ ਗਈ ਹੈ। ਦੇਖਦੇ ਹੀ ਹਾਂ ਕਿ ਮੰਤਰੀਆਂ, ਵਜ਼ੀਰਾਂ ਦੇ ਘਰ ਮੂਹਰੇ ਧਰਨੇ ਪ੍ਰਦਰਸ਼ਨ ਹੁੰਦੇ ਹਨ। ਮੌਜੂਦਾ ਵਿਗੜੇ ਹੋਏ ਸਿਸਟਮ ਨੂੰ ਠੀਕ ਕਰਨ ਲਈ ਸਾਨੂੰ ਸਾਰਿਆਂ ਨੂੰ ਪਹਿਲ ਕਰਨੀ ਪਵੇਗੀ। ਕਿਸੇ ਨੇ ਬਾਹਰੋਂ ਆ ਕੇ ਇਸ ਨੂੰ ਠੀਕ ਨਹੀਂ ਕਰਨਾ ਹੈ।

ਪੈ.ਗਾਮ-ਏ-ਜਗਤ

-ਸੰਜੀਵ ਸਿੰਘ ਸੈਣੀ, ਮੋਹਾਲੀ,
7888966168 ਸਟੇਟ ਐਵਾਰਡੀ

ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਡੀਐਸਪੀ ਅਜੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ : ਖਾਲਸਾ ਅਜਨੋਹਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।

ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਪਿੰਡ ਅਜਨੋਹਾ ਨਿਵਾਸੀ ਸਾਬਕਾ DSP ਅਜੀਤ ਸਿੰਘ ਨੂੰ ਸੰਸਥਾ ਦੀ ਟੀਮ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਸਨਮਾਨਿਤ ਕੀਤਾ ਗਿਆ। DSP ਸਾਬ ਸੰਸਥਾ ਨੂੰ ਲਗਾਤਾਰ ਸਹਿਯੋਗ ਦੇ ਰਹੇ ਨੇ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸਾਬਕਾ DSP ਅਜੀਤ ਸਿੰਘ, ਡਾਕਟਰ ਤਰਸੇਮ ਸਿੰਘ,ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ, ਪ੍ਰੀਆ ਨਰੂੜ, ਸੰਦੀਪ ਕੌਰ ਪਾਸ਼ਟਾਂ, ਰਜਨੀਸ਼ ਬਾਲਾ ਨਰੂੜ, ਹਰਜੋਤ ਕੌਰ, ਸਤਵਿੰਦਰ ਕੌਰ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਪਹਿਲਾਂ ਵਾਂਗ ਹੀ ਰਹਿਣਗੀਆਂ ਲਾਗੂ : ਕੁਲਵੰਤ ਸਿੰਘ

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 3 ਬੱਸਾਂ ਨੂੰ ਵਿਖਾਈ ਹਰੀ ਝੰਡੀ

ਐਸ.ਏ.ਐਸ. ਨਗਰ, 25 ਸਤੰਬਰ
(ਪੈ.ਗਾਮ-ਏ-ਜਗਤ)

ਹਲਕਾ ਵਿਧਾਇਕ ਸ੍. ਕੁਲਵੰਤ ਸਿੰਘ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਪਹਿਲਾਂ ਵਾਂਗ ਹੀ ਜਾਰੀ ਰਹਿਣਗੀਆਂ। ਪੰਜਾਬ ਸਰਕਾਰ ਵਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਫੇਜ਼-5, ਪਿੰਡ ਕੰਡਾਲਾ ਅਤੇ ਐਰੋਸਿਟੀ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੇ ਜਥਿਆਂ ਨੂੰ ਰਵਾਨਾ ਕਰਨ ਮੌਕੇ ਉਹਨਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਪੰਜਾਬ ਭਰ ਦੇ ਵੱਡੀ ਗਿਣਤੀ ਸੀਨੀਅਰ ਸਿਟੀਜਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਥਿਤ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਿਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂ ਵਾਲੇ ਬਾਗ ਦੇ ਦਰਸ਼ਨ ਕਰ ਰਹੇ ਹਨ ਉੱਥੇ ਨਾਲ ਹੀ ਖਾਟੂਸ਼ਾਮ, ਸਾਲਾਸਰ, ਬਰਿੰਦਾਵਨ, ਹਰਿਦੁਆਰ ਦੇ ਦਰਸ਼ਨਾਂ ਲਈ ਵੀ ਰੋਜ਼ਾਨਾ ਬੱਸਾਂ ਰਵਾਨਾ ਹੋ ਰਹੀਆਂ ਹਨ। ਇਸ ਮੌਕੇ ਉਹਨਾਂ ਵੱਲੋਂ ਤਿੰਨੇ ਬੱਸਾਂ ਨੂੰ ਹਰੀ ਝੰਡੀ ਦੇ ਕੇ ਬਸਾਂ ਨੂੰ ਰਵਾਨਾ ਕੀਤਾ ਗਿਆ।

ਸ੍. ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡ ਜਗਤ ਦੇ ਵਿੱਚ ਵੱਡਾ ਰੋਲ ਨਿਭਾਇਆ ਜਾ ਰਿਹਾ ਹੈ ਅਤੇ ਅੱਜ ਪੰਜਾਬ ਵਿੱਚ 14 ਸਾਲ ਤੋਂ 70 ਸਾਲ ਤੱਕ ਉਮਰ ਵਰਗ ਦੇ ਖਿਡਾਰੀ ਇਕੱਠੇ ਹੀ ਖੇਡਾਂ ਵਿੱਚ ਹਿੱਸਾ ਲੈ ਰਹੇ ਹਨ। ਉਹਨਾਂ ਕਿਹਾ ਕਿ ਨੌਜਵਾਨ ਵਰਗ ਨੂੰ ਤੰਦਰੁਸਤ ਬਣਾਉਣ ਲਈ ਪੰਜਾਬ ਦੇ ਵਿੱਚ ਵੱਡੇ ਪੱਧਰ ਤੇ ਨਵੇਂ ਖੇਡ ਸਟੇਡੀਅਮ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਨਾਂ ਵਿੱਚੋਂ ਕਈਆਂ ਨੂੰ ਤਿਆਰ ਕਰਨ ਉਪਰੰਤ ਖੇਡ ਪ੍ਰੇਮੀਆਂ ਦੇ ਸਪੁਰਦ ਕੀਤਾ ਜਾ ਚੁੱਕਾ ਹੈ। ਉਹਨਾਂ ਕਿਹਾ ਕਿ ਜਿਸ ਵੀ ਖਿਡਾਰੀ ਨੂੰ ਖੇਡ ਦੇ ਲਈ ਕਿਸੇ ਵੀ ਸਮਾਨ ਦੀ ਜ਼ਰੂਰਤ ਹੋਵੇਗੀ, ਉਸ ਨੂੰ ਹਰ- ਹੀਲੇ ਸਮੇਂ ਸਿਰ ਮੁਹੱਈਆ ਕਰਵਾਇਆ ਜਾਵੇਗਾ।

ਇਸ ਮੌਕੇ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੁਆਰਡੀਨੇਟਰ ਫੂਲਰਾਜ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਪਰਸਨ ਇੰਜੀਨੀਅਰ ਪ੍ਰਭਜੋਤ ਕੌਰ, ਆਪ ਨੇਤਾ ਅਨੂ ਬੱਬਰ, ਮੁਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਅਮਰਜੀਤ ਸਿੰਘ, ਹਰਪ੍ਰੀਤ ਸਿੰਘ ਸਰਪੰਚ ਕੰਡਾਲਾ, ਰਾਕੇਸ਼ ਗਰੋਵਰ, ਹਰਜੀਤ ਸਿੰਘ ਰੁੜਕਾ, ਦਵਿੰਦਰ ਸਿੰਘ ਨਡਿਆਲੀ, ਪ੍ਰਗਟ ਸਿੰਘ ਰਾਇਪੁਰ ਕਲਾ, ਬਲਜੀਤ ਸਿੰਘ ਹੈਪੀ ਵੀ ਹਾਜ਼ਰ ਸਨ।

ਸੀਨੀਅਰ ਸਿਟੀਜਨਾਂ ਨੂੰ ਸਿਹਤ ਅਤੇ ਯੋਗਾ ਸਬੰਧੀ ਜਾਣਕਾਰੀ ਦਿੱਤੀ

ਐਸ.ਏ.ਐਸ. ਨਗਰ, 25 ਸਤੰਬਰ (ਪੈ.ਗਾਮ-ਏ-ਜਗਤ)

ਅਨੁਭਵੀ ਗਰੁੱਪ ਮੁਹਾਲੀ ਵੱਲੋਂ ਗਊ ਹਸਪਤਾਲ, ਫੇਜ਼-1, ਮੁਹਾਲੀ ਵਿਖੇ ਸੀਨੀਅਰ ਸਿਟੀਜਨਾਂ ਲਈ ਇੱਕ ਸਿਹਤ ਸੰਭਾਲ ਕੈਂਪ ਆਯੋਜਿਤ ਕੀਤਾ ਗਿਆ।

ਇਸ ਮੌਕੇ ਯੋਗਾ ਟਰੇਨਰ ਸ੍ਰੀ ਕੇ. ਕੇ. ਸੈਨੀ, ਉਪ ਸਕੱਤਰ (ਸੇਵਾ ਮੁਕਤ), ਪੰਜਾਬ ਸਟੇਟ ਰੈਡ ਕ੍ਰਾਸ ਸੋਸਾਇਟੀ, ਚੰਡੀਗੜ੍ਹ ਨੇ ਸੀਨੀਅਰ ਸਿਟੀਜਨਾਂ ਨੂੰ ਯੋਗਾ ਕਸਰਤਾਂ ਅਤੇ ਪ੍ਰਾਣਾਯਾਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਧਦੀ ਉਮਰ ਵਿੱਚ ਨਿਯਮਿਤ ਯੋਗਾ, ਪ੍ਰਾਣਾਯਾਮ, ਸੰਤੁਲਿਤ ਖੁਰਾਕ ਅਤੇ ਸਿਹਤਮੰਦ ਜੀਵਨ-ਸ਼ੈਲੀ ਦੀ ਮਹੱਤਤਾ ਬਾਰੇ ਵੀ ਦੱਸਿਆ। ਇਸ ਮੌਕੇ ਮੌਸਮੀ ਬੁਖਾਰ, ਫਲੂ ਅਤੇ ਗਲੇ ਦੀ ਖਰਾਬੀ ਤੋਂ ਬਚਾਅ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ।

ਕੇ. ਕੇ. ਸੈਨੀ ਨੇ ਕੁਝ ਆਯੁਰਵੈਦਿਕ ਅਤੇ ਔਸ਼ਧੀ ਪੌਦਿਆਂ ਜਿਵੇਂ ਨਿੰਮ, ਤੁਲਸੀ, ਅਜਵਾਇਨ, ਗਲੋਏ, ਪੇਪਰਮਿੰਟ ਅਤੇ ਹਰਸਿੰਗਾਰ ਆਦਿ ਦੇ ਰਵਾਇਤੀ ਉਪਯੋਗਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਬੁਖਾਰ ਜਾਂ ਫਲੂ ਦੀ ਸਥਿਤੀ ਵਿੱਚ ਸਹੀ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ ਅਤੇ ਘਰੇਲੂ ਜਾਂ ਆਯੁਰਵੈਦਿਕ ਨੁਸਖਿਆਂ ਦੀ ਵਰਤੋਂ ਡਾਕਟਰੀ ਇਲਾਜ ਦਾ ਬਦਲ ਨਹੀਂ ਹੈ। ਇਸ ਮੌਕੇ ਅਨੁਭਵੀ ਗਰੁੱਪ ਦੇ ਮੈਂਬਰ ਰਾਜਕੁਮਾਰ ਬੰਸਲ, ਅਨੂਪ ਸ਼ਰਮਾ, ਮਹਿੰਦਰ ਗੋਇਲ, ਰਾਜਕੁਮਾਰ ਗੁਪਤਾ, ਤਰਸੇਮ ਲਾਲ ਗਰਗ, ਐਸ.ਪੀ. ਜੈਨ, ਕੇਵਲ ਕ੍ਰਿਸ਼ਨ ਮਹਾਜਨ, ਮੱਗੂ, ਐਸ.ਸੀ. ਵੋਹਰਾ, ਸੁਰਿੰਦਰ ਕੁਮਾਰ, ਦਲਜੀਤ ਸਿੰਘ, ਗੋਪਾਲ ਕ੍ਰਿਸ਼ਨ, ਸੁਰਿੰਦਰ ਨਾਥ, ਸੁਭਾਸ਼ ਚੰਦਰ, ਉਮਾਕਾਂਤ ਤਿਵਾਰੀ, ਸੁਦਰਸ਼ਨ ਦੇਵ, ਮੇਹਰ ਚੰਦ, ਰਾਮ ਕੁਮਾਰ ਆਦਿ ਹਾਜ਼ਰ ਸਨ।

ਟੈਕਨੀਕਲ ਸਰਵਿਸਜ਼ ਯੂਨੀਅਨ ਦੀਆਂ ਵੱਖ ਵੱਖ ਸਬ ਡਿਵੀਜਨ ਇਕਾਈਆਂ ਦੀ ਚੋਣ

ਐਸ.ਏ.ਐਸ. ਨਗਰ, 25 ਸਤੰਬਰ
(ਪੈ.ਗਾਮ-ਏ-ਜਗਤ)

ਟੈਕਨੀਕਲ ਸਰਵਿਸਜ਼ ਯੂਨੀਅਨ (ਰਜਿ. 49) ਅਧੀਨ ਆਉਂਦੀ ਸਬ ਡਵੀਜ਼ਨਾਂ ਟੈਕਨੀਕਲ-1-2-3 ਦੀਆਂ ਸਬ ਯੂਨਿਟਾਂ ਦੀਆਂ ਜਥੇਬੰਦਕ ਚੋਣ ਸਰਕਲ ਕਮੇਟੀ ਮੁਹਾਲੀ ਦੀ ਨਿਗਰਾਨੀ ਹੇਠ ਮੁੱਕਮਲ ਕੀਤੀ ਗਈ। ਇਸ ਮੌਕੇ ਸਰਵਸੰਮਤੀ ਨਾਲ ਕੀਤੀ ਗਈ ਚੋਣ ਦੌਰਾਨ ਸਬ ਡਵੀਜ਼ਨ ਟੈਕਨੀਕਲ-1 ਅਹੁਦੇਦਾਰਾਂ ਵਿੱਚ ਰਾਧੇ ਸ਼ਿਆਮ ਲਾਇਨਮੈਨ ਨੂੰ ਪ੍ਰਧਾਨ, ਸਿਧਾਰਥ ਕੁਮਾਰ ਏ. ਐਲ. ਐਮ. ਨੂੰ ਮੀਤ ਪ੍ਰਧਾਨ, ਲਖਵਿੰਦਰ ਸਿੰਘ ਲਾਇਨਮੈਨ ਨੂੰ ਸਕੱਤਰ, ਸੌਦਾਗਰ ਸਿੰਘ ਲਾਇਨਮੈਨ ਨੂੰ ਸਹਾਇਕ ਸਕੱਤਰ ਅਤੇ ਬਲਵਿੰਦਰ ਸਿੰਘ ਲਾਇਨਮੈਨ ਨੂੰ ਕੈਸ਼ੀਅਰ ਚੁਣਿਆ ਗਿਆ। ਇਸ ਮੌਕੇ ਸਬ ਡਿਵੀਰਜਨ ਟੈਕਨੀਕਲ-2 ਮੁਹਾਲੀ ਦੇ ਅਹੁਦੇਦਾਰਾਂ ਵਿੱਚ ਜਸਪਾਲ ਸਿੰਘ ਲਾਇਨਮੈਨ ਨੂੰ ਪ੍ਰਧਾਨ, ਸੁਖਜਿੰਦਰ ਸਿੰਘ ਲਾਇਨਮੈਨ ਨੂੰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਲਾਇਨਮੈਨ ਨੂੰ ਸਕੱਤਰ, ਗੋਪਾਲ ਬਹਾਦੁਰ ਲਾਇਨਮੈਨ ਨੂੰ ਸਹਾਇਕ ਸਕੱਤਰ ਅਤੇ ਭਗਵੰਤ ਸਿੰਘ ਏ. ਐਲ. ਐਮ. ਨੂੰ ਕੈਸ਼ੀਅਰ ਚੁਣਿਆ ਗਿਆ। ਸਬ ਡਿਵੀਜਨ ਟੈਕਨੀਕਲ-3 ਮੁਹਾਲੀ ਦੇ ਅਹੁਦੇਦਾਰਾਂ ਵਿੱਚ ਜਗਜੀਤ ਸਿੰਘ ਲਾਇਨਮੈਨ ਨੂੰ ਪ੍ਰਧਾਨ, ਕੁਲਜਿੰਦਰ ਸਿੰਘ ਲਾਇਨਮੈਨ ਨੂੰ ਮੀਤ ਪ੍ਰਧਾਨ, ਰਮਨਦੀਪ ਸਿੰਘ ਲਾਇਨਮੈਨ ਨੂੰ ਸਕੱਤਰ, ਰਜਿੰਦਰ ਗਿਰ ਲਾਇਨਮੈਨ ਨੂੰ ਸਹਾਇਕ ਸਕੱਤਰ ਅਤੇ ਸਰਬਜੀਤ ਸਿੰਘ ਲਾਇਨਮੈਨ ਨੂੰ ਕੈਸ਼ੀਅਰ ਚੁਣਿਆ ਗਿਆ ਹੈ। ਇਸ ਇਜਲਾਸ ਨੂੰ ਜਤਿੰਦਰ ਸਿੰਘ, ਗੁਰਬਖਸ਼ ਸਿੰਘ ਸਰਕਲ ਪ੍ਰਧਾਨ, ਲੱਖਾ ਸਿੰਘ ਕਨਵੀਨਰ, ਰਜਿੰਦਰ ਸਿੰਘ, ਵਿਜੈ ਕੁਮਾਰ, ਅਜੀਤ ਸਿੰਘ ਡਵੀ: ਸਕੱਤਰ ਨੇ ਸੰਬੋਧਨ ਕਰਕੇ ਨਵੀਂ ਚੁਣੀ ਗਈ ਕਮੇਟੀਆਂ ਨੂੰ ਵਧਾਈ ਦਿੱਤੀ ਅਤੇ ਆਉਣ ਵਾਲੇ ਸੰਘਰਸ਼ਾਂ ਨੂੰ ਲਾਮਵੰਦ ਕੀਤਾ ਗਿਆ।

ਜੇਕਰ ਗਮਾਡਾ ਆਪਣੀ ਮੌਜੂਦਾ ਹਾਸਿਲ ਕੀਤੀ ਹੋਈ ਜ਼ਮੀਨ ਦੀ ਸਹੀ ਵਰਤੋਂ ਕਰੇ ਤਾਂ ਨਵੀਂ ਖੇਤੀਬਾੜੀ ਜ਼ਮੀਨ ਐਕਵਾਇਰ ਕਰਨ ਦੀ ਲੋੜ ਨਹੀਂ ਪਵੇਗੀ : ਸਤਵੀਰ ਸਿੰਘ ਧਨੋਆ

ਐਸ.ਏ.ਐਸ. ਨਗਰ, 25 ਸਤੰਬਰ
(ਪੈ.ਗਾਮ-ਏ-ਜਗਤ)

ਸਾਬਕਾ ਕੌਂਸਲਰ ਅਤੇ ਪੰਜਾਬੀ ਵਿਰਸਾ ਸਭਿਆਚਾਰਕ ਸੁਸਾਇਟੀ ਦੇ ਪ੍ਰਧਾਨ ਸਤਵੀਰ ਸਿੰਘ ਧਨੋਆ ਨੇ ਕਿਹਾ ਹੈ ਕਿ ਜੇਕਰ ਗਮਾਡਾ ਆਪਣੀ ਮੌਜੂਦਾ ਹਾਸਿਲ ਕੀਤੀ ਹੋਈ ਜ਼ਮੀਨ ਦੀ ਸਹੀ ਵਰਤੋਂ ਕਰੇ ਤਾਂ ਨਵੀਂ ਖੇਤੀਬਾੜੀ ਜ਼ਮੀਨ ਐਕਵਾਇਰ ਕਰਨ ਦੀ ਲੋੜ ਨਹੀਂ ਪਵੇਗੀ।

ਇੱਥੇ ਜਾਰੀ ਬਿਆਨ ਵਿੱਚ ਉਹਨਾਂ ਕਿਹਾ ਕਿ ਗਮਾਡਾ ਨੂੰ ਆਪਣੀ ਮੌਜੂਦਾ ਖਾਲੀ ਪਈ ਜ਼ਮੀਨ ਦੀ ਪਹਿਲਾਂ ਪੂਰੀ ਵਰਤੋਂ ਅਤੇ ਵਿਕਾਸ ਵੱਲ ਧਿਆਨ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਗਮਾਡਾ ਨੂੰ ਆਪਣੀ ਕਾਰਜਪ੍ਰਣਾਲੀ ਅਤੇ ਪਲੈਨਿੰਗ ਦੇ ਤਰੀਕਿਆਂ ਵਿੱਚ ਬਦਲਾਅ ਲਿਆਉਣ ਦੀ ਲੋੜ ਹੈ। ਵਿਕਾਸ ਦੀ ਯੋਜਨਾਬੰਦੀ ਸਿਰਫ਼ ਨਵੀਂ ਜ਼ਮੀਨ ਹਾਸਲ ਕਰਨ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ ਬਲਕਿ ਪਹਿਲਾਂ ਤੋਂ ਮੌਜੂਦ ਸਰਕਾਰੀ ਜ਼ਮੀਨ, ਖਾਲੀ ਪਲਾਟਾਂ ਅਤੇ ਲੰਬੇ ਸਮੇਂ ਤੋਂ ਅਣਵਰਤੀ ਜ਼ਮੀਨ ਨੂੰ ਵਿਕਸਤ ਕਰਨ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਇਸਦੇ ਨਾਲ ਹੀ ਇਹ ਵੀ ਯਕੀਨੀ ਕੀਤਾ ਜਾਣਾ ਚਾਹੀਦਾ ਹੈ ਕਿ ਜਿਸ ਮਕਸਦ ਵਾਸਤੇ ਜਮੀਨ ਲਈ ਹੈ। ਉਸ ਦੀ ਵਰਤੋ ਉਵੇ ਹੀ ਕੀਤੀ ਜਾਵੇ।

ਉਹਨਾਂ ਕਿਹਾ ਕਿ ਗਮਾਡਾ ਦੀ ਸਥਾਪਨਾ ਲੋਕਾ ਨੂੰ ਵਧੀਆ ਰਹਿਣ ਸਹਿਣ ਮੁਹੱਈਆ ਕਰਨ ਲਈ ਹੋਈ ਸੀ। ਪਰੰਤੂ ਗਮਾਡਾ ਵਡੇ ਕਾਰਪੋਰੇਟ ਘਰਾਣਿਆਂ ਦੇ ਹਿਤ ਪੂਰਨ ਵੱਲ ਵੱਧ ਧਿਆਨ ਦਿੱਤਾ ਜਾਂਦਾ ਹੈ ਅਤੇ ਗਮਾਡਾ ਦੇ ਉਚ ਅਧਿਕਾਰੀ ਲੋਕਾ ਵਲੋਂ ਦਿੱਤੇ ਬੇਨਤੀ ਪੱਤਰਾਂ ਦਾ ਜਵਾਬ ਤਕ ਦੇਣਾ ਜਰੂਰੀ ਨਹੀਂ ਸਮਝਦੇ। ਉਹਨਾਂ ਕਿਹਾ ਕਿ ਗਮਾਡਾ ਦੀ ਕਾਰਗੁਜਾਰੀ ਦਾ ਅੰਦਾਜਾ ਇਸ ਨਾਲ ਵੀ ਲਗਾਇਆ ਜਾ ਸਕਦਾ ਹੈ ਕਿ 35 ਸਾਲ ਪਹਿਲਾ ਸੈਕਟਰ 69 ਲਈ ਮਾਸਟਰ ਪਲਾਨ ਵਿਚ ਦਿਖਾਇਆ ਰਸਤਾ ਜਮੀਨੀ ਪੱਧਰ ਤੇ ਅਜ ਤੱਕ ਮੁਹੱਈਆ ਨਹੀਂ ਕਰਵਾਇਆ ਗਿਆ ਹੈ ਫਿਰ ਇਸ ਤੋਂ ਲੋਕ ਭਲਾ ਕੀ ਉਮੀਦ ਕਰ ਸਕਦੇ ਹਨ। ਇਸੇ ਤਰ੍ਹਾਂ ਨੀਡ ਬੇਸਿਡ ਪਾਲਿਸੀ, ਤੰਗ ਪੁਲ, ਗੰਦਾ ਨਾਲਾ, ਓਪਨ ਏਰੀਆ ਥਇਏਟਰ, ਪੰਜਾਬੀ ਭਵਨ, ਗ੍ਰੀਨ ਬੈਲਟਾਂ ਸਮੇਤ ਅਨੇਕਾਂ ਹੋਰ ਵਾਅਦੇ ਹਨ ਜੋ ਸਹਿਰ ਵਸਾਉਣ ਵੇਲੇ ਕੀਤੇ ਗਏ ਸਨ। ਉਹਨਾਂ ਕਿਹਾ ਕਿ ਗਮਾਡਾ ਲੋਕਾਂ ਦੀਆਂ ਦਹਾਕਿਆਂ ਤੋਂ ਲੰਬਿਤ ਪਈਆਂ ਬੁਨਿਆਦੀ ਲੋੜਾਂ ਅਤੇ ਸਿਕਾਇਤਾਂ ਦਾ ਅੱਜ ਤੱਕ ਹੱਲ ਨਹੀਂ ਕਰ ਸਕਿਆ। ਜਦ ਕਿ ਵੱਡੇ ਅਦਾਰਿਆ ਦੇ ਕੰਮ ਕਰਨ ਲਈ ਗਮਾਡਾ ਹਮੇਸ਼ਾ ਤਤਪਰ ਰਹਿਦਾ ਹੈ। ਉਹਨਾਂ ਕਿਹਾ ਕਿ ਲੋਕਾਂ ਵਿੱਚ ਇਹ ਧਾਰਨਾ ਵੀ ਬਣ ਗਈ ਹੈ ਕਿ ਗਮਾਡਾ ਦੀਆਂ ਨੀਤੀਆਂ ਦਾ ਫਾਇਦਾ ਵਿਚੋਲੀਆਂ ਅਤੇ ਵੱਡੇ ਅਦਾਰਿਆਂ ਨਾਲ ਜੁੜੇ ਲੋਕਾਂ ਨੂੰ ਹੀ ਮਿਲਦਾ ਹੈ। ਇਸ ਲਈ ਗਮਾਡਾ ਦੀ ਪਲੈਨਿੰਗ ਪੂਰੀ ਤਰ੍ਹਾਂ ਪਾਰਦਰਸ਼ੀ, ਲੋਕ-ਕੇਂਦਰਿਤ ਅਤੇ ਲੋਕ ਹਿਤ ਵਿਚ ਨੂੰ ਧਿਆਨ ਵਿੱਚ ਰੱਖ ਕੇ ਹੋਣੀ ਚਾਹੀਦੀ ਹੈ। ਗਮਾਡਾ ਦਾ ਮੁੱਖ ਮਕਸਦ ਲੋਕਾਂ ਲਈ ਸੁਚੱਜਾ ਸ਼ਹਿਰੀ ਵਿਕਾਸ ਹੋਣਾ ਚਾਹੀਦਾ ਹੈ, ਨਾ ਕਿ ਬੇਲੋੜੀ ਨਵੀਂ ਜ਼ਮੀਨ ਐਕਵਾਇਰ ਕਰਨਾ। ਉਹਨਾਂ ਕਿਹਾ ਕਿ ਗਮਾਡਾ ਦਾ ਪੂਰਾ ਜੋਰ ਨਵੀਆਂ ਜਮੀਨਾਂ ਅਕਵਾਇਰ ਕਰਨ ਤੇ ਰਹਿੰਦਾ ਹੈ ਪਰੰਤੂ ਉਸ ਵਲੋਂ ਪਹਿਲਾਂ ਤੋਂ ਮੌਜੂਦ ਜ਼ਮੀਨ ਨੂੰ ਯੋਜਨਾਬੱਧ ਢੰਗ ਨਾਲ ਵਿਕਸਤ ਲਈ ਕਾਰਵਾਈ ਦੀ ਅਣਹੋਂਦ ਦਿਖਦੀ ਹੈ।

ਨਿਸਾਨ ਪਿਕਸੋ ਸਮਾਲ ਇਲੈਕਟ੍ਰਿਕ ਸਿਟੀ ਕਾਰ ਦਾ ਹੋਇਆ ਅਨਾਵਰਣ

ਚੰਡੀਗੜ੍ਹ, 25 ਸਤੰਬਰ
(ਪੈ.ਗਾਮ-ਏ-ਜਗਤ)



ਨਿਸਾਨ ਨੇ ਅੱਜ ਬਿਲਕੁਲ ਨਵੀਂ ਨਿਸਾਨ ਪਿਕਸੋ ਦਾ ਅਨਾਵਰਣ ਕੀਤਾ, ਜੋ ਇੱਕ ਛੋਟੀ ਇਲੈਕਟ੍ਰਿਕ ਸਿਟੀ ਕਾਰ ਹੈ ਅਤੇ ਆਧੁਨਿਕ ਸ਼ਹਿਰੀ ਜੀਵਨ ਲਈ ਇੱਕ ਆਦਰਸ਼ ਸਾਥੀ ਹੈ। ਵਿਸ਼ੇਸ਼ ਤੌਰ 'ਤੇ ਯੂਰਪ ਦੇ ਸ਼ਹਿਰਾਂ ਅਤੇ ਕਸਬਿਆਂ ਲਈ ਡਿਜ਼ਾਈਨ ਕੀਤੀ ਗਈ, ਪਿਕਸੋ 259 ਕਿਲੋਮੀਟਰ ਦੀ ਰੇਂਜ, ਪੂਰੀ ਰੇਂਜ ਵਿੱਚ ਸਟੈਂਡਰਡ ਵਜੋਂ 50kW 43 ਰੈਪਿਡ ਚਾਰਜਿੰਗ, ਆਰਾਮਦਾਇਕ ਸ਼ਹਿਰੀ ਡਰਾਈਵਿੰਗ ਲਈ ਵਨ ਪੈਡਲ ਟੈਕਨਾਲੋਜੀ, ਸੁਤੰਤਰ ਰੀਅਰ ਸਲਾਈਡਿੰਗ ਸੀਟਾਂ ਅਤੇ ਜੈਮਿਨੀ ਸਮੇਤ ਗੂਗਲ ਬਿਲਟ-ਇਨ ਕਨੈਕਟੀਵਿਟੀ ਪ੍ਰਦਾਨ ਕਰਦੀ ਹੈ। ਪਿਕਸੋ ਯੂਰਪ ਵਿੱਚ ਨਿਸਾਨ ਦੇ ਆਲ-ਇਲੈਕਟ੍ਰਿਕ ਲਾਈਨ-ਅੱਪ ਦਾ ਵਿਸਥਾਰ ਵੀ ਕਰਦੀ ਹੈ, ਜੋ ਸ਼ਹਿਰੀ ਡਰਾਈਵਰਾਂ ਲਈ ਇੱਕ ਸੁਖਾਲਾ ਨਵਾਂ ਵਿਕਲਪ ਪੇਸ਼ ਕਰਦੀ ਹੈ।

ਆਕਾਰ ਵਿੱਚ ਛੋਟੀ ਪਰ ਕਨੈਕਟੀਵਿਟੀ ਨਾਲ ਭਰਪੂਰ, ਇਹ ਰੋਜ਼ਾਨਾ ਦੀਆਂ ਯਾਤਰਾਵਾਂ ਲਈ ਲੋੜੀਂਦੀ ਵਿਹਾਰਕ ਅਤੇ ਸਹਿਜ ਤਕਨਾਲੋਜੀ ਪ੍ਰਦਾਨ ਕਰਦੀ ਹੈ, ਜਦੋਂ ਕਿ ਨਿਸਾਨ ਦੀ ਵਧ ਰਹੀ ਇਲੈਕਟ੍ਰਿਕ ਵਾਹਨ ਰੇਂਜ ਵਿੱਚ ਇੱਕ ਨਵਾਂ ਅਤੇ ਵਿਲੱਖਣ ਚਰਿੱਤਰ ਜੋੜਦੀ ਹੈ। ਪਿਕਸੋ ਦੀ 259 ਕਿਲੋਮੀਟਰ ਦੀ ਰੇਂਜ ਬੱਚਿਆਂ ਨੂੰ ਸਕੂਲ ਛੱਡਣ, ਖਰੀਦਦਾਰੀ ਕਰਨ ਤੋਂ ਲੈ ਕੇ ਵੀਕਐਂਡ ਦੀਆਂ ਛੁੱਟੀਆਂ ਤੱਕ - ਆਮ ਸ਼ਹਿਰੀ ਯਾਤਰਾਵਾਂ ਨੂੰ ਆਸਾਨੀ ਨਾਲ ਪੂਰਾ ਕਰਦੀ ਹੈ, ਜਿਸ ਨਾਲ ਗਾਹਕਾਂ ਨੂੰ ਆਪਣੀਆਂ ਰੋਜ਼ਾਨਾ ਦੀਆਂ ਯਾਤਰਾਵਾਂ ਬਿਨਾਂ ਕਿਸੇ ਝਿਜਕ ਦੇ ਪੂਰੀਆਂ ਕਰਨ ਦਾ ਭਰੋਸਾ ਮਿਲਦਾ ਹੈ। ਨਿਸਾਨ ਗਲੋਬਲ ਡਿਜ਼ਾਈਨ ਦੇ ਲੀਡ ਐਕਸਟੀਰੀਅਰ ਡਿਜ਼ਾਈਨਰ, ਮਸਾਤੋ ਕੋਯਾਮਾ ਨੇ ਕਿਹਾ, "ਪਿਕਸੋ ਇਹ ਸਾਬਤ ਕਰਦੀ ਹੈ ਕਿ ਛੋਟੀ ਪੈਕੇਜਿੰਗ ਵਿੱਚ ਵੀ ਸ਼ਾਨਦਾਰ ਚੀਜ਼ਾਂ ਆ ਸਕਦੀਆਂ ਹਨ। ਇਸਦਾ ਕੰਪੈਕਟ ਆਕਾਰ ਇਸਨੂੰ ਯੂਰਪ ਦੇ ਸ਼ਹਿਰਾਂ ਲਈ ਇੱਕ ਕੁਦਰਤੀ ਵਿਕਲਪ ਬਣਾਉਂਦਾ ਹੈ, ਪਰ ਅਸੀਂ ਇਸਦੇ ਅੰਦਰ ਦੀ ਜਗ?ਹਾ ਨੂੰ ਵੱਧ ਤੋਂ ਵੱਧ ਕਰਨ ਲਈ ਸਖ਼ਤ ਮਿਹਨਤ ਕੀਤੀ ਹੈ, ਜਿਸ ਨਾਲ ਇੱਕ ਅਜਿਹਾ ਕੇਬਿਨ ਤਿਆਰ ਹੋਇਆ ਹੈ ਜੋ ਖੁੱਲ੍ਹਾ, ਵਿਹਾਰਕ ਅਤੇ ਹੈਰਾਨੀਜਨਕ ਤੌਰ 'ਤੇ ਵਿਸ਼ਾਲ ਮਹਿਸੂਸ ਹੁੰਦਾ ਹੈ।

ਨੌਜਵਾਨਾਂ ਦੇ ਹੁਨਰ ਵਿਕਾਸ ਅਤੇ ਸਵੈ-ਰੋਜ਼ਗਾਰ ਨੂੰ ਉਤਸ਼ਾਹਿਤ ਕਰਨ ਲਈ ਬਣਾਈ ਜਾਵੇਗੀ ਪ੍ਰਭਾਵਸ਼ਾਲੀ ਕਾਰਜਯੋਜਨਾ : ਡਿਪਟੀ ਕਮਿਸ਼ਨਰ

- ਆਰਐਲਪੀ ਅਤੇ ਐਸਟੀਟੀ ਪ੍ਰੋਗਰਾਮਾਂ ਨੂੰ ਗਤੀ ਦੇਣ ਦੇ ਨਿਰਦੇਸ਼, ਗ੍ਰੀਨ ਐਨਰਜੀ ਸੁਪਰਵਾਈਜ਼ਰ ਸਿਖਲਾਈ 'ਤੇ ਵਿਸ਼ੇਸ਼ ਜ਼ੋਰ

ਊਨਾ, 25 ਸਤੰਬਰ
(ਪੈ.ਗਾਮ-ਏ-ਜਗਤ)



ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਦੇ ਬਿਹਤਰ ਮੌਕੇ ਉਪਲਬਧ ਕਰਵਾਉਣ ਅਤੇ ਉਨ੍ਹਾਂ ਦੀ ਕੰਮਕਾਜੀ ਕੁਸ਼ਲਤਾ ਨੂੰ ਉਦਯੋਗ ਅਤੇ ਬਾਜ਼ਾਰ ਦੀਆਂ ਲੋੜਾਂ ਅਨੁਸਾਰ ਵਿਕਸਤ ਕਰਨ ਲਈ ਊਨਾ ਵਿੱਚ ਪ੍ਰਭਾਵਸ਼ਾਲੀ ਕਾਰਜਯੋਜਨਾ ਬਣਾਈ ਜਾਵੇਗੀ। ਇਹ ਗੱਲ ਡਿਪਟੀ ਕਮਿਸ਼ਨਰ ਊਨਾ ਜਤਿਨ ਲਾਲ ਨੇ ਅੱਜ ਆਪਣੇ ਦਫ਼ਤਰ ਵਿੱਚ ਹੋਈ ਜ਼ਿਲ੍ਹਾ ਹੁਨਰ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੀ।

ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਬੰਧਤ ਵਿਭਾਗਾਂ ਨਾਲ ਤੁਰੰਤ ਤਾਲਮੇਲ ਸਥਾਪਿਤ ਕੀਤਾ ਜਾਵੇ। ਉਨ੍ਹਾਂ ਆਯੂਸ਼, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਜ਼ਿਲ੍ਹਾ ਸੈਰ-ਸਪਾਟਾ ਵਿਕਾਸ ਅਧਿਕਾਰੀ, ਹਿਮਊਰਜਾ ਅਤੇ ਐਚਪੀਐਸਸੀਬੀ ਸਮੇਤ ਹੋਰ ਸਬੰਧਤ ਵਿਭਾਗਾਂ ਨੂੰ ਲੋੜੀਂਦਾ ਪੱਤਰ-ਵਿਹਾਰ ਕਰਕੇ ਸਿਖਲਾਈ ਦੀਆਂ ਸੰਭਾਵਨਾਵਾਂ ਨੂੰ ਅੱਗੇ ਵਧਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਭਵਿੱਖ ਦੀਆਂ ਰੋਜ਼ਗਾਰ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਹਿਮਊਰਜਾ ਰਾਹੀਂ 'ਗ੍ਰੀਨ ਐਨਰਜੀ ਸੁਪਰਵਾਈਜ਼ਰ' ਦੀ ਸਿਖਲਾਈ ਅਤੇ ਆਰਪੀਐਲ ਆਧਾਰਿਤ ਸਿਖਲਾਈ ਪ੍ਰੋਗਰਾਮਾਂ 'ਤੇ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਬਦਲਦੀ ਤਕਨਾਲੋਜੀ ਅਤੇ ਰੋਜ਼ਗਾਰ ਬਾਜ਼ਾਰ ਦੀਆਂ ਲੋੜਾਂ ਅਨੁਸਾਰ ਨੌਜਵਾਨਾਂ ਨੂੰ ਨਵੇਂ ਖੇਤਰਾਂ ਵਿੱਚ ਸਿਖਲਾਈ ਦੇਣਾ ਸਮੇਂ ਦੀ ਲੋੜ ਹੈ।

ਇਸ ਦੇ ਨਾਲ ਹੀ ਸਥਾਨਕ ਪੱਧਰ 'ਤੇ ਸਵੈ-ਰੋਜ਼ਗਾਰ ਅਤੇ ਰੋਜ਼ੀ-ਰੋਟੀ ਦੇ ਮੌਕੇ ਵਧਾਉਣ ਦੇ ਨਾਲ-ਨਾਲ ਸਫਾਈ ਅਤੇ ਖੁਰਾਕ ਸੁਰੱਖਿਆ ਦੇ ਪੱਧਰ ਵਿੱਚ ਸੁਧਾਰ ਸਬੰਧੀ ਵੀ ਮਹੱਤਵਪੂਰਨ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਸਾਰੀਆਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਰਾਹੀਂ ਸਟ੍ਰੀਟ ਫੂਡ ਵਿਕਰੇਤਾਵਾਂ ਲਈ ਵਿਸ਼ੇਸ਼ ਹੁਨਰ ਵਿਕਾਸ ਅਤੇ ਸਿਖਲਾਈ ਪ੍ਰੋਗਰਾਮ ਕਰਵਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਉਨ੍ਹਾਂ ਨੂੰ ਬਿਹਤਰ ਕਾਰੋਬਾਰੀ ਹੁਨਰ, ਸਫਾਈ ਸਬੰਧੀ ਜਾਣਕਾਰੀ ਅਤੇ ਸੁਰੱਖਿਅਤ ਖੁਰਾਕ ਪ੍ਰਬੰਧਨ ਦੀ ਸਿਖਲਾਈ ਮਿਲ ਸਕੇ। ਉਨ੍ਹਾਂ ਕਿਹਾ ਕਿ ਹੁਨਰ ਵਿਕਾਸ ਯੋਜਨਾਵਾਂ ਦਾ ਅਸਲ ਲਾਭ ਤਾਂ ਹੀ ਯਕੀਨੀ ਬਣਾਇਆ ਜਾ ਸਕਦਾ ਹੈ, ਜਦੋਂ ਵੱਖ-ਵੱਖ ਵਿਭਾਗ ਆਪਸੀ ਤਾਲਮੇਲ ਨਾਲ ਸਮੇਂਬੱਧ ਢੰਗ ਨਾਲ ਕੰਮ ਕਰਨ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਉਨ੍ਹਾਂ ਦੀ ਰੁਚੀ, ਸਮਰੱਥਾ ਅਤੇ ਸਥਾਨਕ ਰੋਜ਼ਗਾਰ ਦੀਆਂ ਸੰਭਾਵਨਾਵਾਂ ਅਨੁਸਾਰ ਸਿਖਲਾਈ ਉਪਲਬਧ ਕਰਵਾਈ ਜਾਵੇ, ਤਾਂ ਜੋ ਸਿਖਲਾਈ ਤੋਂ ਬਾਅਦ ਉਨ੍ਹਾਂ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਨਾਲ ਜੋੜਿਆ ਜਾ ਸਕੇ। ਜ਼ਿਲ੍ਹਾ ਹੁਨਰ ਕਮੇਟੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਸਥਾਪਿਤ ਕਰਕੇ ਹੁਨਰ ਵਿਕਾਸ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਵੇਗਾ। ਮੀਟਿੰਗ ਵਿੱਚ ਹਿਮਾਚਲ ਪ੍ਰਦੇਸ਼ ਹੁਨਰ ਵਿਕਾਸ ਨਿਗਮ ਵੱਲੋਂ ਚਲਾਏ ਜਾਣ ਵਾਲੇ ਵੱਖ-ਵੱਖ ਹੁਨਰ ਵਿਕਾਸ ਪ੍ਰੋਗਰਾਮਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਕਮੇਟੀ ਦੀ ਮੈਂਬਰ ਸਕੱਤਰ ਨਿਸ਼ਾ ਕਟੋਚ ਨੇ ਆਉਣ ਵਾਲੇ ਸਮੇਂ ਵਿੱਚ ਕਰਵਾਏ ਜਾਣ ਵਾਲੇ ਆਰਪੀਐਲ (ਰਿਕੋਗਨੀਸ਼ਨ ਆਫ ਪ੍ਰਾਇਰ ਲਰਨਿੰਗ) ਅਤੇ ਐਸਟੀਟੀ (ਸ਼ੋਰਟ ਟਰਮ ਟ੍ਰੇਨਿੰਗ) ਪ੍ਰੋਗਰਾਮਾਂ ਦੀ ਰੂਪਰੇਖਾ ਅਤੇ ਸੰਭਾਵਨਾਵਾਂ ਬਾਰੇ ਕਮੇਟੀ ਦੇ ਸਾਹਮਣੇ ਜਾਣਕਾਰੀ ਰੱਖੀ। ਇਸ ਮੌਕੇ 'ਤੇ ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਅਕਸ਼ੈ ਸ਼ਰਮਾ, ਤਹਿਸੀਲ ਭਲਾਈ ਅਧਿਕਾਰੀ ਊਨਾ ਜਤਿੰਦਰ ਕੁਮਾਰ, ਉਦਯੋਗ ਵਿਭਾਗ ਤੋਂ ਅਖਿਲ ਸ਼ਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

ਮੀਰੀ-ਪੀਰੀ ਦੇ ਸਿਧਾਂਤ ਨੂੰ ਸਮਰਪਿਤ ਖ਼ਾਲਸਾ ਮਾਰਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਖਾਲਸਾਈ ਜਾਹੋ ਜਲਾਲ ਨਾਲ ਹੋਇਆ ਸੰਪੂਰਨ

ਪੈ.ਗਾਮ-ਏ-ਜਗਤ
ਅੰਮ੍ਰਿਤਸਰ, 25 ਸਤੰਬਰ
(ਹਰਮਿੰਦਰ ਸਿੰਘ ਨਾਗਪਾਲ)

- ਲੱਖਾਂ ਸੰਗਤਾਂ ਦੀ ਸ਼ਮੂਲੀਅਤ ਨਾਲ ਮੀਰੀ-ਪੀਰੀ ਖ਼ਾਲਸਾ ਮਾਰਚ ਨੇ ਦਿੱਤਾ ਪੰਥਕ ਏਕਤਾ ਤੇ ਚੜ੍ਹਦੀ ਕਲਾ ਦਾ ਸੰਦੇਸ਼



ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਸਿਧਾਂਤ ਨੂੰ ਸਮਰਪਿਤ ਮੀਰੀ-ਪੀਰੀ ਖ਼ਾਲਸਾ ਮਾਰਚ ਤਿੰਨ ਪੜਾਅ ਪੂਰੇ ਕਰਦਿਆਂ ਅੱਜ ਸੰਗਤਾਂ ਦੇ ਵਿਸ਼ਾਲ ਇਕੱਠ ਅਤੇ ਚੜ੍ਹਦੀ ਕਲਾ ਦੇ ਮਾਹੌਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਸੰਪੂਰਨ ਹੋਇਆ। ਮੀਰੀ ਪੀਰੀ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਖਾਲਸਾ ਮਾਰਚ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਸੈਂਕੜੇ ਪਿੰਡਾਂ-ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਾਵਨ ਹਜ਼ੂਰੀ ਵਿੱਚ ਪੁੱਜਾ।

ਇਸ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕਰਕੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਸਮਰਪਣ ਅਤੇ ਮੀਰੀ-ਪੀਰੀ ਦੇ ਸਿਧਾਂਤ ਨਾਲ ਆਪਣੀ ਸਾਂਝ ਨੂੰ ਪ੍ਰਗਟ ਕੀਤਾ।

ਇਸ ਖਾਲਸਾ ਮਾਰਚ ਦੌਰਾਨ ਵੱਖ ਵੱਖ ਪੜਾਵਾਂ ਤੇ ਸੰਗਤਾਂ ਦੇ ਵੱਡੇ ਇਕੱਠ ਨੇ ਸਪੱਸ਼ਟ ਸੰਦੇਸ਼ ਦਿੱਤਾ ਕਿ ਸਿੱਖ ਕੌਮ ਆਪਣੀਆਂ ਪੰਥਕ ਪਰੰਪਰਾਵਾਂ, ਗੁਰੂ ਸਾਹਿਬ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਫ਼ਲਸਫ਼ੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਹਮੇਸ਼ਾ ਇੱਕਜੁੱਟ ਰਹੇਗੀ ਅਤੇ ਹਰ ਚੁਣੌਤੀ ਦਾ ਸਾਹਮਣਾ ਚੜ੍ਹਦੀ ਕਲਾ ਨਾਲ ਕਰੇਗੀ। ਖਾਲਸਾ ਮਾਰਚ ਦੀ ਸਮਾਪਤੀ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ਼?ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਮੌਜੂਦ ਰਹੀਆਂ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਰੀ-ਪੀਰੀ ਖ਼ਾਲਸਾ ਮਾਰਚ ਦੌਰਾਨ ਸਹਿਯੋਗ ਕਰਨ ਵਾਲੀਆਂ ਸਮੂਹ ਸੰਗਤਾਂ, ਧਾਰਮਿਕ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੇਵਾਦਾਰਾਂ ਅਤੇ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੂਰਨਤਾ ਸਮੇਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜ ਪਿਆਰੇ ਸਾਹਿਬਾਨ ਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸੇ?ਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਜਗਸੀਰ ਸਿੰਘ ਮਾਂਗੇਆਣਾ, ਅਕਾਲੀ ਆਗੂ ਸ. ਸੁਰਜੀਤ ਸਿੰਘ ਭਲਵਾਨ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਤੇਜਿੰਦਰ ਸਿੰਘ ਪੱਡਾ, ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਅਜ਼ਾਦ ਦੀਪ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਸਤਨਾਮ ਸਿੰਘ ਰਿਆੜ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਗੁਰੂ ਕੇ ਬਾਗ ਵਾਲੇ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਹਰਜਿੰਦਰ ਸਿੰਘ, ਬਾਬਾ ਭਗਤ ਸਿੰਘ, ਬਾਬਾ ਸਤਨਾਮ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਫੇਜ਼ 7 ਅਤੇ ਫੇਜ਼ 1 ਵਿਚਲੀ ਸਕੂਟਰ-ਮੋਟਰ ਮਾਰਕੀਟ ਤਬਦੀਲ ਕਰੇ ਪ੍ਰਸ਼ਾਸ਼ਨ : ਪਰਮਜੀਤ ਸਿੰਘ ਕਾਹਲੋਂ

- ਫੇਜ-7 ਅਤੇ ਫੇਜ਼-1, ਐਸ.ਏ.ਐਸ. ਨਗਰ (ਮੁਹਾਲੀ) ਨੂੰ ਸ਼ਿਫਟ

ਐਸ ਏ ਐਸ ਨਗਰ, 25 ਸਤੰਬਰ
(ਪੈ.ਗਾਮ-ਏ-ਜਗਤ)

ਫੇਜ਼ 7 (ਵਾਰਡ ਨੰਬਰ 10) ਦੇ ਕੌਂਸਲਰ ਸ੍. ਪਰਮਜੀਤ ਸਿੰਘ ਕਾਹਲੋਂ ਨੇ ਮੰਗ ਕੀਤੀ ਹੈ ਕਿ ਫੇਜ਼ 7 ਅਤੇ ਫੇਜ਼ 1 ਵਿਚਲੀ ਸਕੂਟਰ-ਮੋਟਰ ਮਾਰਕੀਟ ਨੂੰ ਤਬਦੀਲ ਕੀਤਾ ਜਾਵੇ। ਇਸ ਸੰਬੰਧੀ ਸ੍. ਕਾਹਲੋਂ ਦੀ ਅਗਵਾਈ ਹੇਠ ਵਸਨੀਕਾਂ ਦੇ ਇੱਕ ਵਫਦ ਵਲੋਂ ਗਮਾਡਾ ਦਫਤਰ ਵਿਖੇ ਸ਼ਹਿਰੀ ਵਿਕਾਸ ਵਿਭਾਗ ਦੇ ਸਕੱਤਰ ਨੂੰ ਮਿਲ ਕੇ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਵੀ ਦਿੱਤਾ ਗਿਆ ਹੈ।

ਪੱਤਰ ਵਿੱਚ ਕਿਹਾ ਗਿਆ ਹੈ ਕਿ ਫੇਜ਼-7 ਅਤੇ ਫੇਜ਼-1. ਵਿੱਚ ਸਥਿਤ ਸਕੂਟਰ/ ਮੋਟਰ ਮਾਰਕੀਟ ਦੇ ਦੁਕਾਨਦਾਰਾਂ ਅਤੇ ਮਕੈਨਿਕਾਂ ਨੂੰ ਸੈਕਟਰ-65, ਮੁਹਾਲੀ ਵਿਖੇ ਦੁਕਾਨਾਂ ਅਲਾਟ ਕਰਨ ਸੰਬੰਧੀ ਐਲ. ਓ. ਆਈ. ਜਾਰੀ ਕੀਤੇ ਨੂੰ ਇੱਕ ਸਾਲ ਤੋਂ ਵੱਧ ਸਮਾਂ ਹੋ ਚੁੱਕਾ ਹੈ, ਪਰੰਤੂ ਇਹਨਾਂ ਦੁਕਾਨਦਾਰਾਂ ਅਤੇ ਮਕੈਨਿਕਾਂ ਨੂੰ ਨਾ ਤਾਂ ਦੁਕਾਨਾਂ ਅਲਾਟ ਕੀਤੀਆਂ ਗਈਆਂ ਹਨ ਅਤੇ ਨਾ ਹੀ ਦੁਕਾਨਾਂ ਦਾ ਕਬਜਾ ਦਿੱਤਾ ਜਾ ਰਿਹਾ ਹੈ ਜਿਸ ਕਾਰਨ ਸਕੂਟਰ ਅਤੇ ਮੋਟਰ ਮਾਰਕੀਟ ਨੂੰ ਤਬਦੀਲ ਕਰਨ ਦਾ ਕੰਮ ਵਿਚਾਲੇ ਹੀ ਲਮਕ ਰਿਹਾ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਇਸ ਕਾਰਨ ਸਕੂਟਰ ਅਤੇ ਮੋਟਰ ਮਾਰਕੀਟ ਦੇ ਆਲੇ-ਦੁਆਲੇ ਟਰੈਫਿਕ ਦੀ ਬਹੁਤ ਸਮੱਸਿਆ ਆਉਂਦੀ ਹੈ, ਕਿਉਂਕਿ ਮਾਰਕੀਟ ਵਿੱਚ ਜਗਾਂ ਦੀ ਤੰਗੀ ਹੋਣ ਕਰਕੇ ਮਕੈਨਿਕ ਸੜਕਾਂ ਤੇ ਵਹੀਕਲ ਖੜ੍ਹੇ ਕਰਕੇ ਰਿਪੇਅਰ ਕਰਦੇ ਹਨ ਅਤੇ ਹੁਣ ਇਹ ਮਕੈਨਿਕ ਨੇੜਲੇ ਘਰਾਂ ਦੇ ਸਾਹ?ਹਣੇ ਸੜਕਾਂ ਉਪਰ ਆ ਕੇ ਰਿਪੇਅਰ ਕਰਨ ਲੱਗ ਗਏ ਹਨ, ਜਿਸ ਕਰਕੇ ਮੁਹੱਲਾ ਨਿਵਾਸੀਆਂ ਅਤੇ ਆਉਣ ਜਾਣ ਵਾਲੀ ਪਬਲਿਕ ਲਈ ਸਮੱਸਿਆ ਆਉਂਦੀ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਇਸ ਤੋਂ ਇਲਾਵਾ ਫੇਜ਼-7 ਵਿੱਚ 2-3 ਸਕੂਲ ਹਨ, ਜਿਸ ਕਰਕੇ ਸਵੇਰੇ ਅਤੇ ਦੁਪਹਿਰ ਸਕੂਲਾਂ ਦੀ ਛੁੱਟੀ ਵੇਲੇ ਜਾਮ ਭਿਅੰਕਰ ਰੂਪ ਧਾਰਨ ਕਰ ਲੈਂਦਾ ਹੈ ਅਤੇ ਕਈ ਵਾਰ ਪੁਲੀਸ ਨੂੰ ਵੀ ਬੁਲਾਣਾ ਪੈ ਜਾਂਦਾ ਹੈ।

ਪੱਤਰ ਵਿੱਚ ਮੁੱਖ ਮੰਤਰੀ ਤੋਂ ਮੰਗ ਕੀਤੀ ਗਈ ਹੈ ਕਿ ਇਸ ਸੰਬੰਧੀ ਸੰਬੰਧਿਤ ਅਧਿਕਾਰੀਆਂ ਮੁਹਾਲੀ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾਣ ਕਿ ਸਕੂਟਰ ਅਤੇ ਮੋਟਰ ਮਾਰਕੀਟ ਦੇ ਦੁਕਾਨਦਾਰਾਂ ਅਤੇ ਮਕੈਨਿਕਾਂ ਨੂੰ ਬੂਥਾਂ ਦੇ ਅਲਾਟਮੈਂਟ ਪੱਤਰ ਜਾਰੀ ਕੀਤੇ ਜਾਣ ਅਤੇ ਇਹਨਾਂ ਨੂੰ ਤੁਰੰਤ ਇਥੋਂ ਤਬਦੀਲ ਕੀਤਾ ਜਾਵੇ। ਵਫਦ ਵਿੱਚ ਹੋਰਨਾਂ ਤੋਂ ਇਲਾਵਾ ਸੇਵਾਮੁਕਤ ਐਕਸੀਅਨ ਨਿਰਮਲਜੀਤ ਸਿੰਘ, ਨਿਰਵੈਰ ਸਿੰਘ ਅਤੇ ਅੰਕੁਸ਼ ਗੁਪਤਾ ਵੀ ਹਾਜਿਰ ਸਨ।

ਸ੍. ਕਾਹਲੋਂ ਨੇ ਦੱਸਿਆ ਕਿ ਸ਼ਹਿਰੀ ਵਿਕਾਸ ਵਿਭਾਗ ਦੇ ਸਕੱਤਰ ਵਲੋਂ ਉਹਨਾਂ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਉਹ ਇਸ ਸੰਬੰਧੀ ਲੋੜੀਂਦੀ ਕਾਰਵਾਈ ਨੂੰ ਯਕੀਨੀ ਕਰਣਗੇ। ਉਹਨਾਂ ਦੱਸਿਆ ਕਿ ਪੱਤਰ ਦੀਆਂ ਕਾਪੀਆਂ ਹਲਕਾ ਵਿਧਾਇਕ ਸ. ਕੁਲਵੰਤ ਸਿੰਘ ਅਤੇ ਗਮਾਡਾ ਦੇ ਮੁੱਖ ਪ੍ਰਸ਼ਾਸ਼ਕ ਨੂੰ ਵੀ ਭੇਜੀਆਂ ਗਈਆਂ ਹਨ।